ਸ਼ੁੱਕਰਵਾਰ, 24 ਅਪ੍ਰੈਲ, 2026
11 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 74
ਅੰਕ/NO. : 323

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • FRIDAY, 24 APRIL, 2026
ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

## ਬੰਗਾਲ ਤੇ ਤਾਮਿਲਨਾਡੂ ’ਚ ਰਿਕਾਰਡ-ਤੋੜ ਵੋਟਿੰਗ

**ਨਵੀਂ ਦਿੱਲੀ** : ਅਸੈਂਬਲੀ ਚੋਣਾਂ ਲਈ ਪੱਛਮੀ ਬੰਗਾਲ ’ਚ ਪਹਿਲੇ ਪੜਾਅ ’ਚ ਵੀਰਵਾਰ ਸ਼ਾਮ ਪੰਜ ਵਜੇ ਤੱਕ 91.46 ਫੀਸਦੀ, ਜਦਕਿ ਤਾਮਿਲਨਾਡੂ ਵਿੱਚ 84.41 ਫੀਸਦੀ ਵੋਟਿੰਗ ਹੋ ਚੁੱਕੀ ਸੀ ਅਤੇ ਬੂਥਾਂ ਦੇ ਅੰਦਰ ਆ ਚੁੱਕੇ ਵੋਟਰਾਂ ਨੇ ਵੋਟਾਂ ਭੁਗਤਾਉਣੀਆਂ ਸਨ। ਦੋਵਾਂ ਸੂਬਿਆਂ ਵਿੱਚ ਵੋਟਰਾਂ ਨੇ ਵੱਡੀ ਗਿਣਤੀ ਵਿੱਚ ਆਪਣੇ ਘਰਾਂ ਤੋਂ ਬਾਹਰ ਨਿਕਲ ਕੇ ਲੋਕਤੰਤਰ ਦੇ ਤਿਉਹਾਰ ਵਿੱਚ ਹਿੱਸਾ ਲਿਆ। ਪੱਛਮੀ ਬੰਗਾਲ ਵਿੱਚ 2021 ਵਿੱਚ 83.17 ਫੀਸਦੀ ਤੇ 2016 ਵਿੱਚ 82.66 ਫੀਸਦੀ ਵੋਟਿੰਗ ਹੋਈ ਸੀ। ਤਾਮਿਨਲਾਡੂ ਵਿੱਚ 2021 ’ਚ 72.73 ਫੀਸਦੀ ਤੇ 2016 ਵਿੱਚ 74.24 ਫੀਸਦੀ ਵੋਟਿੰਗ ਹੋਈ ਸੀ।

ਤਾਮਿਨਲਾਡੂ ਅਸੈਂਬਲੀ ਦੀਆਂ ਸਾਰੀਆਂ 234 ਸੀਟਾਂ ਲਈ ਵੋਟਾਂ ਪਈਆਂ, ਜਦਕਿ 294 ਮੈਂਬਰੀ ਪੱਛਮੀ ਬੰਗਾਲ ਅਸੈਂਬਲੀ ਲਈ ਪਹਿਲੇ ਪੜਾਅ ’ਚ 152 ਹਲਕਿਆਂ ’ਚ ਵੋਟਿੰਗ ਹੋਈ। ਮੁੱਖ ਮੁਕਾਬਲਾ ਸੱਤਾਧਾਰੀ ਟੀ ਐੱਮ ਸੀ ਤੇ ਭਾਜਪਾ ਵਿਚਾਲੇ ਹੈ, ਜਦਕਿ ਖੱਬਾ ਮੁਹਾਜ਼ ਤੇ ਕਾਂਗਰਸ ਵੀ ਮੈਦਾਨ ਵਿੱਚ ਹਨ। ਤਾਮਿਲਨਾਡੂ ਵਿੱਚ ਸੱਤਾਧਾਰੀ ਡੀ ਐੱਮ ਕੇ ਦੀ ਅਗਵਾਈ ਵਾਲੇ ਗੱਠਜੋੜ ਅਤੇ ਮੁੱਖ ਵਿਰੋਧੀ ਧਿਰ ਏ ਆਈ ਏ ਡੀ ਐੱਮ ਕੇ ਦੀ ਅਗਵਾਈ ਵਾਲੇ ਗੱਠਜੋੜ, ਜਿਸ ਵਿੱਚ ਭਾਜਪਾ ਵੀ ਸ਼ਾਮਲ ਹੈ, ਵਿਚਾਲੇ ਸਿੱਧੀ ਟੱਕਰ ਮੰਨੀ ਜਾ ਰਹੀ ਹੈ, ਪਰ ਅਦਾਕਾਰ ਤੋਂ ਸਿਆਸਤਦਾਨ ਬਣੇ ਵਿਜੇ ਦੀ ਪਾਰਟੀ ‘ਟੀ ਵੀ ਕੇ’ ਅਤੇ ਸੀਮਨ ਦੀ ਐੱਨ ਟੀ ਕੇ ਨੇ ਮੁਕਾਬਲੇ ਨੂੰ ਚੌਤਰਫਾ ਬਣਾ ਦਿੱਤਾ ਹੈ।

### ਰਾਮ ਲਾਲ ਦੀ ਐਂਟਰੀ



**ਕੋਲਕਾਤਾ** : ਪੱਛਮੀ ਬੰਗਾਲ ਦੇ ਝਾਰਗ੍ਰਾਮ ਵਿੱਚ ਪਹਿਲੇ ਪੜਾਅ ਦੀਆਂ ਵੋਟਾਂ ਦੌਰਾਨ ਵੀਰਵਾਰ ਸਵੇਰੇ ਅਣਕਿਆਸੇ ਮਹਿਮਾਨ ‘ਰਾਮ ਲਾਲ’ ਨਾਂਅ ਦੇ ਹਾਥੀ ਨੇ ਜੰਗਲਮਹਿਲ ਖੇਤਰ ਦੇ ਇੱਕ ਬੂਥ ’ਤੇ ਵੋਟਿੰਗ ਤਿਆਰੀਆਂ ਵਿੱਚ ਥੋੜ੍ਹੀ ਦੇਰ ਲਈ ਵਿਘਨ ਪਾਇਆ। ਜੰਗਲੀ ਪੱਟੀ ਦੇ ਅੰਦਰ ਸਥਿਤ ਜਿਤੁਸ਼ੋਲ ਪ੍ਰਾਇਮਰੀ ਸਕੂਲ ਦੇ ਬੂਥ ਵਿੱਚ ਵੋਟਿੰਗ ਸ਼ੁਰੂ ਹੋਣ ਤੋਂ ਪਹਿਲਾਂ ਹੀ ਉਹ ਪਹੁੰਚ ਗਿਆ। ਉਸ ਨੇ ਤਾਕਤ ਦਿਖਾਉਣ ਦੇ ਆਦੀ ਸਿਆਸੀ ਆਗੂਆਂ ਨਾਲੋਂ ਵੱਖਰੀ ਕਿਸਮ ਦੀ ਤਾਕਤ ਦਾ ਪ੍ਰਦਰਸ਼ਨ ਕੀਤਾ। ਜੰਗਲਾਤ ਅਧਿਕਾਰੀਆਂ ਨੇ ਪਹੁੰਚ ਕੇ ਉਸ ਨੂੰ ਹੌਲੀ-ਹੌਲੀ ਇੱਕ ਸੁਰੱਖਿਅਤ ਦੂਰੀ ’ਤੇ ਧੱਕਿਆ, ਜਿਸ ਤੋਂ ਬਾਅਦ ਵੋਟਿੰਗ ਸ਼ੁਰੂ ਹੋਣ ਦਾ ਰਸਤਾ ਸਾਫ ਹੋ ਗਿਆ।

## ਪੰਜਾਬ ਸਰਕਾਰ ਵੱਲੋਂ ਸਕੂਲੀ ਕਿਤਾਬਾਂ ’ਤੇ 15 ਫੀਸਦੀ ਛੋਟ ਦੇਣ ਦਾ ਫੈਸਲਾ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਮਾਨਤਾ ਪ੍ਰਾਪਤ, ਨਿੱਜੀ ਅਤੇ ਸਹਾਇਤਾ ਪ੍ਰਾਪਤ ਸਕੂਲਾਂ ਦੇ ਕਰੀਬ 10 ਲੱਖ ਵਿਦਿਆਰਥੀਆਂ ਨੂੰ ਹੁਣ ਬੋਰਡ ਦੀਆਂ ਕਿਤਾਬਾਂ ਖਰੀਦਣ ’ਤੇ 15 ਫੀਸਦੀ ਦੀ ਛੋਟ ਦਿੱਤੀ ਜਾਵੇਗੀ। ਪੰਜਾਬ ਸਰਕਾਰ ਦਾ ਇਹ ਫੈਸਲਾ ਨਵੇਂ ਅਕਾਦਮਿਕ ਸੈਸ਼ਨ 2026-2027 ਤੋਂ ਲਾਗੂ ਹੋਣ ਜਾ ਰਿਹਾ ਹੈ।

ਪਹਿਲਾਂ ਵਿਦਿਆਰਥੀਆਂ ਨੂੰ ਦੁਕਾਨਾਂ ਤੋਂ ਕਿਤਾਬਾਂ ਖਰੀਦਣੀਆਂ ਪੈਂਦੀਆਂ ਸਨ। ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਦੱਸਿਆ ਕਿ ਹੁਣ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਜੁੜੇ ਨਿੱਜੀ ਸਕੂਲਾਂ ਦੇ ਪਹਿਲੀ ਤੋਂ ਬਾਰ੍ਹਵੀਂ ਜਮਾਤ ਦੇ ਹਰ ਬੱਚੇ ਨੂੰ ਬੋਰਡ ਸਿੱਧੇ ਤੌਰ ’ਤੇ ਕਿਤਾਬਾਂ ਭੇਜੇਗਾ। ਇਸ ਕਦਮ ਨਾਲ ਕਿਤਾਬਾਂ ਦੀਆਂ ਦੁਕਾਨਾਂ ਅਤੇ ਏਜੰਸੀਆਂ ਦਾ ਏਕਾਧਿਕਾਰ ਖਤਮ ਹੋ ਜਾਵੇਗਾ।

ਬੈਂਸ ਨੇ ਦੱਸਿਆ ਕਿ ਜੋ 15 ਫੀਸਦੀ ਛੋਟ ਪਹਿਲਾਂ ਕਿਤਾਬਾਂ ਵੇਚਣ ਵਾਲੇ ਦੁਕਾਨਦਾਰਾਂ ਨੂੰ ਮਿਲਦੀ ਸੀ, ਉਹ ਹੁਣ ਸਕੂਲਾਂ ਦੇ ਜ਼ਰੀਏ ਸਿੱਧੀ ਵਿਦਿਆਰਥੀਆਂ ਨੂੰ ਦਿੱਤੀ ਜਾਵੇਗੀ। ਉਨ੍ਹਾ ਕਿਹਾ ਕਿ ਸਕੂਲ ਇਹ ਸਖਤੀ ਨਾਲ ਯਕੀਨੀ ਬਣਾਉਣਗੇ ਕਿ ਕਿਤਾਬਾਂ ਦੇ ਬਿੱਲ ਉੱਤੇ ਦਿੱਤੀ ਛੋਟ ਵਾਲੀ ਕੀਮਤ ਤੋਂ ਇੱਕ ਰੁਪਿਆ ਵੀ ਵੱਧ ਨਾ ਵਸੂਲਿਆ ਜਾਵੇ। ਸਕੂਲਾਂ ਦਾ ਕੰਮ ਸਿਰਫ ਕਿਤਾਬਾਂ ਵੰਡਣ ਵਿੱਚ ਸਹਿਯੋਗ ਦੇਣਾ ਹੋਵੇਗਾ ਅਤੇ ਉਹ ਇਸ ਤੋਂ ਕੋਈ ਮੁਨਾਫਾ ਨਹੀਂ ਕਮਾਉਣਗੇ।

ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਨੇ ਦੱਸਿਆ ਕਿ ਇਸ ਨਵੇਂ ਸਿਸਟਮ ਲਈ ਬੋਰਡ ਨੇ ਇੱਕ ਖ਼ਾਸ ਈ-ਕਾਮਰਸ ਪੋਰਟਲ (ਵੈੱਬਸਾਈਟ) ਲਾਂਚ ਕੀਤਾ ਹੈ। ਹੁਣ ਵਿਦਿਆਰਥੀ ਮੋਬਾਇਲ ਐਪ ਜਾਂ ਪੋਰਟਲ ਦੀ ਮਦਦ ਨਾਲ ਸਿੱਧਾ ਕਿਤਾਬਾਂ ਲਈ ਆਰਡਰ ਦੇ ਸਕਦੇ ਹਨ। ਸਕੂਲ ਆਪਣੀ ਲੋੜ ਮੁਤਾਬਕ ਜਮਾਤਾਂ ਅਤੇ ਵਿਸ਼ਿਆਂ ਦੀ ਲਿਸਟ ਆਨਲਾਈਨ ਅਪਲੋਡ ਕਰਨਗੇ। ਹਰ ਵਿਦਿਆਰਥੀ ਨੂੰ ਆਪਣੀ ਵੱਖਰੀ ਲੌਗਇਨ ਆਈ ਡੀ ਦਿੱਤੀ ਜਾਵੇਗੀ, ਤਾਂ ਜੋ ਮਾਪੇ ਵੀ ਲੋੜ ਪੈਣ ’ਤੇ ਸਿੱਧਾ ਆਰਡਰ ਕਰ ਸਕਣ। ਪੋਰਟਲ ਨੂੰ ਸੁਰੱਖਿਅਤ ਆਨਲਾਈਨ ਪੇਮੈਂਟ ਸਿਸਟਮ ਨਾਲ ਜੋੜਿਆ ਗਿਆ ਹੈ। ਇਹ ਪ੍ਰਬੰਧ ਖਾਸ ਤੌਰ ’ਤੇ ਇਸ ਲਈ ਬਣਾਇਆ ਗਿਆ ਹੈ, ਤਾਂ ਜੋ ਕਿਸੇ ਤੋਂ ਵੀ ਤੈਅ ਕੀਮਤ ਤੋਂ ਵੱਧ ਪੈਸੇ ਵਸੂਲਣ ਦੀ ਕੋਈ ਗੁੰਜਾਇਸ਼ ਨਾ ਰਹੇ। ਮਿਲੇ ਹੋਏ ਆਰਡਰਾਂ ਮੁਤਾਬਕ ਬੋਰਡ ਦੇ ਖੇਤਰੀ ਦਫਤਰ ਕਿਤਾਬਾਂ ਦੇ ਬੰਡਲ ਤਿਆਰ ਕਰਨਗੇ, ਤਾਂ ਜੋ ਸਕੂਲ ਅਤੇ ਵਿਦਿਆਰਥੀ ਇਨ੍ਹਾਂ ਨੂੰ ਸਮੇਂ ਸਿਰ ਲੈ ਸਕਣ। ਸਕੂਲਾਂ ਨੂੰ ਲਿਖਤੀ ਰੂਪ ਵਿੱਚ ਹਲਫਨਾਮਾ ਦੇਣਾ ਪਵੇਗਾ ਕਿ ਉਹ ਤੈਅ ਕੀਤੀ ਛੋਟ ਵਾਲੀ ਕੀਮਤ ਤੋਂ ਇਲਾਵਾ ਕੋਈ ਵੀ ਵਾਧੂ ਪੈਸਾ ਨਹੀਂ ਲੈਣਗੇ।

## ਅਜੀਤ ਜੋਗੀ ਨੂੰ ਸੁਪਰੀਮ ਕੋਰਟ ਤੋਂ ਰਾਹਤ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਵੀਰਵਾਰ ਛੱਤੀਸਗੜ੍ਹ ਹਾਈ ਕੋਰਟ ਦੇ ਉਸ ਫੈਸਲੇ ’ਤੇ ਰੋਕ ਲਗਾ ਦਿੱਤੀ, ਜਿਸ ਵਿੱਚ ਸਾਬਕਾ ਮੁੱਖ ਮੰਤਰੀ ਅਜੀਤ ਜੋਗੀ ਦੇ ਪੁੱਤਰ ਅਮਿਤ ਜੋਗੀ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ। ਇਹ ਮਾਮਲਾ 2003 ਵਿੱਚ ਹੋਏ ਐੱਨ ਸੀ ਪੀ ਆਗੂ ਰਾਮਅਵਤਾਰ ਜੱਗੀ ਦੇ ਕਤਲ ਨਾਲ ਸੰਬੰਧਤ ਹੈ। ਹਾਈ ਕੋਰਟ ਨੇ ਹਾਲ ਹੀ ਵਿੱਚ ਅਮਿਤ ਜੋਗੀ ਨੂੰ ਦੋਸ਼ੀ ਕਰਾਰ ਦਿੰਦਿਆਂ ਜੇਲ੍ਹ ਅਧਿਕਾਰੀਆਂ ਅੱਗੇ ਆਤਮ-ਸਮਰਪਣ ਕਰਨ ਦੇ ਨਿਰਦੇਸ਼ ਦਿੱਤੇ ਸਨ, ਜਿਸ ਵਿਰੁੱਧ ਜੋਗੀ ਨੇ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਇਆ ਸੀ। ਜਸਟਿਸ ਵਿਕਰਮ ਨਾਥ, ਸੰਦੀਪ ਮਹਿਤਾ ਅਤੇ ਵਿਜੈ ਬਿਸ਼ਨੋਈ ਦੀ ਬੈਂਚ ਨੇ ਅਮਿਤ ਜੋਗੀ ਦੇ ਵਕੀਲਾਂ ਕਪਿਲ ਸਿੱਬਲ ਅਤੇ ਵਿਵੇਕ ਤਨਖਾ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਸਜ਼ਾ ’ਤੇ ਰੋਕ ਲਗਾਉਣ ਦਾ ਫੈਸਲਾ ਕੀਤਾ। ਅਦਾਲਤ ਨੇ ਇਸ ਮਾਮਲੇ ਵਿੱਚ ਸੀ ਬੀ ਆਈ ਨੂੰ ਨੋਟਿਸ ਜਾਰੀ ਕਰਕੇ ਜਵਾਬ ਵੀ ਮੰਗਿਆ ਹੈ। ਰਾਮਅਵਤਾਰ ਜੱਗੀ ਦਾ ਕਤਲ 4 ਜੂਨ 2003 ਨੂੰ ਹੋਇਆ ਸੀ, ਉਸ ਵੇਲੇ ਅਜੀਤ ਜੋਗੀ ਛੱਤੀਸਗੜ੍ਹ ਦੇ ਮੁੱਖ ਮੰਤਰੀ ਸਨ। ਸ਼ੁਰੂ ਵਿੱਚ ਇਸ ਮਾਮਲੇ ਦੀ ਜਾਂਚ ਸਥਾਨਕ ਪੁਲਸ ਵੱਲੋਂ ਕੀਤੀ ਗਈ ਸੀ, ਪਰ ਬਾਅਦ ਵਿੱਚ ਇਹ ਕੇਸ ਸੀ ਬੀ ਆਈ ਨੂੰ ਸੌਂਪ ਦਿੱਤਾ ਗਿਆ। ਸੀ ਬੀ ਆਈ ਨੇ ਅਮਿਤ ਜੋਗੀ ਸਮੇਤ ਕਈ ਜਣਿਆਂ ਵਿਰੁੱਧ ਚਾਰਜਸ਼ੀਟ ਦਾਇਰ ਕੀਤੀ ਸੀ। 2007 ਵਿੱਚ ਹੇਠਲੀ ਅਦਾਲਤ ਨੇ ਜੋਗੀ ਨੂੰ ਬਰੀ ਕਰ ਦਿੱਤਾ ਸੀ। ਹਾਈ ਕੋਰਟ ਨੇ ਪਿਛਲੇ ਮਹੀਨੇ ਦੁਬਾਰਾ ਸੁਣਵਾਈ ਕਰਕੇ ਜੋਗੀ ਨੂੰ ਸਜ਼ਾ ਸੁਣਾਈ ਸੀ।

## ਸਰਕਾਰ ਦੀ ਸਫਾਈ : ਤੇਲ ਕੀਮਤਾਂ ’ਚ ਵਾਧਾ ‘ਫਿਲਹਾਲ’ ਨਹੀਂ

**ਨਵੀਂ ਦਿੱਲੀ** : ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਆਏ ਭਾਰੀ ਉਛਾਲ ਦੇ ਬਾਵਜੂਦ ਕੇਂਦਰ ਸਰਕਾਰ ਨੇ ਸਾਫ ਕੀਤਾ ਹੈ ਕਿ ਦੇਸ਼ ਵਿੱਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਧਾਉਣ ਦੀ ਫਿਲਹਾਲ ਕੋਈ ਯੋਜਨਾ ਨਹੀਂ ਹੈ। ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਉਨ੍ਹਾਂ ਖਬਰਾਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ, ਜਿਨ੍ਹਾਂ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਵਿਧਾਨ ਸਭਾ ਚੋਣਾਂ ਤੋਂ ਬਾਅਦ ਤੇਲ ਦੀਆਂ ਕੀਮਤਾਂ ਵਿੱਚ 25 ਤੋਂ 28 ਰੁਪਏ ਪ੍ਰਤੀ ਲੀਟਰ ਦਾ ਵਾਧਾ ਹੋ ਸਕਦਾ ਹੈ। ਮੰਤਰਾਲੇ ਨੇ ਸਪੱਸ਼ਟ ਕੀਤਾ ਕਿ ਸਰਕਾਰ ਅਜਿਹੀ ਕਿਸੇ ਵੀ ਤਜਵੀਜ਼ ’ਤੇ ਵਿਚਾਰ ਨਹੀਂ ਕਰ ਰਹੀ। ਸਰਕਾਰੀ ਅਧਿਕਾਰੀਆਂ ਅਨੁਸਾਰ, ਜਨਤਕ ਖੇਤਰ ਦੀਆਂ ਤੇਲ ਕੰਪਨੀਆਂ ਨੂੰ ਮੌਜੂਦਾ ਸਮੇਂ ਪੈਟਰੋਲ ’ਤੇ ਲਗਪਗ 20 ਰੁਪਏ ਅਤੇ ਡੀਜ਼ਲ ’ਤੇ 100 ਰੁਪਏ ਪ੍ਰਤੀ ਲੀਟਰ ਦਾ ਘਾਟਾ ਸਹਿਣਾ ਪੈ ਰਿਹਾ ਹੈ। ਇਸ ਦੇ ਬਾਵਜੂਦ, ਪਿਛਲੇ ਕਰੀਬ ਚਾਰ ਸਾਲਾਂ ਤੋਂ ਦੇਸ਼ ਵਿੱਚ ਤੇਲ ਦੀਆਂ ਕੀਮਤਾਂ ਸਥਿਰ ਰੱਖੀਆਂ ਗਈਆਂ ਹਨ। ਪੈਟਰੋਲੀਅਮ ਮੰਤਰਾਲੇ ਦੀ ਜਾਇੰਟ ਸਕੱਤਰ ਸੁਜਾਤਾ ਸ਼ਰਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੱਛਮੀ ਏਸ਼ੀਆ ਦੇ ਹਾਲਾਤ ਕਾਰਨ ਕੌਮਾਂਤਰੀ ਬਾਜ਼ਾਰ ਵਿੱਚ ਕੱਚਾ ਤੇਲ ਕਾਫੀ ਅਸਥਿਰ ਰਿਹਾ ਹੈ। ਉਨ੍ਹਾ ਦੱਸਿਆ ਕਿ ਪਿਛਲੇ ਸਾਲ ਜੋ ਤੇਲ 70 ਡਾਲਰ ਪ੍ਰਤੀ ਬੈਰਲ ਸੀ, ਉਹ ਇਸ ਮਹੀਨੇ 113 ਡਾਲਰ ਦੇ ਅੰਕੜੇ ਨੂੰ ਪਾਰ ਕਰ ਗਿਆ ਹੈ। ਉਨ੍ਹਾ ਕਿਹਾ ਕਿ ਭਾਰੀ ਵਾਧੇ ਦੇ ਬਾਵਜੂਦ ਸਰਕਾਰ ਦੀ ਕੋਸ਼ਿਸ਼ ਆਮ ਲੋਕਾਂ ’ਤੇ ਬੋਝ ਨਾ ਪਾਉਣ ਦੀ ਰਹੀ ਹੈ। ਜ਼ਿਕਰਯੋਗ ਹੈ ਕਿ ਅਪਰੈਲ 2022 ਤੋਂ ਤੇਲ ਦੀਆਂ ਕੀਮਤਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ। ਮੰਤਰਾਲੇ ਨੇ ਕੋਟਕ ਇੰਸਟੀਚਿਊਸ਼ਨਲ ਇਕੁਇਟੀਜ਼ ਦੀ ਉਸ ਰਿਪੋਰਟ ਨੂੰ ‘ਗੁੰਮਰਾਹਕੁਨ’ ਅਤੇ ’ਡਰ ਪੈਦਾ ਕਰਨ ਵਾਲੀ’ ਦੱਸਿਆ, ਜਿਸ ਵਿੱਚ ਚੋਣਾਂ ਤੋਂ ਬਾਅਦ ਕੀਮਤਾਂ ਵਧਣ ਦਾ ਖਦਸ਼ਾ ਜ਼ਾਹਰ ਕੀਤਾ ਗਿਆ ਸੀ। ਸਰਕਾਰ ਨੇ ਦਾਅਵਾ ਕੀਤਾ ਕਿ ਭਾਰਤ ਦੁਨੀਆ ਦਾ ਇਕਲੌਤਾ ਅਜਿਹਾ ਦੇਸ਼ ਹੈ ਜਿੱਥੇ ਪਿਛਲੇ ਚਾਰ ਸਾਲਾਂ ਵਿੱਚ ਤੇਲ ਦੀਆਂ ਕੀਮਤਾਂ ਨਹੀਂ ਵਧੀਆਂ।

## ਮਹਿੰਗੀਆਂ ਕਿਤਾਬਾਂ ਦਾ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਲਿਆ ਨੋਟਿਸ

**ਨਵੀਂ ਦਿੱਲੀ** : ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਦੇਸ਼ ਭਰ ਦੇ ਸਕੂਲਾਂ ਵਿੱਚ ਮਹਿੰਗੀਆਂ ਪੁਸਤਕਾਂ ਲਾਉਣ ਦਾ ਨੋਟਿਸ ਲੈਂਦਿਆਂ ਪੁਸਤਕਾਂ ਦੀਆਂ ਸੂਚੀਆਂ ਦਾ 30 ਦਿਨਾਂ ਦੇ ਅੰਦਰ ਆਡਿਟ ਕਰਨ ਦਾ ਹੁਕਮ ਦਿੱਤਾ ਹੈ। ਕਮਿਸ਼ਨ ਨੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਤੋਂ ਇਸ ਸੰਬੰਧੀ ਰਿਪੋਰਟ ਮੰਗੀ ਹੈ। ਇਸ ਦੇ ਨਾਲ ਹੀ ਸਿੱਖਿਆ ਮੰਤਰਾਲੇ ਅਤੇ ਸੀ ਬੀ ਐੱਸ ਈ ਨੂੰ ਨੋਟਿਸ ਜਾਰੀ ਕਰਕੇ ਪੁੱਛਿਆ ਹੈ ਕਿ ਨਿੱਜੀ ਸਕੂਲਾਂ ਵੱਲੋਂ ਮਹਿੰਗੀਆਂ ਕਿਤਾਬਾਂ ਲਗਾਉਣ ਵਿਰੁੱਧ ਉਨ੍ਹਾਂ ਕੀ ਕਾਰਵਾਈ ਕੀਤੀ ਹੈ। ਕਮਿਸ਼ਨ ਨੇ ਇਸ ਦੌਰਾਨ ਕੇਂਦਰ ਨੂੰ 15 ਦਿਨਾਂ ਵਿੱਚ ਐੱਨ ਸੀ ਈ ਆਰ ਟੀ ਦੇ ਨਿਯਮਾਂ ਬਾਰੇ ਸਥਿਤੀ ਸਪੱਸ਼ਟ ਕਰਨ ਲਈ ਵੀ ਕਿਹਾ ਹੈ।

ਪੰਜਾਬ, ਚੰਡੀਗੜ੍ਹ ਤੋਂ ਇਲਾਵਾ ਹੋਰ ਸੂਬਿਆਂ ਦੇ ਵੱਡੀ ਗਿਣਤੀ ’ਚ ਵਿਦਿਆਰਥੀਆਂ ਦੇ ਮਾਪਿਆਂ ਨੇ ਕਮਿਸ਼ਨ ਨੂੰ ਸ਼ਿਕਾਇਤ ਕੀਤੀ ਸੀ ਕਿ ਕਈ ਪ੍ਰਾਈਵੇਟ ਸਕੂਲ ਐੱਨ ਸੀ ਈ ਆਰ ਟੀ ਦੀਆਂ ਸਸਤੀਆਂ ਕਿਤਾਬਾਂ ਦੀ ਥਾਂ ਨਿੱਜੀ ਪ੍ਰਕਾਸ਼ਕਾਂ ਦੀਆਂ ਮਹਿੰਗੀਆਂ ਕਿਤਾਬਾਂ ਲਗਾ ਰਹੇ ਹਨ। ਉਨ੍ਹਾਂ ਤਰਕ ਦਿੱਤਾ ਕਿ ਜਿੱਥੇ ਸਰਕਾਰੀ ਕਿਤਾਬਾਂ ਦੀ ਕੀਮਤ ਸੈਂਕੜਿਆਂ ਵਿੱਚ ਹੁੰਦੀ ਹੈ, ਉੱਥੇ ਪ੍ਰਾਈਵੇਟ ਕਿਤਾਬਾਂ ਦੇ ਸੈੱਟ ਹਜ਼ਾਰਾਂ ਰੁਪਏ ਵਿੱਚ ਵੇਚੇ ਜਾ ਰਹੇ ਹਨ। ਕਮਿਸ਼ਨ ਨੇ ਕਿਹਾ ਕਿ ਅਜਿਹੀ ਲੁੱਟ ਆਰਥਿਕ ਤੌਰ ’ਤੇ ਕਮਜ਼ੋਰ ਪਰਵਾਰਾਂ ’ਤੇ ਭਾਰੀ ਬੋਝ ਪਾਉਂਦੀ ਹੈ। ਸਿੱਖਿਆ ਵਿੱਚ ਅਜਿਹਾ ਵਪਾਰੀਕਰਨ ਬੱਚਿਆਂ ਦੇ ਬਰਾਬਰ ਸਿੱਖਿਆ ਦੇ ਅਧਿਕਾਰ ਨੂੰ ਨੁਕਸਾਨ ਪਹੁੰਚਾ ਰਿਹਾ ਹੈ। ਮਨੁੱਖੀ ਅਧਿਕਾਰ ਕਮਿਸ਼ਨ ਨੇ ਸੰਕੇਤ ਦਿੱਤਾ ਹੈ ਕਿ ਮਹਿੰਗੀਆਂ ਕਿਤਾਬਾਂ ਲਗਾਉਣਾ ‘ਸਿੱਖਿਆ ਦੇ ਅਧਿਕਾਰ’ ਐਕਟ ਦੀ ਧਾਰਾ 29 ਦੀ ਉਲੰਘਣਾ ਹੈ। ਇਹ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਉਦੇਸ਼ਾਂ ਦੇ ਵੀ ਵਿਰੁੱਧ ਹੈ। ਕਈ ਮਾਪਿਆਂ ਨੇ ਇਸ ਧੱਕੇਸ਼ਾਹੀ ਵਿਰੁੱਧ ਪੁਲਸ ਕੋਲ ਪਹੁੰਚ ਕਰਨ ਦੀ ਵੀ ਗੱਲ ਕਹੀ ਹੈ। ਕਮਿਸ਼ਨ ਨੇ ਸਾਫ ਕੀਤਾ ਹੈ ਕਿ ਸਿੱਖਿਆ ਸਸਤੀ ਅਤੇ ਸਭ ਦੀ ਪਹੁੰਚ ਵਿੱਚ ਹੋਣੀ ਚਾਹੀਦੀ ਹੈ। ਹੁਣ ਸਰਕਾਰਾਂ ਨੂੰ ਇੱਕ ਮਹੀਨੇ ਦੇ ਅੰਦਰ ਇਹ ਦੱਸਣਾ ਪਵੇਗਾ ਕਿ ਉਹ ਇਸ ਲੁੱਟ ਨੂੰ ਰੋਕਣ ਲਈ ਕੀ ਕਦਮ ਚੁੱਕ ਰਹੀਆਂ ਹਨ।

### ਲੀਜ਼ਾ ਗਿੱਲ ਭਲਕੇ ਚੀਫ ਜਸਟਿਸ ਦਾ ਅਹੁਦਾ ਸੰਭਾਲਣਗੇ



**ਹੈਦਰਾਬਾਦ** : ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਸੀਨੀਅਰ ਜੱਜ ਰਹੇ ਜਸਟਿਸ ਲੀਜ਼ਾ ਗਿੱਲ 25 ਅਪ੍ਰੈਲ ਨੂੰ ਆਂਧਰਾ ਪ੍ਰਦੇਸ਼ ਹਾਈ ਕੋਰਟ ਦੇ ਚੀਫ ਜਸਟਿਸ ਦਾ ਅਹੁਦਾ ਸੰਭਾਲਣਗੇ। ਚੰਡੀਗੜ੍ਹ ਵਿੱਚ ਪੜ੍ਹੇ ਲੀਜ਼ਾ ਗਿੱਲ, ਜਿਨ੍ਹਾ ਦੇ ਪਿਤਾ ਹਰਫੂਲ ਸਿੰਘ ਬਰਾੜ ਵੀ ਜੱਜ ਰਹਿ ਚੁੱਕੇ ਹਨ, ਮਾਰਚ 2014 ਵਿੱਚ ਹਾਈ ਕੋਰਟ ਦੇ ਜੱਜ ਬਣੇ ਸਨ।

### 8 ਸਕੂਲਾਂ ਨੂੰ ਧਮਕੀ

**ਲੁਧਿਆਣਾ** : ਇੱਥੋਂ ਦੇ ਸਪਰਿੰਗ ਡੇਲ ਸੀਨੀਅਰ ਸੈਕੰਡਰੀ ਸਕੂਲ ਸ਼ੇਰਪੁਰ ਤੇ ਡੀ ਏ ਵੀ ਸਕੂਲ ਬੀ ਆਰ ਐੱਸ ਨਗਰ ਤੋਂ ਇਲਾਵਾ ਦੋ ਹੋਰ ਸਕੂਲਾਂ ਨੂੰ ਵੀਰਵਾਰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਸਪਰਿੰਗ ਡੇਲ ਸਕੂਲ ਦੇ ਕਰੀਬ ਦੋ ਹਜ਼ਾਰ ਵਿਦਿਆਰਥੀਆਂ ਨੂੰ ਛੁੱਟੀ ਕਰ ਦਿੱਤੀ ਗਈ ਤੇ ਮਾਪਿਆਂ ਨੂੰ ਬੱਚਿਆਂ ਨੂੰ ਲਿਜਾਣ ਦਾ ਸੁਨੇਹਾ ਲਾ ਦਿੱਤਾ ਗਿਆ। ਬਠਿੰਡਾ ਦੇ ਵੀ ਚਾਰ ਨਿੱਜੀ ਸਕੂਲਾਂ ਨੂੰ ਧਮਕੀ ਭਰੇ ਈਮੇਲ ਪ੍ਰਾਪਤ ਹੋਏ। ਤਲਾਸ਼ੀ ਦੌਰਾਨ ਕੋਈ ਵੀ ਸ਼ੱਕੀ ਜਾਂ ਇਤਰਾਜ਼ਯੋਗ ਚੀਜ਼ ਨਹੀਂ ਮਿਲੀ।

### ‘ਲਾਰੈਂਸ ਆਫ ਪੰਜਾਬ’ ਨੂੰ ਰੋਕਣ ਲਈ ਕੇਂਦਰ ਨੂੰ ਪੱਤਰ

**ਚੰਡੀਗੜ੍ਹ** : ਪੰਜਾਬ ਪੁਲਸ ਨੇ ਕੇਂਦਰ ਸਰਕਾਰ ਨੂੰ ਪੱਤਰ ਲਿਖ ਕੇ ਵੈੱਬ ਸੀਰੀਜ਼ ‘ਲਾਰੈਂਸ ਆਫ ਪੰਜਾਬ’ ’ਤੇ ਪਾਬੰਦੀ ਲਗਾਏ ਜਾਣ ਦੀ ਮੰਗ ਕੀਤੀ ਹੈ। ਪੁਲਸ ਨੇ ਪੰਜਾਬ ਦੀ ਅਮਨ ਕਾਨੂੰਨ ਵਿਵਸਥਾ ਅਤੇ ਵਡੇਰੇ ਸਮਾਜਕ ਹਿੱਤਾਂ ਦੇ ਹਵਾਲੇ ਨਾਲ ਇਸ ਸੀਰੀਜ਼ ਦੀ ਪ੍ਰਚਾਰ ਸਮਗਰੀ ਨੂੰ ਓ ਟੀ ਟੀ ਪਲੇਟਫਾਰਮ ’ਤੇ ਬਲੌਕ ਕਰਨ ਲਈ ਲਿਖਿਆ ਹੈ। ਇਹ ਸੀਰੀਜ਼ ਜ਼ੀ ਫਾਈਵ ’ਤੇ 27 ਅਪਰੈਲ ਨੂੰ ਰਿਲੀਜ਼ ਹੋ ਰਹੀ ਹੈ।

### ਦਸਵੀਂ ਦੀ ਡੇਟਸ਼ੀਟ ਜਾਰੀ

**ਚੰਡੀਗੜ੍ਹ** : ਸੀ ਬੀ ਐੱਸ ਈ ਨੇ 2026 ਲਈ 10ਵੀਂ ਜਮਾਤ ਦੀ ਦੂਜੀ ਬੋਰਡ ਪ੍ਰੀਖਿਆ 15 ਮਈ ਤੋਂ 21 ਮਈ ਤੱਕ ਕਰਾਉਣ ਦਾ ਐਲਾਨ ਕੀਤਾ ਹੈ। ਵਿਦਿਆਰਥੀਆਂ ਨੂੰ ਪ੍ਰੀਖਿਆ ਸੰਬੰਧੀ ਕੋਈ ਵੀ ਜਾਣਕਾਰੀ ਸੀ ਬੀ ਐੱਸ ਈ ਦੀ ਅਧਿਕਾਰਤ ਵੈਬਸਾਈਟ ਤੋਂ ਹੀ ਹਾਸਲ ਕਰਨ ਲਈ ਕਿਹਾ ਗਿਆ ਹੈ।

### ਜਸਬੀਰ ਸਿੰਘ ਪੱਟੀ ਆਈ ਜੇ ਯੂ ਦੇ ਕੌਮੀ ਮੀਤ ਪ੍ਰਧਾਨ ਬਣੇ



**ਅੰਮ੍ਰਿਤਸਰ** : ਇੰਡੀਅਨ ਜਰਨਲਿਸਟਸ ਯੂਨੀਅਨ (ਆਈ ਜੇ ਯੂ) ਦੇ ਕੌਮੀ ਪ੍ਰਧਾਨ ਕੇ ਬੀ ਪੰਡਤ ਨੇ ਦੱਸਿਆ ਕਿ ਜਸਬੀਰ ਸਿੰਘ ਪੱਟੀ ਪ੍ਰਧਾਨ ਚੰਡੀਗੜ੍ਹ ਪੰਜਾਬ ਜਰਨਲਿਸਟਸ ਐਸੋਸੀਏਸ਼ਨ ਨੂੰ ਆਈ ਜੇ ਯੂ ਦਾ ਕੌਮੀ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਉਹਨਾ ਨੂੰ ਜੰਮੂ-ਕਸ਼ਮੀਰ, ਹਿਮਾਚਲ ਤੇ ਚੰਡੀਗੜ੍ਹ ਦਾ ਵੀ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਪੰਡਤ ਨੇ ਕਿਹਾ ਕਿ ਜਸਬੀਰ ਸਿੰਘ ਪੱਟੀ ਪਿਛਲੇ 33 ਸਾਲਾਂ ਤੋਂ ਪੱਤਰਕਾਰਾਂ ਦੀ ਸੇਵਾ ਕਰ ਰਹੇ ਹਨ। ਉਹਨਾ ਪੱਤਰਕਾਰਾਂ ਦੀਆਂ ਮੁਸ਼ਕਲਾਂ ਨੂੰ ਹਰ ਪੱਧਰ ’ਤੇ ਬੜੀ ਮੁਸ਼ਤੈਦੀ ਨਾਲ ਉਠਾਇਆ ਹੈ ਤੇ ਪੱਤਰਕਾਰਾਂ ਦੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰਦਿਆਂ ਕਈ ਵਾਰੀ ਪੁਲਸ ਦੀ ਕਰੂਰਤਾ ਦਾ ਵੀ ਸਾਹਮਣਾ ਕੀਤਾ ਹੈ।

## 20 ਕਰੋੜ ਦੀ ਕ੍ਰਿਪਟੋ ਕਰੰਸੀ ਠੱਗੀ ਦੀ ਜਾਂਚ ਸ਼ੁਰੂ

**ਲੁਧਿਆਣਾ** : ਪੰਜਾਬ ਪੁਲਸ ਦੇ ਸਾਈਬਰ ਕ੍ਰਾਈਮ ਡਵੀਜ਼ਨ ਨੇ ਲੁਧਿਆਣਾ ਦੇ ਇੱਕ ਉਦਯੋਗਪਤੀ ਨਾਲ ਹੋਈ ਕਰੀਬ 20 ਕਰੋੜ ਰੁਪਏ ਦੀ ਵੱਡੀ ਕ੍ਰਿਪਟੋ ਕਰੰਸੀ ਠੱਗੀ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਠੱਗਾਂ ਨੇ ਬਿਲਕੁਲ ਉਹੀ ਤਰੀਕਾ (ਮੋਡਸ ਓਪਰੇਂਡੀ) ਵਰਤਿਆ ਹੈ, ਜਿਸ ਰਾਹੀਂ ਪਿਛਲੇ ਸਾਲ ਦਸੰਬਰ ਵਿੱਚ ਸਾਬਕਾ ਆਈ ਜੀ ਅਮਰ ਸਿੰਘ ਚਾਹਲ ਤੋਂ 8.10 ਕਰੋੜ ਰੁਪਏ ਠੱਗੇ ਗਏ ਸਨ। ਇਸ ਠੱਗੀ ਵਿੱਚ ਇੱਕ ਵਪਾਰਕ ਪਲੇਟਫਾਰਮ ਦੀ ਨਕਲੀ ਵੈੱਬਸਾਈਟ ਅਤੇ ਇੱਕ ਫਰਜ਼ੀ ਡਿਜੀਟਲ ਡੈਸ਼ਬੋਰਡ ਤਿਆਰ ਕੀਤਾ ਗਿਆ ਸੀ, ਜੋ ਰੋਜ਼ਾਨਾ ਦੇ ਵਪਾਰ ਅਤੇ ਫਰਜ਼ੀ ਭਾਰੀ ਮੁਨਾਫਾ ਦਿਖਾਉਂਦਾ ਸੀ।

ਐੱਫ ਆਈ ਆਰ ਅਨੁਸਾਰ ਉਦਯੋਗਪਤੀ ਜਗਦੀਪ ਸਿੰਘਲ ਤੋਂ ਕੁੱਲ 19,84,30,000 ਰੁਪਏ ਠੱਗੇ ਗਏ। ਇਹ ਰਕਮ 15 ਮਈ 2025 ਤੋਂ 20 ਨਵੰਬਰ 2025 ਦੇ ਵਿਚਕਾਰ 15 ਵੱਖ-ਵੱਖ ਬੈਂਕਾਂ ਦੇ 76 ਫਰਜ਼ੀ ਖਾਤਿਆਂ ਵਿੱਚ ਜਮ੍ਹਾਂ ਕਰਵਾਈ ਗਈ ਸੀ। ਹੈਰਾਨੀ ਦੀ ਗੱਲ ਹੈ ਕਿ 17 ਤੋਂ 20 ਨਵੰਬਰ ਦੇ ਸਿਰਫ ਚਾਰ ਦਿਨਾਂ ਵਿੱਚ ਹੀ ਜਗਦੀਪ ਨੇ 5 ਕਰੋੜ ਰੁਪਏ ਤੋਂ ਵੱਧ ਦੀ ਰਕਮ ਇਨ੍ਹਾਂ ਖਾਤਿਆਂ ਵਿੱਚ ਪਾਈ। ਠੱਗਾਂ ਨੇ ਦਿੱਲੀ, ਮੁੰਬਈ, ਮਹਾਰਾਸ਼ਟਰ, ਗੁਜਰਾਤ, ਪੰਜਾਬ ਅਤੇ ਬੇਂਗਲੁਰੂ ਵਿੱਚ ਫੈਲੇ ‘ਮਿਊਲ’ ਖਾਤਿਆਂ ਦੇ ਨੈੱਟਵਰਕ ਦੀ ਵਰਤੋਂ ਕੀਤੀ। ਆਈ ਡੀ ਐੱਫ ਸੀ ਬੈਂਕ ਦੇ 19 ਖਾਤਿਆਂ ਵਿੱਚ 5.14 ਕਰੋੜ ਰੁਪਏ, ਆਈ ਸੀ ਆਈ ਸੀ ਆਈ ਬੈਂਕ ਦੇ 15 ਖਾਤਿਆਂ ਵਿੱਚ 5.23 ਕਰੋੜ ਰੁਪਏ, ਬੈਂਕ ਆਫ ਬੜੌਦਾ ਦੇ 13 ਖਾਤਿਆਂ ਵਿੱਚ 3.39 ਕਰੋੜ ਰੁਪਏ, ਐਕਸਿਸ ਬੈਂਕ ਦੇ 8 ਖਾਤਿਆਂ ਵਿੱਚ 1.88 ਕਰੋੜ ਰੁਪਏ ਪੁਆਏ ਗਏ। ਹੋਰ ਕਈ ਨਿੱਜੀ ਤੇ ਸਰਕਾਰੀ ਬੈਂਕਾਂ ਦੇ ਖਾਤਿਆਂ ਵਿੱਚ ਵੀ ਪੈਸੇ ਪੁਆਏ ਗਏ। ਜਗਦੀਪ ਨੇ ਦੱਸਿਆ ਕਿ ਉਸ ਨੂੰ ਫੇਸਬੁੱਕ ਰਾਹੀਂ ਲਾਲਚ ਦਿੱਤਾ ਗਿਆ ਅਤੇ ਬਾਅਦ ਵਿੱਚ ‘ਅਨਾਮਿਕਾ ਰਾਏ’ ਨਾਂਅ ਦੀ ਔਰਤ ਨੇ ਵਟਸਐਪ ਰਾਹੀਂ ਸੰਪਰਕ ਕੀਤਾ। ਉਸ ਨੇ ਕ੍ਰਿਪਟੋ ਐਕਸਚੇਂਜ ਦੀ ਪ੍ਰਤੀਨਿਧੀ ਬਣ ਕੇ ਪਹਿਲਾਂ ਭਰੋਸਾ ਜਿੱਤਿਆ ਅਤੇ ਫਿਰ ਨਿਵੇਸ਼ ਦੇ ਮੌਕਿਆਂ ਬਾਰੇ ਦੱਸਿਆ। ਜਦੋਂ ਜਗਦੀਪ ਨੇ ਨਿਵੇਸ਼ ਸ਼ੁਰੂ ਕੀਤਾ ਤਾਂ ਨਕਲੀ ਵੈੱਬਸਾਈਟ ’ਤੇ ਉਸ ਦਾ ਮੁਨਾਫਾ 43 ਲੱਖ ਡਾਲਰ ਤੋਂ ਵੱਧ ਦਿਖਾਇਆ ਜਾਣ ਲੱਗਾ, ਜਿਸ ਕਾਰਨ ਉਸ ਨੇ ਹੋਰ ਪੈਸੇ ਜਮ੍ਹਾਂ ਕਰਵਾ ਦਿੱਤੇ। ਅੰਤ ਵਿੱਚ ਠੱਗਾਂ ਨੇ ਟੈਕਸ ਅਤੇ ‘ਗ੍ਰੀਨ ਚੈਨਲ’ ਫੀਸ ਦੇ ਨਾਂਅ ’ਤੇ ਹੋਰ ਕਰੋੜਾਂ ਰੁਪਏ ਦੀ ਮੰਗ ਕੀਤੀ। ਪੁਲਸ ਨੇ ਇਸ ਨੂੰ ਸੂਬੇ ਦੇ ਹੁਣ ਤੱਕ ਦੇ ਸਭ ਤੋਂ ਵੱਡੇ ਸਾਈਬਰ ਸਕੈਮਾਂ ਵਿੱਚੋਂ ਇੱਕ ਦੱਸਿਆ ਹੈ।

### ਨੀਲ ਗਰਗ ਦਾ ਜਾਖੜ ’ਤੇ ਪਲਟਵਾਰ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਨੀਲ ਗਰਗ ਨੇ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਵੱਲੋਂ ਬਿਜਲੀ ਦੇ ਕੱਟ ਨੂੰ ਲੈ ਕੇ ਦਿੱਤੇ ਗਏ ਬਿਆਨ ’ਤੇ ਤਿੱਖਾ ਪਲਟਵਾਰ ਕੀਤਾ ਹੈ। ਨੀਲ ਗਰਗ ਨੇ ਕਿਹਾ ਕਿ ਇਹ ਬੇਹੱਦ ਹਾਸੋਹੀਣਾ ਹੈ ਕਿ ਜਿਨ੍ਹਾਂ ਲੋਕਾਂ ਨੇ ਆਪਣੇ ਸ਼ਾਸਨਕਾਲ ਦੌਰਾਨ ਪੰਜਾਬ ਨੂੰ ਦਹਾਕਿਆਂ ਤੱਕ ਬਿਜਲੀ ਸੰਕਟ ਅਤੇ ਹਨੇਰੇ ਵਿੱਚ ਧੱਕਿਆ, ਅੱਜ ਉਹ ਸਿਸਟਮ ਦੀ ਮਜ਼ਬੂਤੀ ਲਈ ਲਗਾਏ ਜਾ ਰਹੇ ਮਹਿਜ਼ 2 ਘੰਟੇ ਦੇ ਮੁਰੰਮਤ ਕੱਟ ’ਤੇ ਮਗਰਮੱਛ ਦੇ ਹੰਝੂ ਵਹਾ ਕੇ ਰਾਜਨੀਤੀ ਕਰ ਰਹੇ ਹਨ।

ਗਰਗ ਨੇ ਕਿਹਾ ਕਿ ਜਾਖੜ ਸਾਹਿਬ ਨੂੰ ਸ਼ਾਇਦ ਯਾਦ ਨਹੀਂ ਕਿ ਉਨ੍ਹਾ ਅਤੇ ਉਨ੍ਹਾ ਦੇ ਪੁਰਾਣੇ ਸਾਥੀਆਂ ਦੇ ਰਾਜ ਵਿੱਚ ਬਿਜਲੀ ਦੇ ਲੰਬੇ-ਲੰਬੇ ਕੱਟ ਆਮ ਗੱਲ ਸੀ, ਪਰ ਅੱਜ ਜਦੋਂ ਮਾਨ ਸਰਕਾਰ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਕੰਮ ਕਰ ਰਹੀ ਹੈ, ਤਾਂ ਉਨ੍ਹਾ ਨੂੰ ਦਰਦ ਹੋ ਰਿਹਾ ਹੈ। ਉਹਨਾ ਕਿਹਾ ਕਿ ਅੱਜ ਜੋ ਕੱਟ ਲਗਾਏ ਜਾ ਰਹੇ ਹਨ, ਉਹ ਬਿਜਲੀ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੇ ਭਵਿੱਖ ਵਿੱਚ ਵੱਡੇ ਤਕਨੀਕੀ ਨੁਕਸਾਨ ਤੋਂ ਬਚਣ ਲਈ ਹਨ।

## ਲਾਕਰ ’ਚੋਂ ਗਹਿਣੇ ਗਾਇਬ ਹੋਣ ’ਤੇ ਬੈਂਕ ਨੂੰ ਇੱਕ ਕਰੋੜ ਦਾ ਜੁਰਮਾਨਾ

**ਚੰਡੀਗੜ੍ਹ** : ਜ਼ਿਲ੍ਹਾ ਖਪਤਕਾਰ ਵਿਵਾਦ ਨਿਵਾਰਣ ਕਮਿਸ਼ਨ ਚੰਡੀਗੜ੍ਹ ਨੇ ਪੰਜਾਬ ਨੈਸ਼ਨਲ ਬੈਂਕ ਨੂੰ ਸੇਵਾਵਾਂ ਵਿੱਚ ਵੱਡੀ ਕੋਤਾਹੀ ਦਾ ਦੋਸ਼ੀ ਪਾਉਂਦਿਆਂ ਇੱਥੋਂ ਦੀ ਮਹਿਲਾ ਨੂੰ ਇੱਕ ਕਰੋੜ ਰੁਪਏ ਦਾ ਮੁਆਵਜ਼ਾ ਦੇਣ ਦਾ ਇਤਿਹਾਸਕ ਫੈਸਲਾ ਸੁਣਾਇਆ ਹੈ। ਕਮਿਸ਼ਨ ਨੇ ਬੈਂਕ ਨੂੰ ਲਾਕਰ ਵਿੱਚੋਂ ਗਾਇਬ ਹੋਏ ਗਹਿਣਿਆਂ ਦੀ ਕੀਮਤ ਵਜੋਂ ਇਹ ਰਾਸ਼ੀ ਅਦਾ ਕਰਨ ਦੇ ਨਾਲ-ਨਾਲ ਸ਼ਿਕਾਇਤਕਰਤਾ ਨੂੰ ਹੋਈ ਮਾਨਸਿਕ ਪ੍ਰੇਸ਼ਾਨੀ ਅਤੇ ਕਾਨੂੰਨੀ ਖਰਚੇ ਵਜੋਂ ਇੱਕ ਲੱਖ ਰੁਪਏ ਵਾਧੂ ਦੇਣ ਦੇ ਨਿਰਦੇਸ਼ ਵੀ ਦਿੱਤੇ ਹਨ।

ਸੈਕਟਰ 9-ਬੀ ਦੀ ਸ਼ਿਕਾਇਤਕਰਤਾ ਬੇਲਾ ਪ੍ਰਸਾਦ ਨੇ ਦੱਸਿਆ ਕਿ ਉਸ ਦਾ ਸੈਕਟਰ 17 ਸਥਿਤ ਪੀ ਐੱਨ ਬੀ ਦੀ ਬ੍ਰਾਂਚ ਵਿੱਚ ਆਪਣੀ ਮਾਤਾ ਨਾਲ ਸਾਂਝਾ ਖਾਤਾ ਅਤੇ ਦੋ ਲਾਕਰ (ਨੰਬਰ 37 ਅਤੇ 38) ਸਨ। ਬ੍ਰਾਂਚ ਦੇ ਸੈਕਟਰ-9 ਵਿੱਚ ਵਿਲੀਨ ਹੋਣ ਤੋਂ ਬਾਅਦ ਉਸ ਨੇ ਆਪਣੀ ਮਾਤਾ ਦੀ ਮੌਤ ਪਿੱਛੋਂ ਲਾਕਰ ਨੰਬਰ 38 ਸਰੈਂਡਰ ਕਰ ਦਿੱਤਾ ਸੀ ਅਤੇ ਸਾਰਾ ਕੀਮਤੀ ਸਾਮਾਨ ਲਾਕਰ ਨੰਬਰ 37 ਵਿੱਚ ਤਬਦੀਲ ਕਰ ਦਿੱਤਾ ਸੀ। ਸਾਲ 2020 ਵਿੱਚ ਜਦੋਂ ਉਹ ਲਾਕਰ ਚਲਾਉਣ ਬੈਂਕ ਗਈ ਤਾਂ ਇਹ ਦੇਖ ਕੇ ਹੈਰਾਨ ਰਹਿ ਗਈ ਕਿ ਬੈਂਕ ਅਧਿਕਾਰੀਆਂ ਨੇ ਉਸ ਦਾ ਲਾਕਰ ਤੋੜ ਕੇ ਕਿਸੇ ਹੋਰ ਨੂੰ ਅਲਾਟ ਕਰ ਦਿੱਤਾ ਸੀ।

ਬੈਂਕ ਨੇ ਦਲੀਲ ਦਿੱਤੀ ਕਿ ਰਿਕਾਰਡ ਮੁਤਾਬਕ ਇਹ

• ਬਾਕੀ ਸਫਾ 2 ’ਤੇ

### ਬੋਲੈਰੋ ਖੱਡ ’ਚ, 8 ਮੌਤਾਂ



**ਦੇਹਰਾਦੂਨ** : ਉੱਤਰਾਖੰਡ ਦੇ ਟੀਹਰੀ ਜ਼ਿਲ੍ਹੇ ਅਧੀਨ ਪੈਂਦੇ ਚੰਬਾ ਖੇਤਰ ਵਿੱਚ ਚੰਬਾ-ਕੋਟੀ ਮਾਰਗ ’ਤੇ ਵੀਰਵਾਰ ਬੋਲੈਰੋ ਕੈਂਪਰ ਡੂੰਘੀ ਖੱਡ ’ਚ ਡਿੱਗਣ ਕਾਰਨ 8 ਵਿਅਕਤੀਆਂ ਦੀ ਮੌਤ ਹੋ ਗਈ। ਦੋ ਵਿਅਕਤੀਆਂ ਨੂੰ ਬਚਾ ਲਿਆ ਗਿਆ। ਬੋਲੈਰੋ ਰਿਸ਼ੀਕੇਸ਼ ਤੋਂ ਘੰਸਾਲੀ ਵੱਲ ਜਾ ਰਹੀ ਸੀ। ਇਹ ਲੋਕ ਹਰਿਦੁਆਰ ਵਿੱਚ ਇੱਕ ਅੰਤਮ ਸੰਸਕਾਰ ਵਿੱਚ ਸ਼ਾਮਲ ਹੋ ਕੇ ਵਾਪਸ ਪਰਤ ਰਹੇ ਸਨ, ਜਿਸ ਵਿਅਕਤੀ ਦਾ ਅੰਤਮ ਸੰਸਕਾਰ ਕਰਕੇ ਇਹ ਲੋਕ ਮੁੜ ਰਹੇ ਸਨ, ਉਸ ਦਾ ਪੁੱਤਰ ਵੀ ਮ੍ਰਿਤਕਾਂ ਵਿੱਚ ਸ਼ਾਮਲ ਹੈ।

## ਕੇਦਾਰਨਾਥ ਮੰਦਰ ’ਚ ਬੇਨਿਯਮੀਆਂ ਉਜਾਗਰ ਕਰਨ ’ਤੇ ਐੱਫ ਆਈ ਆਰ ਦਰਜ

**ਦੇਹਰਾਦੂਨ** : ਸੋਸ਼ਲ ਮੀਡੀਆ ’ਤੇ ਕੇਦਾਰਨਾਥ ਮੰਦਰ ਵਿੱਚ ਦਰਸ਼ਨਾਂ ਦੇ ਪ੍ਰਬੰਧਾਂ ’ਚ ਬੇਨਿਯਮੀਆਂ ਦਾ ਦਾਅਵਾ ਕਰਨ ਵਾਲੀ ਇੱਕ ਵੀਡੀਓ ਸਾਹਮਣੇ ਆਉਣ ਤੋਂ ਬਾਅਦ ਉੱਤਰਾਖੰਡ ਪੁਲਸ ਨੇ ਵੀਰਵਾਰ ਨੂੰ ਐੱਫ ਆਈ ਆਰ ਦਰਜ ਕੀਤੀ ਹੈ। ਅਧਿਕਾਰੀਆਂ ਮੁਤਾਬਕ, ਰੁਦਰਪ੍ਰਯਾਗ ਜ਼ਿਲ੍ਹੇ ਵਿੱਚ ਰੁਟੀਨ ਸੋਸ਼ਲ ਮੀਡੀਆ ਦੀ ਨਿਗਰਾਨੀ ਦੌਰਾਨ ਇਸ ਵੀਡੀਓ ਦਾ ਪਤਾ ਲੱਗਿਆ ਸੀ। ਵੀਡੀਓ ਵਿੱਚ ਚਾਰ ਧਾਮ ਯਾਤਰਾ ਬਾਰੇ ਇਹ ਗਲਤ ਅਫਵਾਹ ਫੈਲਾਈ ਜਾ ਰਹੀ ਸੀ ਕਿ ਕੇਦਾਰਨਾਥ ਮੰਦਰ ਵਿੱਚ ਸ਼ਰਧਾਲੂਆਂ ਨੂੰ ਦਰਸ਼ਨ ਨਹੀਂ ਕਰਨ ਦਿੱਤੇ ਜਾ ਰਹੇ। ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਸੋਨਪ੍ਰਯਾਗ ਥਾਣੇ ਵਿੱਚ ਦੋਸ਼ੀ ਵਿਅਕਤੀ ਖਿਲਾਫ ਐੱਫ ਆਈ ਆਰ ਦਰਜ ਕਰਕੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਮਾਮਲੇ ਦੀ ਜਾਂਚ ਚੱਲ ਰਹੀ ਹੈ। ਇਸ ਦੇ ਨਾਲ ਹੀ 4 ਤੋਂ 5 ਹੋਰ ਸ਼ੱਕੀ ਵੀਡੀਓਜ਼ ਵੀ ਸਾਹਮਣੇ ਆਈਆਂ ਹਨ, ਜਿਨ੍ਹਾਂ ਦੀ ਜਾਂਚ ਕੀਤੀ ਜਾ ਰਹੀ ਹੈ।

ਸੂਬਾ ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਚਾਰ ਧਾਮ ਯਾਤਰਾ ਨਾਲ ਸਬੰਧਤ ਸਾਰੇ ਪ੍ਰਬੰਧ ਸੁਚਾਰੂ ਢੰਗ ਨਾਲ ਚੱਲ ਰਹੇ ਹਨ ਅਤੇ ਸ਼ਰਧਾਲੂ ਬੜੇ ਆਰਾਮ ਨਾਲ ਦਰਸ਼ਨ ਕਰ ਰਹੇ ਹਨ। ਸਰਕਾਰ ਨੇ ਚਿਤਾਵਨੀ ਦਿੱਤੀ ਹੈ ਕਿ ਕਿਸੇ ਵੀ ਤਰ੍ਹਾਂ ਦੀ ਗਲਤ ਜਾਣਕਾਰੀ, ਅਫਵਾਹ ਜਾਂ ਗਲਤ ਪ੍ਰਚਾਰ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸੋਸ਼ਲ ਮੀਡੀਆ ’ਤੇ ਚੌਵੀ ਘੰਟੇ ਨਜ਼ਰ ਰੱਖੀ ਜਾ ਰਹੀ ਹੈ ਅਤੇ

• ਬਾਕੀ ਸਫਾ 2 ’ਤੇ

### ਅੱਜ-ਨਾਮਾ

ਬੋਲਿਆ ਗਲਤ ਆ ਬੜਾ ਟਰੰਪ ਮੁੜ ਕੇ,
ਭਾਰਤੀ ਲੋਕਾਂ ਨੂੰ ਰਿਹਾ ਫਿਰ ਭੰਡ ਬੇਲੀ।
ਮਸਲਾ ਛੇੜ ਲਿਆ ਫੇਰ ਪਰਵਾਸ ਵਾਲਾ,
ਉਹਦੀ ਨੀਤੀ ਬੱਸ ਸਿਰਫ ਪਾਖੰਡ ਬੇਲੀ।
ਪਹਿਲਾਂ ਟੈਰਿਫ ਦਾ ਰਿਹਾ ਸੀ ਮਾਰ ਦਾਬਾ,
ਹਰ ਇੱਕ ਬਾਤ ਦੇ ਵਿੱਚ ਉਸ਼ਟੰਡ ਬੇਲੀ।
ਕਰਨਾ ਚਾਹੁੰਦਾ ਈਰਾਨ ਤੋਂ ਨਜ਼ਰ ਲਾਂਭੇ,
ਜਿੱਧਰ ਹੋਈ ਆ ਸੁਣੀ ਗਈ ਝੰਡ ਬੇਲੀ।
ਅਮਰੀਕੀ ਲੋਕਾਂ ਨੂੰ ਰਿਹਾ ਉਹ ਦੇ ਝਾਂਸਾ,
ਜਿਹੜੇ ਕੁੜੱਤਣ ਦੇ ਨਾਲ ਆ ਭਰੇ ਬੇਲੀ।
ਆਪਣੇ ਆਗੂ ਦੀ ਅਕਲ ’ਤੇ ਹੱਸਦੇ ਉਹ,
ਨਕਲਚੀ ਵਾਂਗ ਜਿਹੜਾ ਸਾਂਗ ਕਰੇ ਬੇਲੀ।

-ਤੀਸ ਮਾਰ ਖਾਂ

## ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ 24 ਮਈ ਨੂੰ ਸੰਗਰੂਰ ’ਚ ਸੂਬਾ ਪੱਧਰੀ ਰੋਸ ਧਰਨਾ



**ਲੁਧਿਆਣਾ** : ਬਿਜਲੀ ਮੁਲਾਜ਼ਮਾਂ ਦੀਆਂ ਪ੍ਰਮੁੱਖ ਜਥੇਬੰਦੀਆਂ ਦੇ ਸਾਂਝੇ ਥੜ੍ਹੇ ’ਚ ਸ਼ਾਮਲ ਪੀ ਐੱਸ ਈ ਬੀ ਇੰਪਲਾਇਜ਼ ਜਾਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ. 24), ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ਼ ਯੂਨੀਅਨ (ਏਟਕ), ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ (ਪਹਿਲਵਾਨ) ਨੇ ਵੀਰਵਾਰ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਮੀਟਿੰਗ ਕਰਕੇ 24 ਮਈ ਨੂੰ ਮੁੱਖ ਮੰਤਰੀ ਪੰਜਾਬ ਦੀ ਸੰਗਰੂਰ ਰਿਹਾਇਸ਼ ਅੱਗੇ ਲਾ ਮਿਸਾਲ ਸੂਬਾ ਪੱਧਰੀ ਧਰਨਾ ਲਗਾ ਕੇ ਸ਼ਹਿਰ ਵਿੱਚ ਰੋਸ ਮੁਜ਼ਾਹਰਾ ਕਰਨ ਦਾ ਐਲਾਨ ਕੀਤਾ। ਮੁਲਾਜ਼ਮ ਅਤੇ ਪੈਨਸ਼ਨਰ ਆਗੂਆਂ ਕੁਲਵਿੰਦਰ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਗੰਡੀਵਿੰਡ, ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਗੁਰਭੇਜ ਸਿੰਘ ਢਿੱਲੋਂ, ਬਲਜੀਤ ਸਿੰਘ ਮੋਦਲਾ, ਦੇਵਿੰਦਰ ਸਿੰਘ ਪਸ਼ੌਰ, ਰਵੇਲ ਸਿੰਘ ਸਹਾਏਪੁਰ, ਇੰਜ. ਰਣਜੀਤ ਸਿੰਘ ਢਿੱਲੋਂ, ਜਸਵੀਰ ਸਿੰਘ ਆਂਡਲੂ, ਕੌਰ ਸਿੰਘ ਸੋਹੀ, ਪਵਨਪ੍ਰੀਤ ਸਿੰਘ, ਦਲੀਪ ਕੁਮਾਰ, ਰਾਧੇ ਸ਼ਿਆਮ, ਬਾਬਾ ਅਮਰਜੀਤ ਸਿੰਘ, ਗੁਰਪਿਆਰ ਸਿੰਘ ਆਦਿ ਨੇ ਦੱਸਿਆ ਕਿ ਬਿਜਲੀ ਮੁਲਾਜ਼ਮ ਅਤੇ ਪੈਨਸ਼ਨਰ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਦੇ ਰਾਹ ’ਤੇ ਹਨ।ਆਗੂਆਂ ਨੇ ਕਿਹਾ ਕਿ 16 ਅਪ੍ਰੈਲ ਨੂੰ ਜੱਥੇਬੰਦੀਆਂ ਅਤੇ ਬਿਜਲੀ ਮੰਤਰੀ ਵਿਚਾਲੇ ਹੋਈ ਮੀਟਿੰਗ ਦੌਰਾਨ ਬਿਜਲੀ ਮੰਤਰੀ ਵੱਲੋਂ ਮੁਲਾਜ਼ਮਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ/ਮਸਲਿਆਂ ਦੇ ਹੱਲ ਕਰਨ ਦੀ ਬਜਾਏ ਆਕੜ ਭਰਿਆ ਵਤੀਰਾ ਅਪਣਾਇਆ, ਜਿਸ ਕਾਰਨ ਮੀਟਿੰਗ ਬੇਸਿੱਟਾ ਰਹੀ। ਪੰਜਾਬ ਸਰਕਾਰ ਅਤੇ ਮੈਨੇਜਮੈਂਟ ਦੇ ਇਸ ਮੁਲਾਜ਼ਮ ਵਿਰੋਧੀ ਵਤੀਰੇ ਦੇ ਮੱਦੇਨਜ਼ਰ ਜੱਥੇਬੰਦੀਆਂ ਨੇ ਕਿਹਾ ਕਿ ਵਰਕ-ਟੂ-ਰੂਲ ਦਾ ਸੰਘਰਸ਼ 24 ਮਈ ਤੱਕ ਇਸੇ ਤਰ੍ਹਾਂ ਜਾਰੀ ਰਹੇਗਾ। 24 ਮਈ ਨੂੰ ਮੁੱਖ ਮੰਤਰੀ ਪੰਜਾਬ ਦੀ ਸੰਗਰੂਰ ਸਥਿਤ ਰਿਹਾਇਸ਼ ਅੱਗੇ ਇੱਕ ਲਾ-ਮਿਸਾਲ ਸੂਬਾ ਪੱਧਰੀ ਰੋਸ ਧਰਨਾ ਲਗਾ ਕੇ ਸ਼ਹਿਰ ਵਿੱਚ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, 17 ਅਤੇ 18 ਜੂਨ ਨੂੰ ਬਿਜਲੀ ਕਰਮਚਾਰੀਆਂ ਵੱਲੋਂ ਦੋ ਰੋਜ਼ਾ ਮੁਕੰਮਲ ਹੜਤਾਲ ਕੀਤੀ ਜਾਵੇਗੀ ਅਤੇ ਪੈਨਸ਼ਨਰਾਂ ਵੱਲੋਂ ਜੇਲ੍ਹ ਭਰੋ ਅੰਦੋਲਨ ਕੀਤਾ ਜਾਵੇਗਾ। ਆਗੂਆਂ ਵੱਲੋਂ ਇਹ ਵੀ ਕਿਹਾ ਗਿਆ ਕਿ ਪੰਜਾਬ ਦਾ ਬਿਜਲੀ ਅਦਾਰਾ ਇੱਕ ਮਹੱਤਵਪੂਰਨ ਅਦਾਰਾ ਹੈ, ਜਿਸ ਵਿੱਚ ਹਜ਼ਾਰਾਂ ਅਸਾਮੀਆਂ ਖ਼ਾਲੀ ਹੋਣ ਦੇ ਬਾਵਜੂਦ ਪੰਜਾਬ ਦੇ ਲੋਕਾਂ ਨੂੰ ਨਿਰਵਿਘਨ ਸਪਲਾਈ ਮੁਹੱਈਆ ਕਰਵਾਈ ਜਾ ਰਹੀ ਹੈ, ਪਰੰਤੂ ਬਿਜਲੀ ਮੰਤਰੀ ਅਤੇ ਪਾਵਰ ਮੈਨੇਜਮੈਂਟ ਹੋਈਆਂ ਸਹਿਮਤੀਆਂ ਲਾਗੂ ਕਰਨ ਦੀ ਥਾਂ ਟਕਰਾਅ ਦੀ ਨੀਤੀ ਅਪਣਾ ਰਹੇ ਹਨ, ਜਿਸ ਨਾਲ ਇਸ ਸੰਵੇਦਨਸ਼ੀਲ ਅਦਾਰੇ ਦਾ ਸਨਅਤੀ ਮਾਹੌਲ ਖਰਾਬ ਹੋ ਰਿਹਾ ਹੈ। ਰੈਗੂਲਰ ਅਤੇ ਕੱਚੇ ਕਾਮੇ ਸੰਘਰਸ਼ ਦੇ ਰਾਹ ’ਤੇ ਹਨ, ਜਿਸ ਦਾ ਸਿੱਧਾ ਅਸਰ ਆਮ ਲੋਕਾਂ ’ਤੇ ਪੈਣਾ ਹੈ। ਇਸ ਲਈ ਆਗੂਆਂ ਮੰਗ ਕੀਤੀ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਦਾ

• ਬਾਕੀ ਸਫਾ 2 ’ਤੇ

## ਗੈਂਗਸਟਰਾਂ ਤੇ ਨਸ਼ਿਆਂ ਖਿਲਾਫ ਮੁਹਿੰਮਾਂ ਸਫਲਤਾ ਨਾਲ ਜਾਰੀ : ਬਲਤੇਜ ਪੰਨੂ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੀਆਂ ਦੋ ਪ੍ਰਮੁੱਖ ਮੁਹਿੰਮਾਂ, ‘ਯੁੱਧ ਨਸ਼ਿਆਂ ਵਿਰੁੱਧ’ ਅਤੇ ‘ਗੈਂਗਸਟਰਾਂ ਤੇ ਵਾਰ’ ਪੰਜਾਬ ਪੁਲਸ ਵੱਲੋਂ ਲੋਕਾਂ ਦੇ ਭਰਵੇਂ ਸਹਿਯੋਗ ਨਾਲ ਸਫਲਤਾਪੂਰਵਕ ਚਲਾਈਆਂ ਜਾ ਰਹੀਆਂ ਹਨ। ਉਨ੍ਹਾ ਕਿਹਾ ਕਿ ਇਹ ਮੁਹਿੰਮਾਂ ਪੰਜਾਬ ਵਿੱਚੋਂ ਨਸ਼ਿਆਂ ਅਤੇ ਸੰਗਠਿਤ ਅਪਰਾਧਾਂ ਨੂੰ ਜੜ੍ਹੋਂ ਖਤਮ ਕਰਨ ਲਈ ਪ੍ਰਸ਼ਾਸਨ ਦੇ ਪੱਕੇ ਇਰਾਦੇ ਨੂੰ ਦਰਸਾਉਂਦੀਆਂ ਹਨ।ਗੈਂਗਸਟਰ ਵਿਰੋਧੀ ਮੁਹਿੰਮ ਦੀ ਪ੍ਰਗਤੀ ਬਾਰੇ ਚਾਨਣਾ ਪਾਉਂਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਗੈਂਗਸਟਰਾਂ ’ਤੇ ਵਾਰ’ ਮੁਹਿੰਮ ਨੇ 92 ਦਿਨ ਪੂਰੇ ਕਰ ਲਏ ਹਨ ਅਤੇ ਇਕੱਲੇ 92ਵੇਂ ਦਿਨ ਹੀ ਪੰਜਾਬ ਪੁਲਸ ਨੇ 254 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ 4 ਨਾਜਾਇਜ਼ ਹਥਿਆਰ ਬਰਾਮਦ ਕੀਤੇ ਹਨ।ਉਨ੍ਹਾ ਦੱਸਿਆ ਕਿ ਇਸ ਮੁਹਿੰਮ ਤਹਿਤ ਗ੍ਰਿਫਤਾਰੀਆਂ ਦੀ ਕੁੱਲ ਗਿਣਤੀ ਹੁਣ 23,140 ਤੱਕ ਪਹੁੰਚ ਗਈ ਹੈ, ਜਦਕਿ ਪੁੱਛਗਿੱਛ ਲਈ ਹਿਰਾਸਤ ਵਿੱਚ ਲਏ ਗਏ 79 ਵਿਅਕਤੀਆਂ ਵਿੱਚੋਂ 61 ਨੂੰ ਪੂਰੀ ਜਾਂਚ ਤੋਂ ਬਾਅਦ ਰਿਹਾਅ ਕਰ ਦਿੱਤਾ ਗਿਆ ਹੈ। ਮੁਹਿੰਮ ਵਿੱਚ ਜਨਤਕ ਭਾਗੀਦਾਰੀ ’ਤੇ ਜ਼ੋਰ ਦਿੰਦਿਆਂ ਪੰਨੂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਲੋੜੀਂਦੇ ਗੈਂਗਸਟਰਾਂ ਬਾਰੇ ਜਾਣਕਾਰੀ ਮੰਗਣ ਲਈ ਜਨਤਕ ਅਪੀਲ ਕੀਤੀ ਸੀ ਅਤੇ ਨਾਗਰਿਕਾਂ ਨੇ ਇਸ ਦਾ ਭਰਵਾਂ ਹੁੰਗਾਰਾ ਦਿੱਤਾ ਹੈ। ਉਨ੍ਹਾ ਦੱਸਿਆ ਕਿ ਇੱਕ ਸਮਰਪਤ ਹੈਲਪਲਾਈਨ ਨੰਬਰ 93946-93946 ਸਥਾਪਤ ਕੀਤਾ ਗਿਆ ਹੈ, ਜਿੱਥੇ

• ਬਾਕੀ ਸਫਾ 2 ’ਤੇ

## ਪੋਨਾ 'ਚ ਸਰਪੰਚ ਰਾਜੂ ਪੋਨਾ ਨੇ ਸੀਵਰੇਜ ਦਾ ਕੰਮ ਸ਼ੁਰੂ ਕਰਾਇਆ



**ਜਗਰਾਉਂ (ਸੰਜੀਵ ਅਰੋੜਾ)**-ਪਿੰਡ ਪੋਨਾ ਵਿਖੇ ਸਰਪੰਚ ਹਰਪ੍ਰੀਤ ਸਿੰਘ ਰਾਜੂ ਪੋਨਾ ਸਮੂਹ ਨਗਰ ਪੰਚਾਇਤ ਦੇ ਸਹਿਯੋਗ ਨਾਲ ਨੰਬਰਦਾਰ ਬਲਵਿੰਦਰ ਸਿੰਘ ਦੇ ਘਰ ਤੋਂ ਲੈ ਕੇ ਸਾਬਕਾ ਪੰਚ ਕੁਲਦੀਪ ਸਿੰਘ ਦੇ ਘਰ ਤੱਕ ਲਗਭਗ 1700 ਫੁੱਟ ਸੀਵਰੇਜ ਪਾਉਣ ਦਾ ਕੰਮ ਰਾਜੂ ਪੋਨਾ ਵੱਲੋਂ ਕਰਾਇਆ ਗਿਆ। ਇਸ ਮੌਕੇ ਸਰਪੰਚ ਹਰਪ੍ਰੀਤ ਸਿੰਘ ਰਾਜੂ, ਪੰਚ ਗਗਨ ਪੋਨਾ, ਪੰਚ ਲੱਕੀ ਪੰਡਤ, ਪੰਚ ਗੁਰਪ੍ਰੀਤ ਸਿੰਘ, ਪੰਚ ਬਹਾਦਰਵੀਰ ਸਿੰਘ ਤੇ ਪੰਚ ਜਗਮੇਲ ਸਿੰਘ ਨੇ ਦੱਸਿਆ ਕੇ ਇਹ ਨਵਾਂ ਸੀਵਰੇਜ ਪਾਉਣ ਅੱਧੇ ਪਿੰਡ ਦੇ ਪਾਣੀ ਦੀ ਸਮੱਸਿਆ ਠੀਕ ਹੋ ਜਾਵੇਗੀ ਅਤੇ ਆਉਂਦੇ ਦਿਨਾਂ ਵਿੱਚ ਪੁਰਾਣੇ ਸੀਵਰੇਜਾਂ ਦੇ 100 ਢੱਕਣ ਬਦਲੇ ਜਾਣਗੇ। ਇਸ ਮੌਕੇ ਨੰਬਰਦਾਰ ਬਲਵਿੰਦਰ ਸਿੰਘ, ਤੇਜਿੰਦਰ ਸਿੰਘ ਬਰਾੜ, ਬਲਵੀਰ ਸਿੰਘ ਸਾਬਕਾ ਪੰਚ, ਚਮਕੌਰ ਸਿੰਘ, ਬਸੰਤ ਸਿੰਘ, ਰੂਪ ਸਿੰਘ ਫ਼ੌਜੀ, ਪੰਚ ਸਤਨਾਮ ਸਿੰਘ ਤੇ ਸ਼ਿਵ ਪੋਨਾ ਆਦਿ ਹਾਜ਼ਰ ਸਨ।

## ਈਸਾਈ ਭਾਈਚਾਰੇ ਦੇ ਮਸਲਿਆਂ 'ਤੇ ਚਰਚਾ ਲਈ ਮੀਟਿੰਗ



**ਫ਼ਰੀਦਕੋਟ (ਅਲੈਗਜ਼ੈਂਡਰ ਡਿਸੂਜ਼ਾ)**-ਪੰਜਾਬ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ਼੍ਰੀ ਜਤਿੰਦਰ ਮਸੀਹ ਗੌਰਵ ਦੇ ਦਫ਼ਤਰ ਵਿੱਚ ਮੀਟਿੰਗ ਹੋਈ, ਜਿਸਦਾ ਉਦੇਸ਼ ਈਸਾਈ ਭਾਈਚਾਰੇ ਦੇ ਹਿੱਤਾਂ ਦੀ ਰੱਖਿਆ ਕਰਨਾ ਤੇ ਭਾਈਚਾਰੇ ਦੇ ਅੰਦਰ ਭਾਈਚਾਰਕ ਸਾਂਝ ਨੂੰ ਮਜ਼ਬੂਤ ??ਕਰਨਾ ਹੈ।ਸੀਐਨਆਈ ਚਰਚ, ਸੈਕਟਰ 18 ਦੇ ਇੱਕ ਸੀਨੀਅਰ ਮੈਂਬਰ ਵਿਸ਼ੇਸ਼ ਮਹਿਮਾਨ ਸਨ।ਮੀਟਿੰਗ ਦੌਰਾਨ ਈਸਾਈ ਭਾਈਚਾਰੇ ਨੂੰ ਮੌਜੂਦਾ ਸਮੇਂ ਵਿੱਚ ਦਰਪੇਸ਼ ਚੁਣੌਤੀਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਸਮਾਜ ਵਿਰੋਧੀ ਤਾਕਤਾਂ ਬਾਰੇ ਖਾਸ ਚਿੰਤਾ ਪ੍ਰਗਟ ਕੀਤੀ ਗਈ, ਜੋ ਭਾਈਚਾਰੇ ਦੀ ਸ਼ਾਂਤੀ ਤੇ ਸਦਭਾਵਨਾ ਨੂੰ ਭੰਗ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ।ਭਾਈਚਾਰੇ ਨੂੰ ਵੰਡਣ ਵਾਲੀਆਂ ਤਾਕਤਾਂ ਵਿਰੁੱਧ ਇੱਕ ਸੰਯੁਕਤ ਮੋਰਚਾ ਬਣਾਉਣ ਲਈ ਇੱਕ ਰਣਨੀਤੀ 'ਤੇ ਵਿਚਾਰ ਕੀਤਾ ਗਿਆ।ਪੰਜਾਬ ਵਿੱਚ ਈਸਾਈ ਭਾਈਚਾਰੇ ਦੀ ਏਕਤਾ ਅਤੇ ਅਖੰਡਤਾ ਨੂੰ ਹਰ ਕੀਮਤ 'ਤੇ ਬਣਾਈ ਰੱਖਣ ਲਈ ਸਮੂਹਿਕ ਯਤਨ ਕੀਤੇ ਗਏ।ਮੀਟਿੰਗ ਦੌਰਾਨ ਸੀਐਨਆਈ ਚਰਚ ਸੈਕਟਰ 18 ਦੇ ਸਭ ਤੋਂ ਸੀਨੀਅਰ ਚਰਚ ਮੈਂਬਰ, ਇਸਹਾਕ ਨਾਇਰ ਨੇ ਚੇਅਰਮੈਨ ਜਤਿੰਦਰ ਮਸੀਹ ਗੌਰਵ ਦੀਆਂ ਭਾਈਚਾਰੇ ਪ੍ਰਤੀ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਕਿਹਾ ਕਿ ਚੇਅਰਮੈਨ ਦੀ ਅਗਵਾਈ ਹੇਠ, ਘੱਟ ਗਿਣਤੀ ਭਾਈਚਾਰਾ ਸੁਰੱਖਿਅਤ ਤੇ ਸ਼ਸ਼ਕਤ ਮਹਿਸੂਸ ਕਰਦਾ ਹੈ।

## ਸਰਕਾਰੀ ਮਿਡਲ ਸਕੂਲ 'ਚ ਆਧੁਨਿਕ ਕਲਾਸ ਰੂਮ ਦਾ ਉਦਘਾਟਨ



**ਮਾਨਸਾ (ਆਤਮਾ ਸਿੰਘ ਪਮਾਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਸਿੱਖਿਆ ਕ੍ਰਾਂਤੀ ਤਹਿਤ ਵਿਧਾਇਕ ਹਲਕਾ ਮਾਨਸਾ ਡਾ. ਵਿਜੈ ਸਿੰਗਲਾ ਦੇ ਯਤਨਾਂ ਸਦਕਾ ਸਰਕਾਰੀ ਮਿਡਲ ਸਕੂਲ, ਮਾਨਬੀਬੜੀਆਂ ਵਿਖੇ 07 ਲੱਖ 51 ਹਜ਼ਾਰ ਰੁਪਏ ਦੀ ਲਾਗਤ ਨਾਲ ਬਣਾਏ ਆਧੁਨਿਕ ਕਲਾਸ ਰੂਮ ਦਾ ਉਦਘਾਟਨ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਗੁਰਪ੍ਰੀਤ ਸਿੰਘ ਭੁੱਚਰ ਵੱਲੋਂ ਕੀਤਾ ਗਿਆ।ਗੁਰਪ੍ਰੀਤ ਸਿੰਘ ਭੁੱਚਰ ਨੇ ਕਿਹਾ ਕਿ ਤਕਨੀਕ ਨਾਲ ਲੈੱਸ ਕਲਾਸ ਰੂਮ ਵਿਦਿਆਰਥੀਆਂ ਲਈ ਸਿਰਫ਼ ਪੜ੍ਹਾਈ ਦਾ ਸਥਾਨ ਨਹੀਂ, ਬਲਕਿ ਨਵੀਆਂ ਸੋਚਾਂ, ਨਵੇਂ ਸੁਪਨਿਆਂ ਤੇ ਨਵੀਆਂ ਸੰਭਾਵਨਾਵਾਂ ਦਾ ਕੇਂਦਰ ਬਣੇਗਾ।ਡਿਜ਼ੀਟਲ ਸਹੂਲਤਾਂ, ਬੈਠਣ ਦੇ ਸੁਚੱਜੇ ਪ੍ਰਬੰਧ ਤੇ ਪ੍ਰੇਰਨਾਦਾਇਕ ਮਾਹੌਲ ਨਾਲ ਪਿੰਡ ਪੱਧਰ ਦੇ ਸਰਕਾਰੀ ਸਕੂਲਾਂ ਵਿੱਚ ਵੀ ਬੱਚਿਆਂ ਨੂੰ ਉਹ ਮੌਕੇ ਮਿਲ ਰਹੇ ਹਨ, ਜੋ ਸਿਰਫ਼ ਵੱਡੇ ਸ਼ਹਿਰਾਂ ਦੇ ਵੱਡੇ ਸਕੂਲਾਂ ਵਿੱਚ ਹੀ ਦਿਖਾਈ ਦਿੰਦੇ ਸਨ।ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਡਾ. ਪਰਮਜੀਤ ਸਿੰਘ ਭੋਗਲ ਨੇ ਕਿਹਾ ਕਿ ਸਿੱਖਿਆ ਕ੍ਰਾਂਤੀ ਵਿਦਿਆਰਥੀਆਂ ਨੂੰ ਆਤਮਵਿਸ਼ਵਾਸੀ, ਕਾਬਲ ਤੇ ਭਵਿੱਖ ਲਈ ਤਿਆਰ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।

## ਕਾਂਗਰਸ ਵੱਲੋਂ ਪਿੰਡਾਂ 'ਚ ਮੀਟਿੰਗਾਂ ਦੀ ਸ਼ੁਰੂਆਤ




**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪਿੰਡਾਂ ਵਿੱਚ ਕਾਂਗਰਸ ਪਾਰਟੀ ਵੱਲੋਂ ਮੀਟਿੰਗਾਂ ਦਾ ਦੌਰ ਸ਼ੁਰੂ ਕਰ ਦਿੱਤਾ ਗਿਆ ਹੈ।ਇਸ ਲੜੀ ਤਹਿਤ ਪਿੰਡ ਲੁਹਾਰਾ ਵਿਖੇ ਜ਼ਿਲ੍ਹਾ ਸਕੱਤਰ ਵਰਿੰਦਰਪਾਲ ਸਿੰਘ ਬਿਲਾਸਪੁਰ ਦੀ ਅਗਵਾਈ ਹੇਠ ਮੀਟਿੰਗ ਕਰਵਾਈ ਗਈ।ਇਹ ਮੀਟਿੰਗ ਅਰਸ਼ਦੀਪ ਸਿੰਘ, ਅਕਾਸ਼ਦੀਪ ਸਿੰਘ ਵਿੱਕੀ ਅਤੇ ਜਤਿੰਦਰ ਸਿੰਘ ਲੁਹਾਰਾ ਦੇ ਗ੍ਰਹਿ ਵਿਖੇ ਹੋਈ।ਮੀਟਿੰਗ ਦੌਰਾਨ ਵਰਿੰਦਰਪਾਲ ਸਿੰਘ ਬਿਲਾਸਪੁਰ ਨੇ ਐਸ.ਸੀ. ਵਿੰਗ ਦੇ ਸਰਗਰਮ ਆਗੂ ਪ੍ਰਮਿੰਦਰ ਸਿੰਘ ਡਿੰਪਲ ਨਾਲ ਮਿਲ ਕੇ ਪਿੰਡ ਦੇ ਵਰਕਰਾਂ ਨਾਲ ਵਿਚਾਰ-ਵਟਾਂਦਰਾ ਕੀਤਾ।ਪ੍ਰਮਿੰਦਰ ਸਿੰਘ ਡਿੰਪਲ ਨੇ ਮੌਜੂਦਾ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਸਰਕਾਰ ਦੀਆਂ ਨਾਕਾਮੀਆਂ ਕਾਰਨ ਲੋਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਦੀ ਸਰਕਾਰ ਬਣਨ ਉਪਰੰਤ ਕਿਸੇ ਵੀ ਵਰਗ ਨੂੰ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਔਰਤਾਂ ਨਾਲ ਕੀਤੇ ਗਏ ਹਜ਼ਾਰ ਅਤੇ ਪੰਦਰਾਂ ਸੌ ਰੁਪਏ ਦੇ ਵਾਅਦੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਬੀਬੀਆਂ ਨੂੰ ਪਿਛਲੇ ਸਾਲਾਂ ਦਾ ਬਕਾਇਆ ਵੀ ਅਦਾ ਕਰੇ, ਕਿਉਂਕਿ ਇਹ ਵਾਅਦਾ ਚੋਣਾਂ ਤੋਂ ਪਹਿਲਾਂ ਕੀਤਾ ਗਿਆ ਸੀ।ਉਨ੍ਹਾਂ ਦੋਸ਼ ਲਗਾਇਆ ਕਿ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਵੀ ਮਹਿਲਾਵਾਂ ਨੂੰ ਉਨ੍ਹਾਂ ਦੇ ਹੱਕ ਨਹੀਂ ਮਿਲੇ ਅਤੇ ਉਹਨਾਂ ਨੂੰ ਖੱਜਲ-ਖੁਆਰ ਕੀਤਾ ਜਾ ਰਿਹਾ ਹੈ।

## ਵਿਸ਼ਵ ਧਰਤੀ ਦਿਵਸ ਮੌਕੇ ਕੱਢੀ ਜਾਗਰੂਕਤਾ ਰੈਲੀ



**ਜਗਰਾਉਂ (ਸੰਜੀਵ ਅਰੋੜਾ)**-ਗਰੀਨ ਪੰਜਾਬ ਮਿਸ਼ਨ ਟੀਮ ਇੰਟਰਨੈਸ਼ਨਲ ਚੈਰੀਟੇਬਲ ਟਰੱਸਟ ਰਜਿ: ਵੱਲੋਂ ਵਿਸ਼ਵ ਧਰਤੀ ਦਿਵਸ 'ਤੇ ਸਨਮਤੀ ਵਿਮਲ ਜੈਨ, ਸਵਾਮੀ ਰੂਪ ਚੰਦ ਜੈਨ, ਸ਼੍ਰੀ ਮਤੀ ਤਾਰਾ ਦੇਵੀ ਜਿੰਦਲ, ਲਾਜਪਤ ਰਾਏ ਕੰਨਿਆ ਵਿਦਿਆਲਿਆ, ਰੂਪ ਵਾਟਿਕਾ ਸਕੂਲ, ਸਰਵਹਿਤਕਾਰੀ ਵਿਦਿਆ ਮੰਦਰ ਸਕੂਲਾਂ ਦੇ ਵਿਦਿਆਰਥੀਆਂ ਨਾਲ ਮਿਲ ਕੇ ਜਾਗਰੂਕਤਾ ਰੈਲੀ ਕੱਢੀ। ਵੱਖ-ਵੱਖ ਸ਼ਖ਼ਸੀਅਤ ਨੇ ਵਿਸ਼ਵ ਧਰਤੀ ਦਿਵਸ ਦੀ ਮਹੱਤਤਾ ਬਾਰੇ ਸੰਖੇਪ ਰੂਪ ਵਿੱਚ ਚਾਨਣਾ ਪਾਇਆ। ਵਿਦਿਆਰਥੀਆਂ ਨੂੰ ਹਾਰ ਸ਼ਿੰਗਾਰ ਅਤੇ ਲੈਮਨ ਗਰਾਸ ਦੇ ਬੂਟੇ ਵੀ ਵੰਡੇ ਗਏ। ਰੈਲੀ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੀ ਦਿੱਤੇ ਗਏ। ਕਰਨ ਸਿੰਗਲਾ ਬਲੱਡ ਬੈਂਕ ਵੱਲੋਂ ਬੱਚਿਆਂ ਨੂੰ ਦੁੱਧ ਅਤੇ ਕੇਲੇ ਦਾ ਲੰਗਰ, ਲੋਕ ਸੇਵਾ ਸੁਸਾਇਟੀ ਵੱਲੋਂ ਬਿਸਕੁਟ ਦਾ ਲੰਗਰ, ਕਰ ਭਲਾ ਹੋ ਭਲਾ ਸੰਸਥਾ ਵੱਲੋਂ ਬਰਿਆਨੀ ਦਾ ਲੰਗਰ ਬੱਚਿਆ ਲਈ ਲਾਇਆ ਗਿਆ। ਇਸ ਮੌਕੇ ਹਰਿੰਦਰਜੀਤ ਸਿੰਘ ਭੁੱਲਰ ਵੱਲੋਂ ਆਪਣੇ ਪੋਤਰੇ ਗੁਰਅਜੀਜ ਸਿੰਘ ਦੇ ਜਨਮ ਦਿਨ ਦੀ ਖੁਸ਼ੀ ਵਿੱਚ 100 ਬੂਟੇ ਤੇ ਅਕਾਸ਼ ਸਿੰਘ ਜਗਰਾਉਂ ਵੱਲੋਂ 100 ਬੂਟੇ ਵਿਦਿਆਰਥੀਆਂ ਨੂੰ ਵੰਡੇ। ਬੁਲਾਰਿਆਂ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਅਤੇ ਆਮ ਜਨਤਾ ਨੂੰ ਪਲਾਸਟਿਕ ਦੀ ਖਪਤ ਘਟਾਉਣ ਲਈ ਕਿਹਾ ਗਿਆ ਤੇ ਹਰੇਕ ਖੁਸ਼ੀ ਦੇ ਮੌਕੇ ਰੁੱਖ ਲਗਾਉਣ ਲਈ ਵੀ ਅਪੀਲ ਕੀਤੀ ਗਈ। ਗਰੀਨ ਪੰਜਾਬ ਮਿਸ਼ਨ ਟੀਮ ਵੱਲੋਂ ਸਤਪਾਲ ਸਿੰਘ ਦੇਹੜਕਾ, ਲਖਵਿੰਦਰ ਧੰਜਲ ਅਤੇ ਕੰਚਨ ਗੁਪਤਾ ਵੱਲੋਂ ਸਾਰੇ ਸਕੂਲਾਂ, ਸਾਰੇ ਦਾਨੀ ਸੱਜਣਾ, ਸਾਰੀਆਂ ਸੰਸਥਾਵਾਂ ਤੇ ਰੋਡ ਸ਼ੋਅ ਵਿੱਚ ਸ਼ਾਮਲ ਹੋਣ ਵਾਲੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਗਿਆ।

## ਸਰਕਾਰੀ ਹਾਈ ਸਕੂਲ 'ਚ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਨੂੰ ਸਮਰਪਤ ਸਮਾਗਮ



**ਲੁਧਿਆਣਾ (ਰੈਕਟਰ ਕਥੂਰੀਆ)**-ਸਰਕਾਰੀ ਹਾਈ ਸਕੂਲ ਜਵੱਦੀ (ਲੁਧਿਆਣਾ) ਵਿੱਚ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੀ ਕੁਰਬਾਨੀ ਨੂੰ ਸਮਰਪਤ ਹੋਏ ਸਮਾਗਮ ਦੌਰਾਨ ਸ਼ਹੀਦਾਂ ਦੇ ਅਧੂਰੇ ਰਹਿ ਗਏ ਅਰਮਾਨਾਂ ਨੂੰ ਪੂਰਾ ਕਰਨ ਲਈ ਵਿਦਿਆਰਥੀਆਂ ਨੂੰ ਚੇਤਨ ਕੀਤਾ।ਇਸ ਮੌਕੇ ਸ਼ਹੀਦ ਭਗਤ ਸਿੰਘ ਦੇ ਭਾਣਜਾ ਪ੍ਰੋ. ਜਗਮੋਹਨ ਸਿੰਘ ਸੂਬਾ ਪ੍ਰਧਾਨ ਜਮਹੂਰੀ ਅਧਿਕਾਰ ਸਭਾ ਪੰਜਾਬ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਜਸਵੰਤ ਜ਼ੀਰਖ ਅਤੇ ਸਤੀਸ਼ ਸੱਚਦੇਵਾ ਨੇ ਤਰਕਸ਼ੀਲ ਨਜ਼ਰੀਆ ਅਪਨਾਉਣ ਦਾ ਸੰਦੇਸ਼ ਦਿੱਤਾ।ਪ੍ਰੋ. ਜਗਮੋਹਨ ਸਿੰਘ ਨੇ ਸ਼ਹੀਦ ਭਗਤ ਸਿੰਘ ਦੇ ਜੀਵਨ ਨਾਲ ਜੁੜੀਆਂ ਘਟਨਾਵਾਂ ਦੇ ਵੇਰਵੇ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਵੱਡੀ ਗਿਣਤੀ ਵਿੱਚ ਕਿਤਾਬਾਂ ਪੜ੍ਹ ਕੇ ਗਿਆਨ ਹਾਸਲ ਕੀਤਾ, ਉਸ ਨੂੰ ਆਪਣੀ ਜ਼ਿੰਦਗੀ ਵਿੱਚ ਲਾਗੂ ਵੀ ਕੀਤਾ।ਉਨ੍ਹਾਂ ਵਿਦਿਆਰਥੀਆਂ ਨੂੰ ਸ਼ਹੀਦ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਚਿਤਵੇ ਅਤੇ ਅਧੂਰੇ ਰਹਿ ਗਏ ਮਨੁੱਖੀ ਬਰਾਬਰਤਾ 'ਤੇ ਅਧਾਰਤ ਚਿਤਵੇ ਸਮਾਜ ਦੀ ਸਿਰਜਣਾ ਕਰਨ ਲਈ ਪੜ੍ਹ ਕੇ ਗਿਆਨ ਹਾਸਲ ਕਰਨ 'ਤੇ ਜ਼ੋਰ ਦਿੱਤਾ।ਜਸਵੰਤ ਜ਼ੀਰਖ ਅਤੇ ਸਤੀਸ਼ ਸੱਚਦੇਵਾ ਵੱਲੋਂ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਅੰਧਵਿਸ਼ਵਾਸਾਂ, ਵਹਿਮਾਂ-ਭਰਮਾਂ ਦੇ ਖ਼ਾਤਮੇ ਲਈ ਵਿੱਢੀ ਮੁਹਿੰਮ ਦੇ ਨਾਲ ਸ਼ਹੀਦਾਂ ਅਤੇ ਵਿਗਿਆਨੀਆਂ ਦੇ ਵਿਚਾਰਾਂ ਦੀ ਪ੍ਰੋੜਤਾ ਕਰਦਾ ਸਾਹਿਤ ਪੜ੍ਹ ਕੇ ਸਮਾਜ ਵਿੱਚ ਫੈਲੀਆਂ ਅਲਾਮਤਾਂ ਦੇ ਕਾਰਣ ਸਮਝਣ 'ਤੇ ਜ਼ੋਰ ਦਿੱਤਾ।ਮਾ ਰਾਜ ਕੁਮਾਰ ਨੇ ਇੱਕ ਇਨਕਲਾਬੀ ਗੀਤ ਰਾਹੀਂ ਹਾਜ਼ਰੀ ਲਵਾਈ।ਸਿੱਖਿਆ ਵਿਭਾਗ 'ਚੋਂ ਸੇਵਾ ਮੁਕਤ ਡਿਪਟੀ ਜ਼ਿਲ੍ਹਾ ਅਫ਼ਸਰ ਨਾਹਰ ਸਿੰਘ ਤੇ ਮਲਕੀਤ ਸਿੰਘ ਔਲਖ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਰੋਟਰੀ ਕਲੱਬ ਵੱਲੋਂ ਸਕੂਲ ਲਈ ਪੀਣ ਵਾਲੇ ਸਾਫ ਪਾਣੀ ਦਾ ਸਿਸਟਮ ਲਾਉਣ ਦੀ ਸੇਵਾ ਨਿਭਾਈ, ਜਿਸ ਦਾ ਉਦਘਾਟਨ ਪ੍ਰੋ ਜਗਮੋਹਨ ਸਿੰਘ ਵੱਲੋਂ ਕੀਤਾ ਗਿਆ।ਸਕੂਲ ਦੀ ਮੁੱਖ ਅਧਿਆਪਕਾ ਸ਼੍ਰੀ ਨੀਤੀ ਕਿਰਨ ਗੁਪਤਾ ਵੱਲੋਂ ਇਸ ਮੌਕੇ ਧੰਨਵਾਦੀ ਸ਼ਬਦਾਂ ਰਾਹੀਂ ਪ੍ਰੋ ਜਗਮੋਹਨ ਸਿੰਘ ਤੇ ਤਰਕਸ਼ੀਲ ਸੁਸਾਇਟੀ ਵੱਲੋਂ ਵਿੱਢੇ ਗਿਆਨ ਭਰਪੂਰ ਯਤਨਾਂ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਰੋਟਰੀ ਕਲੱਬ ਦੇ ਪਾਣੀ ਲਈ ਕੀਤੇ ਉਪਰਾਲੇ ਦਾ ਧੰਨਵਾਦ ਕੀਤਾ।ਸਕੂਲ ਦੇ ਸਮੁੱਚੇ ਸਟਾਫ ਵੱਲੋਂ ਪ੍ਰੋ. ਜਗਮੋਹਨ ਸਿੰਘ ਤੇ ਤਰਕਸ਼ੀਲ ਆਗੂਆਂ ਜਸਵੰਤ ਜੀਰਖ ਤੇ ਸਤੀਸ਼ ਸੱਚਦੇਵਾ ਸਮੇਤ ਸਮਾਗਮ ਵਿੱਚ ਪੁੱਜੀਆਂ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

# 20 ਗ੍ਰਾਮ ਹੈਰੋਇਨ ਸਮੇਤ 5 ਗ੍ਰਿਫ਼ਤਾਰ, ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 20 ਗ੍ਰਾਮ ਹੈਰੋਇਨ ਅਤੇ ਹੈਰੋਇਨ ਦੀ ਸਮੱਗਰੀ ਸਮੇਤ 5 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਵੱਖ ਵੱਖ ਥਾਣਿਆਂ ਵਿਚ ਐੱਨਡੀਪੀਐੱਸ ਐਕਟ ਤਹਿਤ ਮਾਮਲੇ ਦਰਜ ਕੀਤੇ ਹਨ।

ਥਾਣਾ ਸਿਟੀ ਫਿਰੋਜ਼ਪੁਰ ਪੁਲਿਸ ਦੇ ਐੱਸਆਈ ਅਰਸ਼ਦੀਪ ਸਿੰਘ ਨੇ ਦੱਸਿਆ ਕਿ ਉਹ ਪੁਲਿਸ ਪਾਰਟੀ ਦੌਰਾਨੇ ਗਸ਼ਤ ਸੀ ਤਾਂ ਅਮਨ ਉਰਫ ਚੂਹਾ ਪੁੱਤਰ ਚੰਨ ਵਾਸੀ ਘੁਮਿਆਰ ਵਾਲੀ ਗਲੀ, ਬਸਤੀ ਭੱਟੀਆਂ ਵਾਲੀ ਫਿਰੋਜ਼ਪੁਰ ਸ਼ਹਿਰ ਨੂੰ ਸ਼ੱਕ ਦੀ ਬਿਨ੍ਹਾਅ 'ਤੇ ਕਾਬੂ ਕਰਕੇ ਉਸ ਦੀ ਤਲਾਸ਼ੀ ਲਈ ਤਾਂ ਉਸ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਕੁੱਲਗੜ੍ਹੀ ਪੁਲਸ ਦੇ ਐੱਚਸੀ ਲਵਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਸਾਂਦੇ ਹਾਸ਼ਮ ਤੋਂ ਪਿੰਡ ਵਲੂਰ ਜ਼ੀਰਾ-ਫਿਰੋਜ਼ਪੁਰ ਰੋਡ ਨੂੰ ਜਾ ਰਹੀ ਸੀ ਤਾਂ ਪਿੰਡ ਵਲੂਰ ਤੋਂ ਕਰੀਬ 400 ਮੀਟਰ ਪਿੱਛੇ ਇਕ ਮੋਨਾ ਨੌਜਵਾਨ ਮਨਜੀਤ ਸਿੰਘ ਉਰਫ ਘੋਨਾ ਪੁੱਤਰ ਸੁਖਦੇਵ ਸਿੰਘ ਵਾਸੀ ਪਿੰਡ ਫਿਰੋਜ਼ਸ਼ਾਹ ਆਉਂਦਾ ਵਿਖਾਈ ਦਿੱਤਾ, ਜਿਸ ਨੂੰ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਉਸ ਦੀ ਤਲਾਸ਼ੀ ਲਈ ਤਾਂ ਉਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਘੱਲਖੁਰਦ ਪੁਲਿਸ ਦੇ ਸਹਾਇਕ ਥਾਣੇਦਾਰ ਹਰਜਿੰਦਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਿਸ ਪਾਰਟੀ ਗਸ਼ਤ ਲਈ ਰਵਾਨਾ ਸੀ ਤਾਂ ਇਸ ਦੌਰਾਨ ਸਾਥੀ ਕਰਮਚਾਰੀਆਂ ਦੀ ਮੱਦਦ ਨਾਲ ਇਕ ਨੌਜਵਾਨ ਲਵਪ੍ਰੀਤ ਸਿੰਘ ਉਰਫ ਲਵ ਪੁੱਤਰ ਬਲਤੇਜ ਸਿੰਘ ਵਾਸੀ ਪਿੰਡ ਫਿਰੋਜ਼ਸ਼ਾਹ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਉਸ ਦੇ ਕਬਜ਼ੇ ਵਿਚੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਮੱਲਾਂਵਾਲਾ ਪੁਲਿਸ ਦੇ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਲਈ ਰਵਾਨਾ ਸੀ ਤਾਂ ਜਦ ਪੁਲਿਸ ਪਾਰਟੀ ਗਸ਼ਤ ਕਰਦੀ ਬੇਆਬਾਦ ਗਊਸ਼ਾਲਾ ਕੋਲ ਪੁੱਜੀ ਤਾਂ ਗੇਟ ਦੇ ਕੋਲ ਇਕ ਨੌਜਵਾਨ ਸੋਨਾ ਸਿੰਘ ਪੁੱਤਰ ਬਿੱਲੂ ਸਿੰਘ ਵਾਸੀ ਪਿੰਡ ਵਾੜਾ ਵਰਿਆਮ ਸਿੰਘ ਵਾਲਾ ਪੁਲਸ ਪਾਰਟੀ ਨੂੰ ਵੇਖ ਕੇ ਖਿਸਕਣ ਲੱਗਾ ਤਾਂ ਉਸ ਨੂੰ ਕਾਬੂ ਕਰਕੇ ਤਲਾਸ਼ੀ ਲਈ ਤਾਂ ਉਸ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਤਲਵੰਡੀ ਭਾਈ ਪੁਲਸ ਦੇ ਸਹਾਇਕ ਥਾਣੇਦਾਰ ਸੁਦੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਝੰਜੀਆਂ ਤੋਂ ਪਿੰਡ ਹਰਾਜ ਨੂੰ ਜਾ ਰਹੀ ਸੀ ਤਾਂ ਪੁਲ ਸੂਆ ਲੰਘ ਕੇ ਸੱਜੇ ਹੱਥ ਮੋਟਰ ਦੇ ਖਾਲੀ ਚੁਬੱਚੇ ਵਿਚ ਇਕ ਮੋਨਾ ਨੌਜਵਾਨ ਰਾਜਦੀਪ ਸਿੰਘ ਉਰਫ ਕਾਲੀ ਪੁੱਤਰ ਦਵਿੰਦਰ ਸਿੰਘ ਵਾਸੀ ਵਾਰਡ ਨੰਬਰ 13 ਅਜੀਤ ਨਗਰ ਤਲਵੰਡੀ ਭਾਈ ਬੈਠਾ ਵਿਖਾਈ ਦਿੱਤਾ, ਜਿਸ ਨੂੰ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਉਸ ਕੋਲੋਂ 1 ਜਲੀ ਹੋਈ ਸਿਲਵਰ ਪੰਨੀ, ਇਕ 10 ਰੁਪਏ ਦਾ ਰੋਲ ਕੀਤਾ ਨੋਟ, ਇਕ ਲਾਈਟਰ ਅਤੇ ਇਕ ਢੱਕਣ ਪਲਾਸਟਿਕ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਮਾਮਲੇ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਬੱਸ ਤੇ ਈ-ਰਿਕਸ਼ਾ ਦੀ ਟੱਕਰ 'ਚ ਇੱਕ ਔਰਤ ਦੀ ਮੌਤ, ਹੋਰ ਸਵਾਰੀਆਂ ਜ਼ਖਮੀ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਪ੍ਰਾਈਵੇਟ ਬੱਸ ਈ-ਰਕਸ਼ਾ ਟੱਕਰ ਵਿਚ ਇਕ ਔਰਤ ਦੀ ਮੌਤ ਤੇ ਹੋਰ ਸਵਾਰੀਆਂ ਜ਼ਖ਼ਮੀ ਹੋਣ ਦੀ ਖਬਰ ਮਿਲੀ ਹੈ। ਥਾਣਾ ਕੁੱਲਗੜ੍ਹੀ ਪੁਲਿਸ ਨੇ ਅਣਪਛਾਤੇ ਬੱਸ ਚਾਲਕ ਖਿਲਾਫ 106, 281, 324 (4), 125 (ਏ) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਆਰਿਅਨ ਪੁੱਤਰ ਜਸਵੰਤ ਸਿੰਘ ਵਾਸੀ ਗਲੀ ਨੰਬਰ 5 ਰਿਖੀ ਕਾਲੋਨੀ ਨੇ ਦੱਸਿਆ ਕਿ ਉਸ ਦਾ ਪਿਤਾ ਜਸਵੰਤ ਸਿੰਘ ਰੇਲਵੇ ਵਿਭਾਗ ਵਿਚੋਂ ਰਿਟਾਇਰ ਹੋਇਆ ਹੈ ਤੇ ਕਰੀਬ 6 ਮਹੀਨੇ ਤੋਂ ਬਿਮਾਰ ਚੱਲ ਰਿਹਾ ਸੀ, ਜਿਸ ਦੇ ਇਲਾਜ ਲਈ ਅਮਨਦੀਪ ਹਸਪਤਾਲ ਮੋਗਾ-ਫ਼ਿਰੋਜ਼ਪੁਰ ਰੋਡ ਦਾਖਲ ਕਰਵਾਇਆ ਹੈ।

ਆਰਿਅਨ ਨੇ ਦੱਸਿਆ ਕਿ 21 ਅਪ੍ਰੈਲ 2026 ਨੂੰ ਉਸ ਦੀ ਮਾਤਾ ਊਸ਼ਾ ਦੇਵੀ ਆਪਣੇ ਘਰਵਾਲੇ ਦਾ ਪਤਾ ਲੈ ਕੇ ਈ-ਰਕਸ਼ਾ ਕਰਵਾ ਕੇ ਹੋਰ ਸਵਾਰੀਆਂ ਨਾਲ ਫਿਰੋਜ਼ਪੁਰ ਕੈਂਟ ਵੱਲ ਆ ਰਹੀ ਸੀ ਤਾਂ ਉਹ ਤੇ ਉਸ ਦਾ ਮਾਮਾ ਸ਼ਿਵਦਾਸ ਵੀ ਐਕਟਿਵਾ ਸਕੂਟਰੀ ਦੇ ਪਿੱਛੇ ਪਿੱਛੇ ਆ ਰਹੇ ਸੀ। ਆਰਿਅਨ ਨੇ ਦੱਸਿਆ ਕਿ ਕਰੀਬ 2 ਵਜੇ ਨੇੜੇ ਬੀਐੱਸਐੱਫ ਹੈੱਡ ਕੁਆਟਰ ਮੋਗਾ ਫਿਰੋਜ਼ਪੁਰ ਮੋਗਾ ਰੋਡ ਪੁੱਜੇ ਤਾਂ ਪਿੱਛੇ ਮਾਲਵਾ ਬੱਸ ਨੰਬਰ ਪੀਬੀ 29 ਕੇ 9566 ਦੇ ਅਣਪਛਾਤੇ ਡਰਾਈਵਰ ਨੇ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਬੱਸ ਈ-ਰਕਸ਼ਾ ਵਿਚ ਮਾਰੀ ਤਾਂ ਉਸ ਦੀ ਮਾਤਾ ਦੇ ਸਿਰ ਵਿਚ ਤੇ ਹੋਰ ਸਵਾਰੀਆਂ ਦੇ ਵੀ ਸੱਟਾਂ ਲੱਗ ਗਈਆਂ। ਆਰਿਅਨ ਨੇ ਦੱਸਿਆ ਕਿ ਉਸ ਦੀ ਮਾਤਾ ਨੂੰ ਅਮਨਦੀਪ ਹਸਪਤਾਲ ਇਲਾਜ ਲਈ ਲੈ ਕੇ ਆਏ ਤਾਂ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਮਲਕੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਬੱਸ ਚਾਲਕ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਨਾੜ ਸਾੜਨ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਪ੍ਰਸ਼ਾਸਨ ਸਖ਼ਤ

**ਮਾਨਸਾ (ਆਤਮਾ ਸਿੰਘ ਪਮਾਰ)**-ਕਣਕ ਦੀ ਵਾਢੀ ਦੇ ਸੀਜ਼ਨ ਦੌਰਾਨ ਪਰਾਲੀ ਅਤੇ ਰਹਿੰਦ-ਖੂੰਹਦ ਨੂੰ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਮਾਨਸਾ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਹਰਕਤ ਵਿੱਚ ਆ ਗਿਆ ਹੈ।ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਸ਼੍ਰੀਮਤੀ ਨਵਜੋਤ ਕੌਰ ਤੇ ਐਸ.ਐਸ.ਪੀ. ਸ੍ਰੀ ਭਾਗੀਰਥ ਸਿੰਘ ਮੀਨਾ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪੱਧਰੀ ਕਾਰਜਕਾਰੀ ਕਮੇਟੀ ਦੀ ਅਹਿਮ ਮੀਟਿੰਗ ਹੋਈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਸ਼੍ਰੀਮਤੀ ਨਵਜੋਤ ਕੌਰ ਆਈ ਏ ਐਸ ਨੇ ਸਪੱਸ਼ਟ ਕੀਤਾ ਕਿ ਵਾਤਾਵਰਣ ਦੀ ਸੰਭਾਲ ਤੇ ਧਰਤੀ ਦੀ ਉਪਜਾਊ ਸ਼ਕਤੀ ਨੂੰ ਬਚਾਉਣ ਲਈ ਪਰਾਲੀ ਸਾੜਨ ਦੀ ਪ੍ਰਥਾ ਨੂੰ ਰੋਕਣਾ ਲਾਜ਼ਮੀ ਹੈ। ਉਨ੍ਹਾਂ 'ਪਰਾਲੀ ਪ੍ਰੋਟੈਕਸ਼ਨ ਫੋਰਸ' ਨੂੰ ਜ਼ਮੀਨੀ ਪੱਧਰ 'ਤੇ ਮੁਸਤੈਦ ਰਹਿਣ ਅਤੇ ਨਿਗਰਾਨੀ ਵਧਾਉਣ ਦੇ ਆਦੇਸ਼ ਦਿੱਤੇ।ਸਮੂਹ ਐਸ.ਡੀ.ਐਮ. ਅਤੇ ਡੀ.ਐਸ.ਪੀਜ਼ ਨੂੰ ਹਦਾਇਤ ਕੀਤੀ ਗਈ ਕਿ ਉਹ ਕਲੱਸਟਰ ਤੇ ਨੋਡਲ ਅਫਸਰਾਂ ਨਾਲ ਤੁਰੰਤ ਮੀਟਿੰਗਾਂ ਕਰਨ। ਇਹ ਅਫਸਰ ਪਿੰਡ-ਪਿੰਡ ਜਾ ਕੇ ਕਿਸਾਨਾਂ ਨਾਲ ਸਿੱਧਾ ਰਾਬਤਾ ਕਾਇਮ ਕਰਨਗੇ।ਉਨ੍ਹਾਂ ਕਿਹਾ ਕਿ ਜਿਨ੍ਹਾਂ ਪਿੰਡਾਂ ਵਿੱਚ ਪਿਛਲੇ ਸਾਲਾਂ ਦੌਰਾਨ ਪਰਾਲੀ ਨੂੰ ਸਾੜਨ ਦੀਆਂ ਵਧੇਰੇ ਘਟਨਾਵਾਂ ਸਾਹਮਣੇ ਆਈਆਂ ਸਨ, ਉੱਥੇ ਚੌਕਸੀ ਹੋਰ ਵਧਾਈ ਜਾਵੇਗੀ।ਖੇਤੀਬਾੜੀ, ਬਾਗਬਾਨੀ, ਸਹਿਕਾਰਤਾ, ਪੰਚਾਇਤੀ ਰਾਜ ਅਤੇ ਪ੍ਰਦੂਸ਼ਣ ਰੋਕਥਾਮ ਬੋਰਡ ਸਮੇਤ ਵੱਖ-ਵੱਖ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਲਈ ਦਿਸ਼ਾ ਨਿਰਦੇਸ਼ ਦਿੱਤੇ ਗਏ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਗ੍ਰਾਮ ਪੰਚਾਇਤਾਂ ਦੀ ਸ਼ਮੂਲੀਅਤ ਯਕੀਨੀ ਬਣਾ ਕੇ ਕਿਸਾਨਾਂ ਨੂੰ ਪਰਾਲੀ ਸਾੜਨ ਨਾਲ ਹੋਣ ਵਾਲੇ ਨੁਕਸਾਨਾਂ ਤੇ ਉਪਲਬਧ ਮਸ਼ੀਨਰੀ ਬਾਰੇ ਜਾਣੂ ਕਰਾਇਆ ਜਾਵੇ।

## ਸੂਬੇ ਨੂੰ ਸਿੱਖਿਆ ਖੇਤਰ 'ਚ ਮੋਹਰੀ ਬਣਾਉਣ ਲਈ ਚੁੱਕੇ ਜਾ ਰਹੇ ਹਨ ਸਾਰਥਿਕ ਕਦਮ : ਰਜਨੀਸ਼ ਦਹੀਆ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ, ਸਿੱਖਿਆ ਦਾ ਪੱਧਰ ਹੋਰ ਉੱਚਾ ਚੁੱਕਣ ਲਈ ਵਚਨਬੱਧ ਹੈ ਤੇ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਾਹੇਵੰਦ ਸਾਬਤ ਹੋ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਰਜਨੀਸ਼ ਦਹੀਆ ਨੇ ਹਲਕੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੂੰਬੜੀ ਵਾਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਾਂਦੇ ਹਾਸ਼ਮ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਰਖਾਂ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੁਰ ਸਿੰਘ ਵਾਲਾ, ਸਰਕਾਰੀ ਹਾਈ ਸਕੂਲ ਬਸਤੀ ਬੇਲਾ ਸਿੰਘ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਫ਼ਿਰੋਜ਼ਪੁਰ ਡਾ. ਸਤਿੰਦਰ ਸਿੰਘ ਨੈਸ਼ਨਲ ਐਵਾਰਡੀ ਹਾਜ਼ਰ ਸਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਸਦਕਾ ਸਰਕਾਰੀ ਸਕੂਲਾਂ ਨੂੰ ਸਾਰੀਆਂ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਸਾਫ਼ ਪੀਣ ਵਾਲਾ ਪਾਣੀ, ਹਾਈ ਸਪੀਡ ਵਾਈਫਾਈ ਕੁਨੈਕਸ਼ਨ, ਡੈਸਕ ਤੇ ਕੁਰਸੀਆਂ, ਚਾਰਦੀਵਾਰੀ ਤੇ ਹੋਰ ਵੱਖ-ਵੱਖ ਸਹੂਲਤਾਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਵਿੱਚ ਇੰਟਰਐਕਟਿਵ ਪੈਨਲ ਤੇ ਨਵੇਂ ਕੰਪਿਊਟਰ ਦੇ ਕੇ ਵਿਦਿਆਰਥੀਆਂ ਨੂੰ ਆਧੁਨਿਕ ਸਮੇਂ ਦੀ ਸਿੱਖਿਆ ਦੇ ਹਾਣੀ ਬਣਾਉਣ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਉਸਾਰੂ ਵਿਦਿਅਕ ਮਾਹੌਲ ਮਿਲਣ ਸਦਕਾ ਵਿਦਿਆਰਥੀਆਂ ਨੇ ਜੇ.ਈ.ਈ. ਦਾ ਟੈਸਟ ਪਾਸ ਕਰਕੇ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਹਰ ਖੇਤਰ ਵਿੱਚ ਮੋਹਰੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ। ਡਾ. ਸਤਿੰਦਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਵਿਭਾਗ ਵੱਲੋਂ ਵਿਦਿਆਰਥੀਆਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਤੇ ਪਿੰਡ ਵਾਸੀਆਂ ਨੂੰ ਦਾਖਲਾ ਮੁਹਿੰਮ ਤਹਿਤ ਵੱਧ ਤੋਂ ਵੱਧ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਾਉਣ ਲਈ ਪ੍ਰੇਰਿਤ ਕੀਤਾ।

# ਗੁਰੂ ਗੋਬਿੰਦ ਸਿੰਘ ਜੀ ਸੰਗੀਤ ਐਕਡਮੀ 'ਚ ਮੁਫ਼ਤ ਦਸਤਾਰ ਸਿਖਲਾਈ ਸੈਂਟਰ ਦਾ ਆਗਾਜ਼



**ਮੋਗਾ (ਇਕਬਾਲ ਸਿੰਘ ਖਹਿਰਾ)**

ਗੁਰੂ ਗੋਬਿੰਦ ਸਿੰਘ ਸੰਗੀਤ ਐਕਡਮੀ ਵੱਲੋਂ ਸਰਪ੍ਰਸਤ ਸੰਤ ਬਾਬਾ ਕੁਲਦੀਪ ਸਿੰਘ ਸੇਖਾਂ, ਸਮੂਹ ਸੰਤਾਂ ਤੇ ਸੰਗਤਾਂ ਦੇ ਸਹਿਯੋਗ ਨਾਲ ਫ੍ਰੀ ਕਲਗੀਧਰ ਦਸਤਾਰ ਸਿਖਲਾਈ ਸੈਂਟਰ ਖੋਲ੍ਹਿਆ ਗਿਆ।ਇਸ ਦੌਰਾਨ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਦੀਵਾਨ ਸਜਾਏ ਗਏ। ਦੀਵਾਨਾਂ ਵਿੱਚ ਵੱਖ-ਵੱਖ ਜੱਥਿਆਂ ਨੇ ਗੁਰਬਾਣੀ ਕੀਰਤਨ ਰਾਗੀ ਸਰਬਜੀਤ ਸਿੰਘ, ਰਾਗੀ ਇੰਦਰਜੀਤ ਸਿੰਘ ਮੋਗਾ, ਭਾਈ ਗੁਰਮੀਤ ਸਿੰਘ ਮੋਗਾ, ਬੀਬੀ ਪਰਮਜੀਤ ਕੌਰ ਮੋਗਾ, ਰਾਗੀ ਅਨੂਪ ਸਿੰਘ ਮੋਗਾ, ਭਾਈ ਜਗਸੀਰ ਸਿੰਘ ਚੜਿੱਕ ਵੱਲੋਂ ਕਰਕੇ ਨਿਹਾਲ ਕੀਤਾ ਗਿਆ ਤੇ ਸਮੁੱਚੇ ਸਮਾਗਮਾਂ ਦੀ ਚੜ੍ਹਦੀ ਕਲਾ ਦੀ ਅਰਦਾਸ ਸੰਤ ਬਾਬਾ ਭੋਲਾ ਸਿੰਘ ਬੱਡੂਵਾਲ ਵਾਲਿਆਂ ਵੱਲੋਂ ਕੀਤੀ ਗਈ।ਆਗੂਆਂ ਨੇ ਦੱਸਿਆ ਕਿ ਕਲਗੀਧਰ ਦਸਤਾਰ ਸਿਖਲਾਈ ਸੈਂਟਰ 'ਚ ਸਮਾਂ ਸ਼ਾਮ 5-30 ਵਜੇ ਤੋਂ 7-30 ਵਜੇ ਤੱਕ ਭਾਈ ਫਤਿਹਵੀਰ ਸਿੰਘ ਬੱਚਿਆਂ ਨੂੰ ਦਸਤਾਰ ਸਜਾਉਣ ਦੀ ਸਿਖਲਾਈ ਦੇਣਗੇ। ਰਾਗੀ ਭਾਈ ਹਰਕਿਰਸ਼ਨ ਸਿੰਘ ਪਟਨੇ ਵਾਲੇ, ਰਾਗੀ ਭਾਈ ਜਤਿੰਦਰ ਪਾਲ ਸਿੰਘ ਪਟਨੇ ਵਾਲਿਆਂ ਵੱਲੋਂ ਪਹੁੰਚੀਆਂ ਹੋਈਆਂ ਸਮੂਹ ਮਹਾਨ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ, ਜਿਨ੍ਹਾਂ ਵਿੱਚ ਸੰਤ ਬਾਬਾ ਭੋਲਾ ਸਿੰਘ ਜੀ ਬੱਡੂਵਾਲ, ਸੰਤ ਸਤਨਾਮ ਸਿੰਘ ਕਪੂਰੇ, ਪ੍ਰਧਾਨ ਰਾਜਵਿੰਦਰ ਸਿੰਘ ਰਾਜੂ ਕਪੂਰੇ, ਪ੍ਰਧਾਨ ਭਾਈ ਮਲਕੀਤ ਸਿੰਘ ਕਪੂਰੇ, ਬੀਬੀ ਜਸਵਿੰਦਰ ਕੌਰ ਖਾਲਸਾ ਜਲਾਲਾਬਾਦ, 96 ਕਰੋੜੀ ਜੱਥੇਦ↔ਾਰ ਬਾਬਾ ਕਰਮਜੀਤ ਸਿੰਘ ਲੰਢਕੇ, ਦਸਮੇਸ਼ ਤਰਨਾ ਦਲ ਆਲ ਇੰਡੀਆ ਨਿਗਰਾਨ ਜਥੇਦਾਰ ਬਲਦੇਵ ਸਿੰਘ ਲੁਹਾਰਾ, ਜੱਥੇਦਾਰ ਗੁਰਮੀਤ ਸਿੰਘ ਭਾਈ ਕਾ ਵਾੜਾ, ਮਹਾਕਾਲ ਚਮਕੌਰ ਸਿੰਘ, ਸ਼੍ਰੋਮਣੀ ਰਾਗੀ ਗ੍ਰੰਥੀ ਸਭਾ ਪੰਜਾਬ ਜ਼ਿਲ੍ਹਾ ਮੋਗਾ ਪੰਜਾਬ ਪ੍ਰਧਾਨ ਭਾਈ ਸਵਰਨ ਸਿੰਘ, ਸ਼ਹਿਰੀ ਪ੍ਰਧਾਨ ਭਾਈ ਇਕਬਾਲ ਸਿੰਘ ਬੁੱਟਰ, ਪ੍ਰੈਸ ਸਕੱਤਰ ਭਾਈ ਹਰਜਿੰਦਰ ਸਿੰਘ ਬੱਡੂਵਾਲੀਆ, ਭਾਈ ਕਲਿਆਣਾ ਜੀ ਗੁਰਮਤਿ ਰਾਗੀ ਗ੍ਰੰਥੀ ਸਭਾ ਸਰਪ੍ਰਸਤ ਭਾਈ ਹਰਨੇਕ ਸਿੰਘ ਬਲਖੰਡੀ, ਪੰਜਾਬ ਪ੍ਰਧਾਨ ਭਾਈ ਲਖਵੀਰ ਸਿੰਘ ਬੱਗੇ, ਭਾਈ ਜਸਕਰਨ ਸਿੰਘ ਬੱਗੇ, ਪ੍ਰਧਾਨ ਭਾਈ ਤਰਸੇਮ ਸਿੰਘ ਧਰਮਕੋਟ , ਰਣਜੀਤ ਗੱਤਕਾ ਅਖਾੜਾ ਭਾਈ ਸੱਤਪਾਲ ਸਿੰਘ, ਗੁਰਮਤਿ ਰਾਗੀ ਗ੍ਰੰਥੀ ਸਭਾ ਪੰਜਾਬ ਪ੍ਰਧਾਨ ਭਾਈ ਰਣਜੀਤ ਸਿੰਘ ਸਿੰਘਾ ਵਾਲਾ, ਅਕਾਲੀ ਦਲ ਵਾਰਿਸ ਪੰਜਾਬ ਭਾਈ ਰਛਪਾਲ ਸਿੰਘ ਸ਼ੋਸ਼ਣ, ਭਾਈ ਮਨਜੀਤ ਸਿੰਘ, ਸ਼ੇਰੇ ਪੰਜਾਬ ਕਲਾਥ ਹਾਉਸ ਗੁਰਬਚਨ ਸਿੰਘ, ਭਾਈ ਜਗਦੇਵ ਸਿੰਘ ਯੂ.ਕੇ ਵਾਲਿਆਂ ਵੱਲੋਂ 26 ਦਸਤਾਰਾਂ ਬੱਚਿਆਂ ਨੂੰ ਫਰੀ ਵੰਡੀਆਂ ਗਈਆਂ, ਸੰਤ ਬਾਬਾ ਭੋਲਾ ਸਿੰਘ ਬੱਡੂਵਾਲ ਅਤੇ ਸ਼੍ਰੋਮਣੀ ਰਾਗੀ ਸਭਾ ਪੰਜਾਬ ਜ਼ਿਲ੍ਹਾ ਮੋਗਾ ਫਰੀ ਕਲਗੀਧਰ ਦਸਤਾਰ ਸਿਖਲਾਈ ਸੈਂਟਰ ਨੂੰ ਮਾਇਆ ਕਰਕੇ ਸਹਿਯੋਗ ਦਿੱਤਾ ਗਿਆ।

## ਸਫਾ 1 ਦੇ ਬਾਕੀ...

### ਲਾਕਰ 'ਚੋਂ ਗਹਿਣੇ...

ਲਾਕਰ 2013 ਵਿੱਚ ਹੀ ਸਰੈਂਡਰ ਕਰ ਦਿੱਤਾ ਗਿਆ ਸੀ। ਹਾਲਾਂਕਿ, ਕਮਿਸ਼ਨ ਨੇ ਬੈਂਕ ਦੀ ਇਸ ਦਲੀਲ ਨੂੰ ਖਾਰਜ ਕਰਦਿਆਂ ਕਿਹਾ ਕਿ ਬੈਂਕ ਕੋਈ ਵੀ ਅਜਿਹਾ ਠੋਸ ਦਸਤਾਵੇਜ਼ ਪੇਸ਼ ਨਹੀਂ ਕਰ ਸਕਿਆ, ਜਿਸ ਨਾਲ ਇਹ ਸਾਬਤ ਹੋਵੇ ਕਿ ਲਾਕਰ ਤੋੜਨ ਵੇਲੇ ਤੈਅ ਪ੍ਰਕਿਰਿਆ ਦਾ ਪਾਲਣ ਕੀਤਾ ਗਿਆ ਸੀ ਜਾਂ ਗਾਹਕ ਨੂੰ ਕੋਈ ਨੋਟਿਸ ਦਿੱਤਾ ਗਿਆ ਸੀ। ਮਹਿਲਾ ਕੋਲ ਅਜੇ ਵੀ ਲਾਕਰ ਦੀ ਅਸਲ ਚਾਬੀ ਮੌਜੂਦ ਹੋਣਾ ਬੈਂਕ ਦੇ ਦਾਅਵਿਆਂ ਨੂੰ ਝੂਠਾ ਸਾਬਤ ਕਰਨ ਲਈ ਕਾਫੀ ਸੀ। ਕਮਿਸ਼ਨ ਨੇ ਆਪਣੇ ਫੈਸਲੇ ਵਿੱਚ ਸਪੱਸ਼ਟ ਕੀਤਾ ਕਿ ਲਾਕਰਾਂ ਦੀ ਸੁਰੱਖਿਆ ਦੇ ਮਾਮਲੇ ਵਿੱਚ ਬੈਂਕ ਦੀ ਜ਼ਿੰਮੇਵਾਰੀ ਸਭ ਤੋਂ ਉੱਪਰ ਹੁੰਦੀ ਹੈ। ਪਾਰਦਰਸ਼ਤਾ ਦੀ ਘਾਟ ਅਤੇ ਨਿਯਮਾਂ ਦੀ ਉਲੰਘਣਾ ਕਰਕੇ ਗਾਹਕ ਦਾ ਕੀਮਤੀ ਸਾਮਾਨ ਗੁਆਉਣਾ ਸੇਵਾਵਾਂ ਵਿੱਚ ਵੱਡੀ ਘਾਟ ਹੈ। ਕਮਿਸ਼ਨ ਨੇ ਬੈਂਕ ਨੂੰ ਹੁਕਮ ਦਿੱਤਾ ਹੈ ਕਿ ਉਹ ਤੁਰੰਤ ਸ਼ਿਕਾਇਤਕਰਤਾ ਦੇ ਨੁਕਸਾਨ ਦੀ ਭਰਪਾਈ ਕਰੇ।

### ਗੈਂਗਸਟਰਾਂ ਤੇ ਨਸ਼ਿਆਂ...

ਲੋਕ ਗੁਪਤ ਰੂਪ ਵਿੱਚ ਜਾਣਕਾਰੀ ਸਾਂਝੀ ਕਰ ਸਕਦੇ ਹਨ, ਜਿਸ ਨਾਲ ਉਨ੍ਹਾਂ ਦੀ ਪਛਾਣ ਪੂਰੀ ਤਰ੍ਹਾਂ ਸੁਰੱਖਿਅਤ ਰੱਖੀ ਜਾਂਦੀ ਹੈ।ਨਸ਼ਾ ਵਿਰੋਧੀ ਮੁਹਿੰਮ ਬਾਰੇ ਗੱਲ ਕਰਦਿਆਂ ਪੰਨੂ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਹੁਣ ਆਪਣੇ 417ਵੇਂ ਦਿਨ ਵਿੱਚ ਪ੍ਰਵੇਸ਼ ਕਰ ਚੁੱਕੀ ਹੈ ਅਤੇ 417ਵੇਂ ਦਿਨ ਪੰਜਾਬ ਪੁਲਸ ਨੇ 98 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ 1.1 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।ਉਨ੍ਹਾ ਦੱਸਿਆ ਕਿ ਹੁਣ ਤੱਕ ਗ੍ਰਿਫਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਕੁੱਲ ਗਿਣਤੀ 60,000 ਨੂੰ ਪਾਰ ਕਰ ਗਈ ਹੈ, ਜੋ ਕਿ ਨਸ਼ਿਆਂ ਵਿਰੁੱਧ ਪੰਜਾਬ ਦੀ ਜੰਗ ਵਿੱਚ ਇੱਕ ਵੱਡੀ ਪ੍ਰਾਪਤੀ ਹੈ।ਦੋਵਾਂ ਮੁਹਿੰਮਾਂ ਦੀ ਸਫਲਤਾ ਦਾ ਸਿਹਰਾ ਦਿੰਦਿਆਂ ਪੰਨੂ ਨੇ ਕਿਹਾ ਕਿ ਮਾਨ ਸਰਕਾਰ ਦੀ ਅਟੱਲ ਵਚਨਬੱਧਤਾ ਅਤੇ ਪੰਜਾਬ ਦੇ ਲੋਕਾਂ ਦੇ ਸਰਗਰਮ ਸਹਿਯੋਗ ਨੇ ਇਨ੍ਹਾਂ ਮੁਹਿੰਮਾਂ ਦੀ ਸਫਲਤਾ ਨੂੰ ਯਕੀਨੀ ਬਣਾਇਆ ਹੈ। ਉਨ੍ਹਾ ਦੁਹਰਾਇਆ ਕਿ ਇਹ ਮੁਹਿੰਮਾਂ ਉਦੋਂ ਤੱਕ ਪੂਰੀ ਤਾਕਤ ਨਾਲ ਜਾਰੀ ਰਹਿਣਗੀਆਂ, ਜਦੋਂ ਤੱਕ ਪੰਜਾਬ ਨਸ਼ਿਆਂ ਅਤੇ ਸੰਗਠਿਤ ਅਪਰਾਧ ਦੀ ਲਾਹਨਤ ਤੋਂ ਮੁਕਤ ਨਹੀਂ ਹੋ ਜਾਂਦਾ।

### ਬਿਜਲੀ ਮੁਲਾਜ਼ਮਾਂ ਤੇ ...

ਤੁਰੰਤ ਹੱਲ ਕੀਤਾ ਜਾਵੇ, ਨਹੀਂ ਤਾਂ ਜਥੇਬੰਦੀਆਂ ਚਲਦੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਮਜਬੂਰ ਹੋਣਗੀਆਂ, ਜਿਸ ਦੀ ਜ਼ਿੰਮੇਵਾਰੀ ਬਿਜਲੀ ਮੰਤਰੀ ਅਤੇ ਮੈਨੇਜਮੈਂਟ ਦੀ ਹੋਵੇਗੀ ।ਮੀਟਿੰਗ ਵਿੱਚ ਸੀ ਐਚ ਬੀ ਕਾਮਿਆਂ ਦੇ ਚੱਲ ਰਹੇ ਸੰਘਰਸ਼ ਦੀ ਡਟਵੀਂ ਹਮਾਇਤ ਦਾ ਵੀ ਐਲਾਨ ਕੀਤਾ ਗਿਆ ਅਤੇ ਇਹ ਵੀ ਫੈਸਲਾ ਕੀਤਾ ਗਿਆ ਕਿ 27 ਅਪ੍ਰੈਲ ਨੂੰ ਸੀ ਐੱਚ ਬੀ ਕਾਮਿਆਂ ਦੇ ਚੱਲ ਰਹੇ ਸੰਘਰਸ਼ ਦੀ ਹਮਾਇਤ ਵਿੱਚ ਸਮੁੱਚੇ ਪੰਜਾਬ ਅੰਦਰ ਉਪ ਮੰਡਲ/ ਮੰਡਲ ਪੱਧਰ 'ਤੇ ਰੋਸ ਰੈਲੀਆਂ ਕੀਤੀਆਂ ਜਾਣਗੀਆਂ। ਪਹਿਲੀ ਮਈ ਤੋਂ ਬਿਜਲੀ ਮੰਤਰੀ, ਸੀ ਐੱਮ ਡੀ ਅਤੇ ਡਾਇਰੈਕਟਰ ਨੂੰ ਫੀਲਡ ਵਿੱਚ ਕਾਲੇ ਝੰਡੇ ਦਿਖਾਉਣ ਉਪਰੰਤ ਪ੍ਰਦਰਸ਼ਨ ਕੀਤੇ ਜਾਣਗੇ। ਸੰਘਰਸ਼ ਦੀ ਤਿਆਰੀ ਲਈ 2 ਮਈ ਤੋਂ 17 ਮਈ ਤੱਕ ਸਰਕਲਾਂ ਦੀਆਂ ਸਾਂਝੀਆਂ ਵਧਵੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ।

### ਕੇਦਾਰਨਾਥ ਮੰਦਰ 'ਚ...

ਅਫਵਾਹਾਂ ਫੈਲਾਉਣ ਵਾਲੇ ਦੋਸ਼ੀਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। 21 ਅਪਰੈਲ ਨੂੰ ਰੁਦਰਪ੍ਰਯਾਗ ਪ੍ਰਸ਼ਾਸਨ ਨੇ ਕੇਦਾਰਨਾਥ ਧਾਮ ਦੀ ਮਰਿਆਦਾ ਅਤੇ ਵਿਵਸਥਾ ਬਣਾਈ ਰੱਖਣ ਲਈ ਮੰਦਰ ਦੇ ਅੰਦਰ ਮੋਬਾਈਲ ਫੋਨ, ਡਰੋਨ ਅਤੇ ਵੀਡੀਓਗ੍ਰਾਫੀ ਕਰਨ 'ਤੇ ਰੋਕ ਲਗਾਉਣ ਦੇ ਹੁਕਮ ਜਾਰੀ ਕੀਤੇ ਸਨ। ਰੁਦਰਪ੍ਰਯਾਗ ਦੀ ਐੱਸ ਪੀ ਨਿਹਾਰਿਕਾ ਤੋਮਰ ਨੇ ਪਹਿਲਾਂ ਹੀ ਸਾਫ ਕਰ ਦਿੱਤਾ ਸੀ ਕਿ ਮੰਦਰ ਦੇ ਅੰਦਰ ਵੀਡੀਓ ਬਣਾਉਣ ਲਈ ਮੋਬਾਈਲ, ਡਰੋਨ ਜਾਂ ਕਿਸੇ ਵੀ ਤਰ੍ਹਾਂ ਦੇ ਕੈਮਰੇ ਦੀ ਵਰਤੋਂ ਕਰਨ 'ਤੇ ਮੁਕੰਮਲ ਪਾਬੰਦੀ ਲਗਾਈ ਗਈ ਹੈ।

## ਅੱਜ ਰਾਤ 8 ਵਜੇ ਕੀਤੀ ਜਾਵੇਗੀ ਮੌਕ ਡਰਿੱਲ : ਡੀ ਸੀ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-24 ਅਪ੍ਰੈਲ ਨੂੰ ਰਾਤ 8:00 ਵਜੇ ਮਾਡਰਨ ਵੈਲੀ,ਫਤਹਿਗੜ੍ਹ ਸਾਹਿਬ ਵਿਖੇ ਸਿਵਲ ਡਿਫੈਂਸ ਏਅਰ ਰੇਡ/ਬਲੈਕਆਊਟ ਮੌਕ ਐਕਸਰਸਾਈਜ਼ ਕਰਵਾਈ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਨੇ ਦੱਸਿਆ ਕਿ ਇਸ ਮੌਕੇ ਐਕਸਰਸਾਈਜ਼ ਏਅਰ ਰੇਡ ਚੇਤਾਵਨੀ ਸਿਗਨਲ ਨਾਲ ਸ਼ੁਰੂ ਹੋਵੇਗੀ, ਜੋ ਸਾਇਰਨਾਂ ਰਾਹੀਂ ਦਿੱਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਮੌਕੇ ਬਿਜਲੀ ਵਿਭਾਗ ਵੱਲੋਂ ਕੇਵਲ ਇਸੇ ਹੀ ਇਲਾਕੇ ਦੀਆਂ ਲਾਈਟਾਂ ਨੂੰ ਕੁਝ ਸਮੇਂ ਲਈ ਬੰਦ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਨਿਸ਼ਚਤ ਸਥਾਨ 'ਤੇ ਬਲੈਕਆਊਟ ਦੌਰਾਨ ਨਿਰਧਾਰਤ ਖੇਤਰਾਂ ਵਿੱਚ ਆਮ ਜਨਤਾ ਵੱਲੋਂ ਸਾਰੀਆਂ ਗੈਰ-ਜ਼ਰੂਰੀ ਬੱਤੀਆਂ ਬੰਦ ਕੀਤੀਆਂ ਜਾਣ।ਹਾਲਾਂ ਕਿ, ਜ਼ਰੂਰੀ ਸੇਵਾਵਾਂ ਇਸ ਦੌਰਾਨ ਚੱਲਦੀਆਂ ਰਹਿਣਗੀਆਂ।

## ਚੰਗਾ ਸਮਾਜ ਲਈ ਨਸ਼ੇ ਸੰਬੰਧੀ ਜਾਗਰੂਕਤਾ ਜ਼ਰੂਰੀ : ਡਾ. ਜਸਪਾਲ ਸਿੰਘ



**ਭੀਖੀ (ਧਰਮਵੀਰ ਸ਼ਰਮਾ)**-ਨਸ਼ਾ ਮੁਕਤੀ ਚੇਤਨਾ ਸੰਘ (ਪੰਜਾਬ) ਵੱਲੋਂ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਮੁਹਿੰਮ ਦੇ ਤਹਿਤ ਸ਼ਿਵ ਸ਼ਕਤੀ ਗਰੁੱਪ ਆਫ ਕਾਲਜਿਜ ਭੀਖੀ ਵਿਖੇ ਨਸ਼ਿਆਂ ਵਿਰੁੱਧ ਇੱਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਨਸ਼ਾ ਮੁਕਤੀ ਚੇਤਨਾ ਸੰਘ ਦੇ ਪ੍ਰਮੁੱਖ ਡਾ. ਜਸਪਾਲ ਸਿੰਘ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਨਸ਼ਿਆਂ ਦੇ ਨੁਕਸਾਨ ਅਤੇ ਇਸ ਤੋਂ ਬਚਾਅ ਦੇ ਤਰੀਕਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਨਸ਼ੇ ਹਰ ਰੂਪ ਵਿਚ ਸਮਾਜ ਲਈ ਘਾਤਕ ਹਨ ਤੇ ਇਨ੍ਹਾਂ ਨੇ ਸਮਾਜ ਤੇ ਪਰਿਵਾਰਾਂ ਨੂੰ ਤੋੜਿਆ ਹੈ। ਡਾ. ਜਸਪਾਲ ਸਿੰਘ ਨੇ ਕਿਹਾ ਕਿ ਨਸ਼ਾ ਨੌਜਵਾਨ ਪੀੜ੍ਹੀ ਲਈ ਸਭ ਤੋਂ ਵੱਡਾ ਖਤਰਾ ਹੈ ਅਤੇ ਇਸ ਤੋਂ ਬਚਾਅ ਲਈ ਸਿਰਫ਼ ਜਾਗਰੂਕਤਾ ਹੀ ਸੱਚਾ ਹੱਲ ਹੈ। ਇਸ ਦੌਰਾਨ ਡਾ. ਦੀਪਕ, ਡਾ. ਪ੍ਰਮੋਦ, ਪ੍ਰੋ. ਪਰਵੇਸ਼ ਅਤੇ ਪ੍ਰੋ. ਭਿੰਦਰ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ਅਤੇ ਉਨ੍ਹਾਂ ਨੇ ਵੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਕਾਲਜ ਪ੍ਰਬੰਧਕਾਂ ਵੱਲੋਂ ਨਸ਼ਾ ਮੁਕਤੀ ਚੇਤਨਾ ਸੰਘ ਦਾ ਧੰਨਵਾਦ ਕੀਤਾ ਗਿਆ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਜਾਗਰੂਕਤਾ ਸਮਾਗਮ ਕਰਵਾਉਣ ਲਈ ਸਹਿਯੋਗ ਦਾ ਭਰੋਸਾ ਦਿੱਤਾ ਗਿਆ।

## ਪੁਸਤਕਾਂ ਲੋਕ-ਅਰਪਣ ਸਮਾਰੋਹ 26 ਅਪ੍ਰੈਲ ਨੂੰ



**ਦਿੜ੍ਹਬਾ (ਜਸਵੀਰ ਲਾਡੀ, ਪਵਨ ਸ਼ਰਮਾ)**- 26 ਅਪ੍ਰੈਲ (ਐਤਵਾਰ) ਨੂੰ ਸਵੇਰੇ 10:00 ਵਜੇ ਡਾ. ਦੇਵ ਰਾਜ ਡੀ.ਏ.ਵੀ. ਪਬਲਿਕ ਸਕੂਲ, ਲਹਿਰਾਗਾਗਾ ਵਿਖੇ ਇੱਕ ਪੁਸਤਕ ਲੋਕ-ਅਰਪਣ ਸਮਾਰੋਹ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਨਮਾਨ ਕਮੇਟੀ ਦੇ ਆਗੂ ਜਗਜੀਤ ਭੁਟਾਲ, ਕਾਮਰੇਡ ਸਤਵੰਤ ਸਿੰਘ ਖੰਡੇਬਾਦ, ਪ੍ਰਵੀਨ ਖੋਖਰ, ਕਾਮਰੇਡ ਲਛਮਣ ਅਲੀਸ਼ੇਰ, ਬਲਦੇਵ ਸਿੰਘ ਚੀਮਾ, ਰਘਬੀਰ ਸਿੰਘ ਭੁਟਾਲ ਅਤੇ ਡਾ. ਸੁਖਜਿੰਦਰ ਲਾਲੀ ਨੇ ਦੱਸਿਆ ਕਿ ਇਸ ਸਮਾਗਮ ਦੌਰਾਨ ਉੱਘੇ ਲੇਖਕ ਪ੍ਰਿੰਸੀਪਲ ਦੇਸ ਰਾਜ ਛਾਜਲੀ ਵੱਲੋਂ ਲਿਖੀ ਆਜ਼ਾਦੀ ਘੁਲਾਟੀਏ ਕਾਮਰੇਡ ਜਗੀਰ ਸਿੰਘ ਜੋਗਾ ਦੀ ਜੀਵਨੀ 'ਤੇ ਆਧਾਰਿਤ ਅਤੇ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਨੂੰ ਉਜਾਗਰ ਕਰਦੀ ਪੁਸਤਕ ਪਾਠਕਾਂ ਨੂੰ ਸਮਰਪਿਤ ਕੀਤੀ ਜਾਵੇਗੀ। ਜਦੋਂ ਕਿ ਦੂਸਰੀ ਪੁਸਤਕ ਉੱਘੇ ਸਾਹਿਤਕਾਰ ਅਤੇ ਲੇਖਕ ਗੁਰਮੇਲ ਸਿੰਘ ਸਨੀ ਸੇਖੂਵਾਸ ਵੱਲੋਂ ਲਿਖੀ ਪੁਸਤਕ 'ਮਾਰੂਥਲ ਦੇ ਬਿਰਖ' ਪਾਠਕ ਸੱਥਾਂ ਨੂੰ ਸਮਰਪਨ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਇਹ ਸਮਾਗਮ ਦੌਰਾਨ ਪ੍ਰਗਤੀਸ਼ੀਲ ਵਿਚਾਰਾਂ ਦੇ ਧਾਰਨੀ ਤੇ ਉੱਘੇ ਸਿੱਖਿਆ ਸ਼ਾਸਤਰੀ ਮਾਸਟਰ ਜੀਵਨ ਰਾਮ ਚੋਟੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਇਸ ਸਮਾਗਮ ਦੀਆਂ ਤਿਆਰੀਆਂ ਸਬੰਧੀ ਹੋਈ ਮੀਟਿੰਗ ਵਿੱਚ ਕਾਮਰੇਡ ਸਤਵੰਤ ਸਿੰਘ ਖੰਡੇਵਾਦ ਅਤੇ ਬਲਦੇਵ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।

## ਰਸਲੀਨ ਕੌਰ ਝਾੜ ਸਾਹਿਬ ਕਾਲਜ ਦੀ ਬਾਣੀ ਮਿਸ ਫੇਅਰਵੈੱਲ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਵਿਖੇ ਬੀ.ਏ ਤੇ ਐਮ ਏ ਪੰਜਾਬੀ ਦੀਆਂ ਵਿਦਿਆਰਥਣਾਂ ਵੱਲੋਂ ਆਪਣੀਆਂ ਸੀਨੀਅਰ ਵਿਦਿਆਰਥਣਾਂ ਦੇ ਚੰਗੇ ਭਵਿੱਖ ਦੀ ਕਾਮਨਾ ਹਿੱਤ ਸ਼ਾਨਦਾਰ ਵਿਦਾਇਗੀ ਪ੍ਰੋਗਰਾਮ ਕਰਾਇਆ।ਪ੍ਰੋਗਰਾਮ ਦਾ ਉਦਘਾਟਨ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕੀਤਾ ਤੇ ਪ੍ਰੋਗਰਾਮ ਦੀ ਆਰੰਭਤਾ ਰੋਮਨਪ੍ਰੀਤ ਕੌਰ ਅਤੇ ਏਕਮਜੋਤ ਕੌਰ ਨੇ ਸਾਂਝੇ ਤੌਰ ਤੇ ਸਵਾਗਤੀ ਸ਼ਬਦਾਂ ਨਾਲ ਕੀਤੀ।ਵਿਦਿਆਰਥਣਾਂ ਵੱਲੋਂ ਗਰੁੱਪ ਡਾਂਸ, ਕੋਰੀਓਗ੍ਰਾਫੀ ਆਦਿ ਵੰਨਗੀਆਂ ਦੀ ਪੇਸ਼ਕਾਰੀ ਕੀਤੀ ਗਈ।ਸੀਨੀਅਰ ਵਿਦਿਆਰਥਣਾਂ ਦੇ ਰੋਮਾਂਚਕ ਖੇਡ ਦੇ ਮੁਕਾਬਲੇ ਵੀ ਕਰਾਏ ਗਏ, ਜਿਸ ਵਿੱਚ ਜੋਬਨਪ੍ਰੀਤ ਕੌਰ ਵਿਦਿਆਰਥਣ ਜੇਤੂ ਰਹੀ।ਸਮਾਗਮ ਦਾ ਸਭ ਤੋਂ ਖਿੱਚ ਭਰਪੂਰ ਮੁਕਾਬਲਾ ਮਿਸ ਫੇਅਰਵੈੱਲ ਰਿਹਾ।ਜਿਸ ਵਿੱਚ ਰਸਲੀਨ ਕੌਰ ਦੇ ਸਿਰ ਮਿਸ ਫੇਅਰਵੈੱਲ ਦਾ ਤਾਜ ਸਜਿਆ। ਜਸਨਪ੍ਰੀਤ ਕੌਰ ਤੇ ਸਿਮਰਨਜੋਤ ਕੌਰ ਨੂੰ ਕ੍ਰਮਵਾਰ ਫਸਟ ਰੱਨਰਅੱਪ ਅਤੇ ਸੈਕਿੰਡ ਰਨਰਅੱਪ ਚੁਣਿਆ ਗਿਆ।ਕਿਰਨਦੀਪ ਕੌਰ ਨੂੰ ਹੌਸਲਾ ਵਧਾਊ ਇਨਾਮ ਦਿੱਤਾ ਗਿਆ।ਇਸ ਮੁਕਾਬਲੇ ਵਿੱਚ ਜੱਜਾਂ ਦੀ ਭੂਮਿਕਾ ਡਾ. ਅਮਨਪ੍ਰੀਤ ਕੌਰ ਕੰਗ ਤੇ ਪ੍ਰੋ. ਸੁਖਨਪ੍ਰੀਤ ਕੌਰ ਵੱਲੋਂ ਨਿਭਾਈ ਗਈ।ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਨੁੱਖ ਨੂੰ ਆਪਣੀ ਮੰਜ਼ਲ ਨੂੰ ਸਰ ਕਰਨ ਲਈ ਪੂਰੀ ਲਗਨ ਤੇ ਦ੍ਰਿੜ ਇਰਾਦੇ ਨਾਲ ਮਿਹਨਤ ਕਰਦੇ ਰਹਿਣਾ ਚਾਹੀਦਾ ਹੈ।

## ਗੁਰਮ ਦੀ ਅਨਾਜ ਮੰਡੀ 'ਚ ਕਣਕ ਦੀ ਸੁਸਤ ਖਰੀਦ ਤੇ ਚੁਕਾਈ 'ਚ ਦੇਰੀ ਖਿਲਾਫ ਰੋਸ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ)**-ਅਨਾਜ ਮੰਡੀ ਪਿੰਡ ਗੁਰਮ ਵਿਖੇ ਕਣਕ ਦੀ ਖਰੀਦ ਢਿੱਲੀ ਅਤੇ ਚੁਕਾਈ ਨਾ ਹੋਣ ਤੋਂ ਅੱਕੇ ਕਿਸਾਨਾਂ, ਮਜ਼ਦੂਰਾਂ ਨੇ ਸਰਕਾਰ ਅਤੇ ਅਧਿਕਾਰੀਆਂ ਖਿਲਾਫ਼ ਰੋਸ ਪ੍ਰਦਰਸ਼ਨ ਕੀਤਾ।ਕਿਸਾਨਾਂ ਨੇ ਮੰਡੀ ਅੰਦਰ ਲਿਫਟਿੰਗ ਦਾ ਕੰਮ, ਅਤੇ ਕਣਕ ਦੀ ਖਰੀਦ 'ਚ ਤੁਰੰਤ ਤੇਜੀ ਲਿਆਉਣ ਦੀ ਮੰਗ ਕੀਤੀ।ਇਸ ਮੌਕੇ ਭਾਕਿਯੂ ਉਗਰਾਹਾਂ ਦੇ ਆਗੂ ਮਾਨ ਸਿੰਘ, ਪ੍ਰਧਾਨ ਮੇਜਰ ਸਿੰਘ, ਦਰਬਾਰਾ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਮੰਡੀਕਰਨ ਬੋਰਡ ਵੱਲੋਂ ਹਰ ਸਾਲ ਵੱਡੇ ਦਾਅਵੇ ਕੀਤੇ ਜਾਂਦੇ ਹਨ ਕਿ ਫਸਲ ਦੀ ਖਰੀਦ ਦੌਰਾਨ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ, ਪਰ ਅਸਲੀਅਤ ਕੁਝ ਹੋਰ ਹੀ ਹੈ।ਵੇਖਣ 'ਚ ਆਇਆ ਹੈ ਕਿ ਦਾਣਾ ਮੰਡੀਆਂ 'ਚ ਖਰੀਦ ਦੀ ਰਫ਼ਤਾਰ ਢਿੱਲੀ ਅਤੇ ਲਿਫਟਿੰਗ ਸਮੇਂ ਸਿਰ ਨਾ ਹੋਣ ਕਰਕੇ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਅਨਾਜ ਮੰਡੀ ਗੁਰਮ 'ਚ ਖਰੀਦੀ ਕਣਕ ਦੀ ਚੁਕਾਈ ਨਾ ਹੋਣ ਕਾਰਨ ਅਤੇ ਨਵੀਂ ਫਸਲ ਦੀ ਆਮਦ ਇਕਦਮ ਵੱਧਣ ਕਾਰਨ ਫਸਲ ਰੱਖਣ ਲਈ ਥਾਂ ਨਹੀਂ ਬਚੀ, ਜਿਸ ਨਾਲ ਕਿਸਾਨ ਅਤੇ ਮਜ਼ਦੂਰ ਭਾਰੀ ਪ੍ਰੇਸ਼ਾਨੀ ਚੋਂ ਲੰਘ ਰਹੇ ਹਨ।

## ਮੇਰੇ ਖਿਲਾਫ਼ ਧਰਨਾ ਤੇ ਨਾਅਰੇਬਾਜ਼ੀ ਸਿਆਸਤ ਤੋਂ ਪ੍ਰੇਰਿਤ : ਦੀਪਕ ਸੂਦ



**ਰਾਜਪੁਰਾ (ਰਮੇਸ਼ ਕਟਾਰੀਆ)**-ਆੜ੍ਹਤੀ ਐਸੋਸੀਏਸ਼ਨ ਵੱਲੋਂ ਮੇਰੇ ਦਫ਼ਤਰ ਦੇ ਬਾਹਰ ਮੇਰੇ ਖਿਲਾਫ ਮੁਜ਼ਾਹਰਾ ਕਰਕੇ ਜੋ ਨਾਅਰੇਬਾਜ਼ੀ ਕੀਤੀ ਗਈ ਹੈ,ਇਹ ਸਭ ਕੁਝ ਇੱਕ ਸਿਆਸੀ ਪਰਿਵਾਰ ਦੀ ਸ਼ਹਿ 'ਤੇ ਕੀਤਾ ਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਾਰਕੀਟ ਕਮੇਟੀ ਰਾਜਪੁਰਾ ਦੇ ਚੇਅਰਮੈਨ ਦੀਪਕ ਸੂਦ ਨੇ ਆਪਣੇ ਦਫ਼ਤਰ ਦੇ ਬਾਹਰ ਉਨ੍ਹਾਂ ਦੇ ਖਿਲਾਫ ਆੜਤੀਆਂ ਵੱਲੋਂ ਕੀਤੀ ਗਈ ਨਾਅਰੇਬਾਜ਼ੀ ਸਬੰਧੀ ਬਿਆਨ ਜਾਰੀ ਕਰਦਿਆਂ ਕੀਤਾ। ਦੀਪਕ ਸੂਦ ਨੇ ਕਿਹਾ ਕਿ ਉਨ੍ਹਾਂ ਨੇ ਦੋ ਮਹੀਨੇ ਪਹਿਲਾਂ ਇੱਕ ਯੂ ਟਿਊਬਰ ਨਾਲ ਗੱਲਬਾਤ ਕੀਤੀ ਸੀ, ਜਿਸ ਨੂੰ ਆਧਾਰ ਬਣਾ ਕੇ ਆੜਤੀਆਂ ਵੱਲੋਂ ਉਨ੍ਹਾਂ ਦੇ ਖਿਲਾਫ਼ ਉਹਨਾਂ ਦੇ ਦਫ਼ਤਰ ਦੇ ਬਾਹਰ ਨਾਅਰੇਬਾਜ਼ੀ ਕੀਤੀ ਗਈ ਹੈ। ਉਨ੍ਹਾਂ ਨੇ ਕਿਹਾ ਕਿ ਉਹਨਾਂ ਨੂੰ ਸੂਚਨਾ ਮਿਲੀ ਸੀ ਕਿ ਮੰਡੀ ਵਿੱਚ ਕਿਸਾਨਾਂ ਦੀ ਕਣਕ ਵੱਧ ਤੋਲ ਕੇ ਉਹਨਾਂ ਨੂੰ ਆਰਥਿਕ ਨੁਕਸਾਨ ਪਹੁੰਚਾਇਆ ਜਾ ਰਿਹਾ ਹੈ।ਜਿਸ ਕਾਰਨ ਉਹ ਸਵੇਰੇ ਮੰਡੀ ਵਿੱਚ ਗਏ ਤਾਂ ਕੱਟਿਆਂ ਵਿੱਚ ਵੱਧ ਤੋਲ ਪਾਇਆ ਗਿਆ। ਚੈਕਿੰਗ ਮੌਕੇ ਮੰਡੀ ਦੇ ਪ੍ਰਧਾਨ ਦਵਿੰਦਰ ਵੈਦਵਾਨ ਵੀ ਮੌਜੂਦ ਸਨ । ਇਸ ਤੋਂ ਬਾਅਦ ਆੜਤੀਆਂ ਵੱਲੋਂ ਇੱਕ ਸਿਆਸੀ ਪਰਿਵਾਰ ਦੀ ਸ਼ਹਿ 'ਤੇ ਚੇਅਰਮੈਨ ਵਿਰੁੱਧ ਆੜਤੀ ਐਸੋਸੀਏਸ਼ਨ ਦੇ ਪ੍ਰਧਾਨ ਬੈਦਵਾਨ ਦੀ ਅਗਵਾਈ ਵਿੱਚ ਦਫ਼ਤਰ ਦੇ ਬਾਹਰ ਮੁਜ਼ਾਹਰਾ ਕਰਕੇ ਨਾਅਰੇਬਾਜ਼ੀ ਕੀਤੀ ਗਈ ਜੋ ਕਿ ਨਿਰੋਲ ਸਿਆਸਤ ਤੋਂ ਪ੍ਰੇਰਿਤ ਹੈ।

## ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਰਾਤ ਸਮੇਂ ਵਿਸ਼ੇਸ਼ ਚੈਕਿੰਗ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ ਪੂਜਾ)**-ਜ਼ਿਲ੍ਹੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸ੍ਰੀ ਮੁਕਤਸਰ ਸਾਹਿਬ ਦੀ ਪੂਰੀ ਰਾਤ ਤੱਕ ਨਾਈਟ ਡੋਮੀਨੇਸ਼ਨ ਤਹਿਤ ਵਿਸਥਾਰਪੂਰਕ ਚੈਕਿੰਗ ਮੁਹਿੰਮ ਚਲਾਈ ਗਈ।ਇਸ ਚੈਕਿੰਗ ਦੌਰਾਨ ਜ਼ਿਲੇ ਅੰਦਰ ਵੱਖ-ਵੱਖ ਥਾਵਾਂ 'ਤੇ ਨਾਕਿਆਂ ਤੋਂ ਇਲਾਵਾ, ਰੇਲਵੇ ਸਟੇਸ਼ਨ, ਬੱਸ ਅੱਡਾ, ਮੁੱਖ ਰੂਟਾਂ, ਗਲੀ-ਮੋਹੱਲੇ, ਲਵਾਰਿਸ ਵਾਹਨ, ਸੁਰੱਖਿਆ ਗਾਰਡ, ਨਾਈਟ ਸ਼ਿਫਟ ਕੰਮ ਕਰ ਰਹੇ ਕਰਮਚਾਰੀ ਅਤੇ ਨੋ-ਮੂਵਮੈਂਟ ਇਲਾਕਿਆਂ ਵਿੱਚ ਵੀ ਸਮੇਤ ਪੀ.ਸੀ.ਆਰ ਮੋਟਰਸਾਈਕਲਾਂ ਵੱਲੋਂ ਗਸ਼ਤ ਅਤੇ ਫਲੈਗ ਮਾਰਚ ਕਰਕੇ ਜਾਂਚ ਕੀਤੀ ਗਈ। ਰੇਲਵੇ ਸਟੇਸ਼ਨ 'ਤੇ ਚੈਕਿੰਗ-ਪੈਸੈਂਜਰ ਬੈਗਾਂ ਦੀ ਸਕੈਨਿੰਗ, ਰਿਕਾਰਡ ਜਾਂਚ ਕੀਤੀ ਗਈ, ਸ਼ੱਕੀ ਵਿਅਕਤੀਆਂ ਨੂੰ ਚੈੱਕ ਕੀਤਾ ਗਿਆ, ਅਤੇ ਸਵਾਰੀਆਂ ਦੇ ਬੈਗਾਂ ਦੀ ਜਾਂਚ ਕੀਤੀ।ਜੀ.ਆਰ.ਪੀ ਪੁਲਿਸ ਟੀਮ ਦੇ ਨਾਲ ਮਿਲ ਕੇ ਆਉਣ-ਜਾਣ ਵਾਲੇ ਸ਼ੱਕੀ ਵਿਅਕਤੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀ ਪਛਾਣ ਪੁਸ਼ਟੀ ਕੀਤੀ ਗਈ। ਕਈ ਵਿਅਕਤੀਆਂ ਦੇ ਰਿਕਾਰਡ ਪੀ ਏ ਐਲ ਐਸ ਐਪ ਰਾਹੀਂ ਤੁਰੰਤ ਵੇਰੀਫਾਈ ਕੀਤੇ ਗਏ, ਤਾਂ ਜੋ ਉਹਨਾਂ ਦੇ ਕਿਸੇ ਕ੍ਰਿਮੀਨਲ ਰਿਕਾਰਡ ਨੂੰ ਜਾਂਚਿਆ ਜਾ ਸਕੇ। ਬੱਸ ਸਟੈਂਡ ਦੀ ਚੈਕਿੰਗ ਕੀਤੀ ਗਈ। ਸ੍ਰੀ ਪਰਦੀਪ ਸਿੰਘ ਡੀ ਐਸ ਪੀ ਐਨ.ਡੀ.ਪੀ.ਐੱਸ ਵੱਲੋਂ ਵੱਖ-ਵੱਖ ਪੁਲਿਸ ਟੀਮਾਂ ਨਾਲ ਸ਼ਹਿਰ ਦੇ ਵੱਖ-ਵੱਖ ਥਾਵਾਂ 'ਤੇ ਨਾਕੇ ਲਗਾਏ।

## ਸੁਪਰੀਮ ਇੰਟਰਨੈਸ਼ਨਲ 'ਚ 'ਧਰਤੀ ਦਿਵਸ' ਸੰਬੰਧੀ ਮੁਕਾਬਲੇ ਕਰਵਾਏ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਧਰਤੀ ਦਿਵਸ ਸੰਬੰਧੀ ਵੱਖ-ਵੱਖ ਪ੍ਰਤਿਯੋਗਤਾਵਾਂ ਕਰਵਾਈਆਂ ਗਈਆਂ।ਇਸ ਮੌਕੇ ਮੁੱਖ ਮਹਿਮਾਨ ਵਜੋਂ ਕੁੰਜਮੋਲ ਜੋਆਏ, ਡਾਇਰੈਕਟਰ ਮੋਹਨੀਸ਼ ਮਿਸ਼ਾ ਨੇ ਸ਼ਿਰਕਤ ਕੀਤੀ। ਵਿਦਿਆਰਥੀਆਂ 'ਚ ਪੋਸਟਰ ਬਣਾਉਣ, ਲੇਖ ਲਿਖਣ ਅਤੇ ਕਵਿਤਾ ਸੁਣਾਉਣ ਦੀਆਂ ਵੱਖ- ਵੱਖ ਪ੍ਰਤਿਯੋਗਿਤਾਵਾਂ ਕਰਵਾਈਆਂ ਗਈਆਂ।ਸਭ ਤੋਂ ਪਹਿਲਾਂ ਬੱਚਿਆਂ 'ਚ ਪੋਸਟਰ ਬਣਾਉਣ ਦੀ ਪ੍ਰਤਿਯੋਗਤਾ ਕਰਵਾਈ ਗਈ।ਜਿਸ ਦਾ ਵਿਸ਼ਾ ਧਰਤੀ ਦਿਵਸ ਸੰਬੰਧੀ ਰੱਖਿਆ ਗਿਆ ਅਤੇ ਫਿਰ ਇਸੇ ਵਿਸ਼ੇ ਉੱਪਰ ਵਿਦਿਆਰਥੀਆਂ ਦੁਆਰਾ ਲੇਖ ਲਿਖਣ ਦੀ ਪ੍ਰਤਿਯੋਗਤਾ ਵੀ ਕਰਵਾਈ ਗਈ।ਜਿਸ ਵਿੱਚ ਵਿਦਿਆਰਥੀਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਤੋਂ ਬਾਅਦ ਵਿਦਿਆਰਥੀਆਂ ਵਿੱਚ ਕਵਿਤਾ ਸੁਣਾਉਣ ਦੀ ਪ੍ਰਤਿਯੋਗਤਾ ਕਰਵਾਈ ਗਈ। ਮੁੱਖ ਮਹਿਮਾਨਾਂ ਵੱਲੋਂ ਵਿਜੇਤਾ ਵਿਦਿਆਰਥੀਆਂ ਨੂੰ ਸਨਮਾਨਿਤ ਕਰਦਿਆਂ ਸਰਟੀਫਿਕੇਟ ਦਿੱਤੇ ਗਏ।

## ਗੁਰੂ ਨਾਨਕ ਮੋਦੀਖਾਨਾ ਲਈ 5 ਹਜ਼ਾਰ ਰੁਪਏ ਦਾ ਦਾਨ



**ਕੋਟਕਪੂਰਾ (ਰਛਪਾਲ ਭੁੱਲਰ)**-'ਗੁੱਡ ਮੌਰਨਿੰਗ ਵੈਲਫੇਅਰ ਕਲੱਬ' ਵੱਲੋਂ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜ ਨਿਰੰਤਰ ਜਾਰੀ ਹਨ। ਕਲੱਬ ਦੇ ਐਨ.ਆਰ.ਆਈ. ਮਾਮਲਿਆਂ ਦੇ ਇੰਚਾਰਜ ਠੇਕੇਦਾਰ ਪ੍ਰੇਮ ਮੈਣੀ ਦੇ ਸਹਿਯੋਗ ਨਾਲ ਕਲੱਬ ਨੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵਲੋਂ ਸਥਾਨਕ ਸਿੱਖਾਂਵਾਲਾ ਰੋਡ 'ਤੇ ਚਲਾਏ ਜਾ ਰਹੇ ਗੁਰੂ ਨਾਨਕ ਮੋਦੀਖਾਨਾ ਲਈ ਪੰਜ ਹਜਾਰ ਰੁਪਏ ਦਾ ਚੈੱਕ ਹਰਪ੍ਰੀਤ ਸਿੰਘ ਖਾਲਸਾ ਨੂੰ ਸੌਂਪਿਆ। ਕਲੱਬ ਦੇ ਪ੍ਰਧਾਨ ਡਾ ਮਨਜੀਤ ਸਿੰਘ ਢਿੱਲੋਂ ਅਤੇ ਚੇਅਰਮੈਨ ਪੱਪੂ ਲਹੌਰੀਆ ਦੀ ਅਗਵਾਈ ਹੇਠ ਵਿੱਤ ਸਕੱਤਰ ਜਸਕਰਨ ਸਿੰਘ ਭੱਟੀ, ਓਮ ਪ੍ਰਕਾਸ਼ ਗੁਪਤਾ, ਪ੍ਰੋ ਐਚ ਐਸ ਪਦਮ, ਡਾ ਦੇਵ ਰਾਜ, ਸੁਰਿੰਦਰ ਸਿੰਘ ਸਦਿਉੜਾ ਨੇ ਚੈੱਕ ਸੌਂਪਣ ਉਪਰੰਤ ਕਿਹਾ ਕਿ ਹੁਣ ਕਲੱਬ ਵਲੋਂ ਕਿਸੇ ਵੀ ਲੋੜਵੰਦ ਦੀ ਮੱਦਦ ਕਰਨ ਤੋਂ ਪਹਿਲਾਂ ਸਬੰਧਤ ਪਰਿਵਾਰ ਦੀ ਪੜਤਾਲ ਲਈ ਹਰਪ੍ਰੀਤ ਸਿੰਘ ਖਾਲਸਾ ਦਾ ਸਹਿਯੋਗ ਲਿਆ ਜਾਂਦਾ ਹੈ। ਹਰਦੀਪ ਸਿੰਘ ਫਿੱਡੂ ਭਲਵਾਨ, ਦਰਸ਼ਨ ਸਿੰਘ ਆਰੇਵਾਲਾ, ਸੁਖਵਿੰਦਰ ਸਿੰਘ ਬਾਗੀ, ਸਰਪੰਚ ਜੋਗਿੰਦਰ ਸਿੰਘ ਸੂਰਘੁਰੀ, ਇੰਸ. ਨਛੱਤਰ ਸਿੰਘ, ਰਾਜੂ ਸਚਦੇਵਾ, ਪੱਪਾ ਮਲਹੋਤਰਾ, ਪਵਨ ਧੀਂਗੜਾ, ਟੀਟੂ ਛਾਬੜਾ ਆਦਿ ਵੀ ਹਾਜਰੀ ਵਿੱਚ ਹਰਪ੍ਰੀਤ ਸਿੰਘ ਖਾਲਸਾ ਨੇ ਦੱਸਿਆ ਕਿ ਹੁਣ ਤੱਕ ਇਲਾਕੇ ਦੇ 38 ਹਜਾਰ ਤੋਂ ਜਿਆਦਾ ਪਰਵਾਰ ਗੁਰੂ ਨਾਨਕ ਮੋਦੀਖਾਨਾ ਤੋਂ ਵੱਖ-ਵੱਖ ਕਿਸਮ ਦੀ ਮੱਦਦ ਲੈ ਚੁੱਕੇ ਹਨ। ਇਸ ਮੌਕੇ ਉਪਰੋਕਤ ਤੋਂ ਇਲਾਵਾ ਹਰਜੀਤ ਸਿੰਘ ਮੱਕੜ, ਕੁਲਭੂਸ਼ਨ ਕੋੜਾ, ਭੀਮ ਸੈਨ, ਗੁਲਸ਼ਨ ਕੁਮਾਰ ਛਾਬੜਾ, ਪ੍ਰੇਮ ਸਿੰਘ ਢੱਲਾ, ਗੁਰਤੇਜ ਸਿੰਘ, ਪ੍ਰਿੰਸ ਸਚਦੇਵਾ, ਬੱਬੂ ਚੰਨ ਆਦਿ ਵੀ ਹਾਜ਼ਰ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਨਵਾਂ ਜ਼ਮਾਨਾ

ਸ਼ੁੱਕਰਵਾਰ, 24 ਅਪ੍ਰੈਲ 2026

# ਟਰੰਪ ਨਹੀਂ ਟਲਦਾ

*ਭਾਰਤੀ ਵਫਦ ਵਪਾਰ ਸਮਝੌਤੇ ’ਤੇ ਗੱਲਬਾਤ ਕਰਨ ਲਈ ਅਮਰੀਕਾ ਦਾ ਦੌਰਾ ਕਰਨ ਵਾਲਾ ਹੈ। ਕੁਝ ਦਿਨ ਪਹਿਲਾਂ ਅਮਰੀਕੀ ਰਾਸ਼ਟਰਪਤੀ ਟਰੰਪ ਨੇ ਈਰਾਨ ਯੁੱਧ ਦੌਰਾਨ ਪ੍ਰਧਾਨ ਮੰਤਰੀ ਮੋਦੀ ਨਾਲ 40 ਮਿੰਟ ਗੱਲਬਾਤ ਕੀਤੀ। ਇਨ੍ਹਾਂ ਦੋਵਾਂ ਰਿਪੋਰਟਾਂ ਨੂੰ ਭਾਰਤੀ ਮੀਡੀਆ ਨੇ ਵਿਆਪਕ ਤੌਰ ’ਤੇ ਪ੍ਰਚਾਰਿਆ, ਪਰ ਹੁਣ ਉਸੇ ਟਰੰਪ ਨੇ ਆਪਣੇ ਟਵਿੱਟਰ ਅਕਾਊਂਟ ’ਤੇ ਇੱਕ ਪੱਤਰ ਸਾਂਝਾ ਕੀਤਾ ਹੈ, ਜਿਸ ਵਿੱਚ ਭਾਰਤ ਅਤੇ ਚੀਨ ਨੂੰ ਨਰਕ ਦੱਸਿਆ ਗਿਆ ਹੈ। ਟਰੰਪ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ ਟਰੂਥ ਸੋਸ਼ਲ ’ਤੇ ਵਿਵਾਦਪੂਰਨ ਪੱਤਰ ਦੁਬਾਰਾ ਪੋਸਟ ਕੀਤਾ ਹੈ, ਜਿਸ ਵਿੱਚ ਭਾਰਤ, ਚੀਨ ਅਤੇ ਹੋਰ ਦੇਸ਼ਾਂ ਨੂੰ ਨਰਕ ਕਿਹਾ ਗਿਆ ਹੈ ਅਤੇ ਜਨਮ ਸਿੱਧ ਨਾਗਰਿਕਤਾ ਦੀ ਅਮਰੀਕੀ ਨੀਤੀ ’ਤੇ ਤਿੱਖਾ ਹਮਲਾ ਕੀਤਾ ਗਿਆ ਹੈ। ਪੱਤਰ ਵਿੱਚ ਦਲੀਲ ਦਿੱਤੀ ਗਈ ਹੈ ਕਿ ਜਨਮ ਅਧਿਕਾਰ ਨਾਗਰਿਕਤਾ ਪ੍ਰਵਾਸੀਆਂ ਨੂੰ ਅਮਰੀਕਾ ਵਿੱਚ ਆਸਾਨੀ ਨਾਲ ਆਪਣੇ-ਆਪ ਨੂੰ ਸਥਾਪਤ ਕਰਨ ਦੀ ਆਗਿਆ ਦਿੰਦੀ ਹੈ। ਇੱਥੇ ਪੈਦਾ ਹੋਇਆ ਬੱਚਾ ਤੁਰੰਤ ਨਾਗਰਿਕ ਬਣ ਜਾਂਦਾ ਹੈ ਅਤੇ ਫਿਰ ਆਪਣੇ ਪੂਰੇ ਪਰਵਾਰ ਨੂੰ ਚੀਨ, ਭਾਰਤ ਜਾਂ ਦੁਨੀਆ ਦੇ ਕਿਸੇ ਹੋਰ ਨਰਕ ਤੋਂ ਇੱਥੇ ਲੈ ਆਉਂਦਾ ਹੈ। ਪੱਤਰ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਅਮਰੀਕੀ ਨੀਤੀ ਪ੍ਰਵਾਸੀਆਂ ਨੂੰ ਦੇਸ਼ ਵਿੱਚ ਵਸਣ ਦਾ ਇੱਕ ਆਸਾਨ ਰਸਤਾ ਪ੍ਰਦਾਨ ਕਰਦੀ ਹੈ, ਗੈਰਕਾਨੂੰਨੀ ਇਮੀਗ੍ਰੇਸ਼ਨ ਨੂੰ ਉਤਸ਼ਾਹਤ ਕਰਦੀ ਹੈ।*

*ਅਸਲ ਪੋਸਟ ਅਮਰੀਕੀ ਰੇਡੀਓ ਹੋਸਟ ਮਾਈਕਲ ਸੇਵੇਜ ਦੀ ਸੀ, ਜਿਸ ਵਿੱਚ ਜਨਮ ਅਧਿਕਾਰ ਨਾਗਰਿਕਤਾ ਦੇ ਮੁੱਦੇ ਦਾ ਫੈਸਲਾ ਅਦਾਲਤਾਂ ਦੀ ਬਜਾਏ ਆਮ ਨਾਗਰਿਕਾਂ ਦੁਆਰਾ ਕਰਨ ਦੀ ਵਕਾਲਤ ਕੀਤੀ ਗਈ ਹੈ। ਇਹ ਅਮਰੀਕੀ ਸਿਵਲ ਲਿਬਰਟੀਜ਼ ਯੂਨੀਅਨ (ਏ ਸੀ ਐੱਲ ਯੂ) ਅਤੇ ਹੋਰ ਕਾਨੂੰਨੀ ਸੰਗਠਨਾਂ ਦੀ ਆਲੋਚਨਾ ਕਰਦਿਆਂ ਦਲੀਲ ਦਿੰਦੀ ਹੈ ਕਿ ਇਹ ਸੰਸਥਾਵਾਂ ਗੈਰਕਾਨੂੰਨੀ ਇਮੀਗ੍ਰੇਸ਼ਨ ਨੂੰ ਉਤਸ਼ਾਹਤ ਕਰਨ ਵਾਲੀਆਂ ਨੀਤੀਆਂ ਦੀ ਤਰਫਦਾਰੀ ਕਰਦੀਆਂ ਹਨ, ਜਿਸ ਨਾਲ ਜਨਤਕ ਸਰੋਤਾਂ ’ਤੇ ਬੋਝ ਵਧਦਾ ਹੈ। ਪ੍ਰਵਾਸੀ ਸਿਹਤ ਸੰਭਾਲ ਅਤੇ ਭਲਾਈ ਪ੍ਰੋਗਰਾਮਾਂ ਦੀ ਦੁਰਵਰਤੋਂ ਕਰਦੇ ਹਨ, ਖਾਸ ਕਰਕੇ ਕੈਲੀਫੋਰਨੀਆ ਵਰਗੇ ਰਾਜਾਂ ਵਿੱਚ।*

*ਭਾਰਤ ਅਤੇ ਚੀਨ ਵਰਗੇ ਦੇਸ਼ਾਂ ਨੂੰ ਨਰਕ ਵਜੋਂ ਦਰਸਾਉਣ ਵਾਲੀ ਇਸ ਪੋਸਟ ਨੇ ਅੰਤਰਰਾਸ਼ਟਰੀ ਵਿਵਾਦ ਖੜ੍ਹਾ ਕਰ ਦਿੱਤਾ ਹੈ। ਭਾਰਤ ਅਤੇ ਚੀਨ ਦੋਵੇਂ ਹੀ ਵੱਡੇ ਦੇਸ਼ ਹਨ, ਜੋ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ, ਪੇਸ਼ੇਵਰਾਂ ਅਤੇ ਪ੍ਰਵਾਸੀਆਂ ਨੂੰ ਅਮਰੀਕਾ ਭੇਜਦੇ ਹਨ। ਟਰੰਪ ਦੀ ਤਾਜ਼ਾ ਹਰਕਤ ਅਮਰੀਕਾ ਵਿੱਚ ਇਮੀਗ੍ਰੇਸ਼ਨ ਨੀਤੀ ’ਤੇ ਚੱਲ ਰਹੀ ਗਰਮ ਬਹਿਸ ਦੇ ਵਿਚਕਾਰ ਆਈ ਹੈ, ਜਿੱਥੇ ਟਰੰਪ ਪ੍ਰਸ਼ਾਸਨ ਗੈਰਕਾਨੂੰਨੀ ਇਮੀਗ੍ਰੇਸ਼ਨ ਨੂੰ ਰੋਕਣ ਲਈ ਸਖਤ ਉਪਾਵਾਂ ’ਤੇ ਜ਼ੋਰ ਦੇ ਰਿਹਾ ਹੈ। ਕਾਂਗਰਸ ਨੇ ਕਿਹਾ ਹੈ ਕਿ ਟਰੰਪ ਦੀ ਹਰਕਤ ਅਪਮਾਨਜਨਕ ਅਤੇ ਭਾਰਤ ਵਿਰੋਧੀ ਹੈ। ਇਸ ਤੋਂ ਹਰ ਭਾਰਤੀ ਦੁਖੀ ਹੈ। ਪ੍ਰਧਾਨ ਮੰਤਰੀ ਮੋਦੀ ਨੂੰ ਅਮਰੀਕੀ ਰਾਸ਼ਟਰਪਤੀ ਨਾਲ ਗੱਲ ਕਰਨੀ ਚਾਹੀਦੀ ਹੈ ਅਤੇ ਸਖਤ ਵਿਰੋਧ ਦਰਜ ਕਰਵਾਉਣਾ ਚਾਹੀਦਾ ਹੈ। ਹਾਲਾਂਕਿ ਮੋਦੀ ਦੇ ਟਰੈਕ ਰਿਕਾਰਡ ਨੂੰ ਦੇਖਦੇ ਹੋਏ ਇਹ ਸੰਭਾਵਨਾ ਨਹੀਂ ਕਿ ਉਹ ਟਰੰਪ ਨਾਲ ਗੱਲ ਕਰ ਸਕਣਗੇ। ਟਰੰਪ ਲਗਾਤਾਰ ਭਾਰਤ ਬਾਰੇ ਅਪਮਾਨਜਨਕ ਟਿੱਪਣੀਆਂ ਕਰਦੇ ਹਨ, ਜਦੋਂ ਕਿ ਮੋਦੀ ਚੁੱਪਚਾਪ ਸੁਣਦੇ ਹਨ। ਨਰਿੰਦਰ ਮੋਦੀ ਇੱਕ ਕਮਜ਼ੋਰ ਪ੍ਰਧਾਨ ਮੰਤਰੀ ਹਨ ਅਤੇ ਪੂਰਾ ਦੇਸ਼ ਇਸ ਦੇ ਨਤੀਜੇ ਭੁਗਤ ਰਿਹਾ ਹੈ।*

## ਪਾਠਕ-ਸੱਥ

### ਬਿਜਲੀ ਕੱਟ

ਕਣਕ ਦੀ ਵਢਾਈ ਦਾ ਸੀਜ਼ਨ ਪੂਰੇ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ। ਕਿਸਾਨਾਂ ਦੀ ਪੂਰੇ ਸਾਲ ਦੀ ਮਿਹਨਤ ਨੂੰ ਬਚਾਉਣ ਲਈ ਬਿਜ਼ਲੀ ਵਿਭਾਗ ਨੇ ਵੀ ਦਿਨ ਵਿੱਚ ਬਿਜਲੀ ਬੰਦ ਕਰਨ ਦਾ ਸ਼ਲਾਘਾਯੋਗ ਕਦਮ ਉਠਾਇਆ ਹੈ, ਕਿਉਂਕਿ ਬਿਜਲੀ ਦੀਆ ਚਿੰਗਾਰੀਆਂ ਕਰਕੇ ਕਣਕ ਅਤੇ ਉਸ ਦੇ ਨਾੜ ਬਲਣ ਕਰਕੇ ਨੁਕਸਾਨ ਹੋਣ ਦੀ ਸੰਭਾਵਨਾ ਰਹਿੰਦੀ ਹੈ, ਪ੍ਰੰਤੂ ਬੀਤੀ ਸਤਾਰਾਂ ਅਪ੍ਰੈਲ ਨੂੰ ਸ਼ਾਮ ਸੱਤ ਵਜੇ ਤੋਂ ਲੈ ਕੇ ਬਾਰਾਂ ਵਜੇ ਤੱਕ ਅਤੇ ਫ਼ਿਰ ਚਾਰ ਵਜੇ ਦੁਬਾਰਾ ਫ਼ਿਰ ਬਿਜਲੀ ਦਾ ਗੁੱਲ ਹੋ ਜਾਣਾ ਜਿਥੇ ਆਮ ਲੋਕਾਂ ਲਈ ਮੁਸ਼ਕਲਾਂ ਭਰਪੂਰ ਰਿਹਾ, ਉਥੇ ਬਿਜਲੀ ਵਿਭਾਗ ਦੀ ਅਣਗਹਿਲੀ ਵੀ ਸਾਹਮਣੇ ਆਈ।ਟੋਲ ਫ੍ਰੀ ਨੰਬਰ ’ਤੇ ਕਾਲ ਕਰਨਾ ਉਸ ਦਾ ਅੱਗੋਂ ਵਿਅਸਥ ਆਉਣਾ, ਕਦੇ ਬਿਜਲੀ ਸਾਢੇ ਦਸ ਆਵੇਗੀ, ਕਦੇ ਗਿਆਰਾਂ ਵਜੇ ਆਵੇਗੀ, ਇਸ ਦਾ ਲਾਰਾ-ਲੱਪਾ ਲਾਈ ਰੱਖਣਾ ਲੋਕਾਂ ਨੂੰ ਖੱਜਲ-ਖੁਆਰ ਕਰਨ ਦੀ ਮਨਸ਼ਾ ਹੈ। ਜੇਕਰ ਕੋਈ ਕੱਟ ਹੈ ਤਾਂ ਉਸ ਦੀ ਦਰੁਸਤ ਜਾਣਕਾਰੀ। ਅਗਾਊਂ ਅਗਾਂਊ ਕਿਉਂ ਨਹੀਂ ਦਿੱਤੀ ਜਾਂਦੀ।ਵਿਭਾਗ ਦੇ ਦਿੱਤੇ ਮੋਬਾਇਲ ਨੰਬਰ ਕਿਉਂ ਨਹੀਂ ਚੁੱਕੇ ਜਾਂਦੇ? ਜੇਕਰ ਫ਼ੋਨ ਚੁੱਕਣਾ ਹੀ ਨਹੀਂ ਫ਼ਿਰ ਨੰਬਰ ਦੇਣ ਦੀ ਕੀ ਲੋੜ ਹੈ।

-ਰਜਵਿੰਦਰ ਪਾਲ ਸ਼ਰਮਾ, 7087367969

# ਹਰੀ ਕ੍ਰਾਂਤੀ ਤੋਂ ਬਾਅਦ ਹਰਿਆਲੀ ਉੱਜੜੀ

ਪੰਜ ਦਰਿਆਵਾਂ ਦੀ ਧਰਤੀ ਪੰਜਾਬ ਅਖਵਾਉਣ ਵਾਲਾ ਸੂਬਾ ਇਸ ਵੇਲੇ ਆਪਣੀ ਹਰਿਆਲੀ ਨੂੰ ਲੈ ਕੇ ਚਿੰਤਾ ਵਿੱਚ ਡੁੱਬਿਆ ਹੋਇਆ ਹੈ। ਪੰਜਾਬ ਦੀ ਹਰਿਆਲੀ ਏਨੀ ਸੁੰਗੜ ਚੁੱਕੀ ਹੈ ਕਿ ਇੱਥੇ ਰੁੱਖਾਂ ਨਾਲੋਂ ਵੱਧ ਸੜਕਾਂ ਵਿਖਾਈ ਦੇ ਰਹੀਆਂ ਨੇ। ਵਿਕਾਸ ਦੇ ਨਾਂਅ ’ਤੇ ਪੰਜਾਬ ਵਿੱਚ ਪਿਛਲੇ ਕੁਝ ਸਾਲਾਂ ਦੇ ਦੌਰਾਨ ਵੱਡੇ ਹਾਈਵੇ ਕੱਢੇ ਗਏ ਅਤੇ ਨਵੀਆਂ ਰੇਲ ਲਾਈਨਾਂ ਵਿਛਾਈਆਂ ਗਈਆਂ, ਇਹਨਾਂ ਹਾਈਵੇ ਅਤੇ ਰੇਲ ਟਰੈਕਾਂ ਦਾ ਪੰਜਾਬ ਦੀ ਆਮ ਜਨਤਾ ਨੂੰ ਤਾਂ ਘੱਟ ਫ਼ਾਇਦਾ ਹੋਇਆ, ਜਦੋਂ ਕਿ ਕਾਰਪੋਰੇਟ ਘਰਾਣਿਆਂ ਨੇ ਇਸ ਰਾਹੀਂ ਆਪਣਾ ਢਿੱਡ ਚੋਖਾ ਭਰਿਆ।

ਇਸ ਵੇਲੇ ਹਾਲਾਤ ਇਹ ਬਣ ਚੁੱਕੇ ਨੇ ਕਿ ਪੰਜਾਬ ਵਿੱਚ ਰੁੱਖਾਂ ਨਾਲੋਂ ਵੱਧ ਸੜਕਾਂ ਦੀ ਗਿਣਤੀ ਹੋ ਗਈ ਹੈ। ਹਰੀ ਕ੍ਰਾਂਤੀ ਤੋਂ ਬਾਅਦ ਜਿੱਥੇ ਪੰਜਾਬ ਨੇ ਆਪਣਾ ਪਾਣੀ ਖੋਹਿਆ, ਹਵਾ ਨੂੰ ਪ੍ਰਦੂਸ਼ਤ ਕੀਤਾ ਅਤੇ ਵਾਤਾਵਰਨ ਨੂੰ ਗੰਦਲਾ ਕੀਤਾ, ਬੇਸ਼ੱਕ ਹਰੀ ਕ੍ਰਾਂਤੀ ਨੇ ਦੇਸ਼ ਦਾ ਢਿੱਡ ਭਰਿਆ, ਪਰ ਅਸਲੀਅਤ ਇਹ ਹੈ ਕਿ ਇਸ ਹਰੀ ਕ੍ਰਾਂਤੀ ਦੇ ਨਾਂਅ ’ਤੇ ਪੰਜਾਬ ਦਾ ਉਜਾੜਾ ਹੀ ਹੋਇਆ। ਪਹਿਲਾਂ ਹਰੀ ਕ੍ਰਾਂਤੀ ਦੇ ਨਾਂਅ ’ਤੇ ਅਤੇ ਹੁਣ ਵਿਕਾਸ ਦੇ ਨਾਂਅ ’ਤੇ ਪੰਜਾਬ ਨੂੰ ਉਜਾੜਿਆ ਜਾ ਰਿਹਾ ਹੈ। ਤਾਜ਼ਾ ਸਥਿਤੀ ਇਹ ਹੈ ਕਿ ਪੰਜਾਬ ਵਿੱਚ ਰੁੱਖਾਂ ਦੀ ਗਿਣਤੀ ਪਿਛਲੇ ਕੁਝ ਸਾਲਾਂ ਦੇ ਨਾਲੋਂ ਬੇਹੱਦ ਘਟੀ ਹੈ।

ਇਸ ਦੇ ਕਈ ਕਾਰਨ ਸਾਹਮਣੇ ਆਏ ਨੇ, ਪਰ ਜਿਹੜਾ ਕਾਰਨ ਸਭ ਤੋਂ ਅਹਿਮ ਸਾਹਮਣੇ ਆਇਆ ਹੈ, ਉਹ ਇਹ ਹੈ ਕਿ ਪੰਜਾਬ ਵਿੱਚ ਵਿਕਾਸ ਦੇ ਨਾਂਅ ’ਤੇ ਬਣਾਈਆਂ ਗਈਆਂ ਕਲੋਨੀਆਂ-ਸੋਸਾਇਟੀਆਂ ਤੋਂ ਇਲਾਵਾ ਵੱਡੀਆਂ ਸੜਕਾਂ ਅਤੇ ਵੱਡੇ-ਵੱਡੇ ਮਾਲ ਬਾਜ਼ਾਰ ਹਨ, ਭਾਵੇਂ ਕਿ ਅਸੀਂ ਇਸ ਗੱਲ ਤੋਂ ਮੁਨਕਰ ਨਹੀਂ ਹੋ ਸਕਦੇ ਕਿ ਇਹਨਾਂ ਸਭ ਨੇ ਸਾਡੇ ਆਮ ਲੋਕਾਂ ਨੂੰ ਥੋੜ੍ਹੀ ਬਹੁਤ ਸਹੂਲਤ ਦਿੱਤੀ ਹੈ, ਪਰ ਦੂਜੇ ਪਾਸੇ ਇਸ ਸਭ ਨੇ ਪੰਜਾਬ ਦਾ ਸੱਤਿਆਨਾਸ ਕਰਕੇ ਰੱਖ ਦਿੱਤਾ ਹੈ।

ਤਾਜ਼ਾ ਸਾਹਮਣੇ ਆਈ ਰਿਪੋਰਟ ਦੇ ਮੁਤਾਬਕ ਪੰਜਾਬ ਵਿੱਚ ਹਰਿਆਲੀ ਲਗਭਗ ਗ਼ਾਇਬ ਹੋ ਚੁੱਕੀ ਹੈ। ਸਰਕਾਰੀ ਅੰਕੜਿਆਂ ’ਤੇ ਝਾਤ ਮਾਰੀਏ ਤਾਂ ਪੰਜਾਬ ਵਿੱਚ ਜੰਗਲ ਹੇਠਲਾ ਰਕਬਾ ਸੁੰਗੜ ਕੇ 6.59 ਫ਼ੀਸਦੀ ਹੀ ਰਹਿ ਗਿਆ ਹੈ, ਜੋ ਕਿ ਬਾਕੀ ਸਾਰੇ ਰਾਜਾਂ ਨਾਲੋਂ ਸਭ ਤੋਂ ਘੱਟ ਹੈ।

ਪੰਜਾਬ ਤੋਂ ਰਾਜ ਸਭਾ ਮੈਂਬਰ ਬਲਬੀਰ ਸਿੰਘ ਸੀਚੇਵਾਲ ਵੱਲੋਂ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕੇਂਦਰੀ ਜੰਗਲਾਤ ਤੇ ਵਾਤਾਵਰਨ ਮੰਤਰੀ ਕੀਰਤੀ ਵਰਧਨ ਨੇ ਦੱਸਿਆ ਕਿ ਦੇਸ਼ ਵਿੱਚ ਜੰਗਲ ਹੇਠ ਰਕਬਾ 8,27,357.95 ਵਰਗ ਕਿਲੋਮੀਟਰ ਹੈ, ਜੋ ਕਿ ਦੇਸ਼ ਦੇ ਕੁੱਲ ਭੂਗੋਲਿਕ ਖੇਤਰ 32, 87, 468.88 ਵਰਗ ਕਿਲੋਮੀਟਰ ਦਾ ਕੇਵਲ 25.17 ਫ਼ੀਸਦੀ ਹੈ, ਜਦਕਿ ਪੰਜਾਬ ਵਿੱਚ ਜੰਗਲ ਹੇਠ ਰਕਬਾ ਸੁੰਗੜ ਕੇ ਸਿਰਫ਼ 6.59 ਫ਼ੀਸਦੀ ਹੀ ਰਹਿ ਗਿਆ ਹੈ, ਜੋ ਕਿ ਬਾਕੀ ਸਾਰੇ ਰਾਜਾਂ ਨਾਲੋਂ ਸਭ ਤੋਂ ਘੱਟ ਹੈ।

ਇਹ ਅੰਕੜੇ ਸਾਹਮਣੇ ਆਉਣ ਤੋਂ ਬਾਅਦ ਅਸੀਂ ਕਿਵੇਂ ਕਹਿ ਸਕਦੇ ਹਾਂ ਕਿ ਅਸੀਂ ਪੰਜਾਬ ਨੂੰ ਸੋਨੇ ਦੀ ਚਿੜੀ ਬਣਾਵਾਂਗੇ? ਪੰਜਾਬ ਨੂੰ ਤਾਂ ਸਮੇਂ ਦੀਆਂ ਹਕੂਮਤਾਂ ਨੇ ਵਿਕਾਸ ਦੇ ਨਾਂਅ ’ਤੇ ਜਿਸ ਤਰੀਕੇ ਦੇ ਨਾਲ ਉਜਾੜਿਆ ਹੈ, ਉਸ ਤੋਂ ਸਾਫ਼ ਹੋ ਜਾਂਦਾ ਹੈ ਕਿ ਇਹ ਹਕੂਮਤਾਂ ਕਦੇ ਵੀ ਨਹੀਂ ਚਾਹੁੰਦੀਆਂ ਕਿ ਪੰਜਾਬ ਦਾ ਪਾਣੀ ਸ਼ੁੱਧ ਰਹੇ, ਪੰਜਾਬ ਦੀ ਹਵਾ ਸ਼ੁੱਧ ਰਹੇ ਅਤੇ ਪੰਜਾਬ ਦਾ ਵਾਤਾਵਰਨ ਅਤੇ ਪੰਜਾਬ ਦੇ ਲੋਕ ਤੰਦਰੁਸਤ ਰਹਿਣ।



ਗੁਰਪ੍ਰੀਤ

ਇੱਥੇ ਇਹ ਵੀ ਜ਼ਿਕਰ ਕਰਨਾ ਬਣਦਾ ਹੈ ਕਿ ਇਕੱਲੇ ਪੰਜਾਬ ਵਿੱਚ ਹੀ ਜੰਗਲਾਤ ਦਾ ਰਕਬਾ ਨਹੀਂ ਘਟਿਆ, ਬਲਕਿ ਜਿਨ੍ਹਾਂ ਸੂਬਿਆਂ ਵਿੱਚ ਅਰਾਵਲੀ ਪਰਬਤ ਹੈ, ਉੱਥੇ ਵੀ ਜੰਗਲਾਤ ਦਾ ਰਕਬਾ ਘਟਿਆ ਹੈ, ਕਿਉਂਕਿ ਉੱਥੇ ਵੱਡੇ ਪੱਧਰ ’ਤੇ ਰੁੱਖਾਂ ਨੂੰ ਵਿਕਾਸ ਦੇ ਨਾਂਅ ’ਤੇ ਵੱਢਿਆ ਗਿਆ ਅਤੇ ਜਦੋਂ ਸੁਪਰੀਮ ਕੋਰਟ ਦਾ ਡੰਡਾ ਇਸ ’ਤੇ ਚੱਲਿਆ ਤਾਂ ਅਰਾਵਲੀ ਪਰਬਤਾਂ ਨੂੰ ਬਚਾ ਲਿਆ ਗਿਆ।



ਵੈਸੇ ਪੰਜਾਬ ਸਮੇਤ ਦੇਸ਼ ਭਰ ਵਿੱਚ ਰੁੱਖਾਂ ਦੀ ਕਟਾਈ ਅਤੇ ਨਜਾਇਜ਼ ਮਾਈਨਿੰਗ ਦੇ ਕਾਰਨ ਭਾਰੀ ਤਬਾਹੀ ਮਚ ਰਹੀ ਹੈ, ਕਿਤੇ ਸਮੇਂ ਤੋਂ ਪਹਿਲਾਂ ਬਾਰਿਸ਼ਾਂ ਹੋ ਰਹੀਆਂ ਨੇ ਅਤੇ ਕਿਤੇ ਸਮੇਂ ਤੋਂ ਪਹਿਲਾਂ ਭਿਆਨਕ ਗਰਮੀ ਪੈ ਰਹੀ ਹੈ। ਦੇਸ਼ ਦੇ ਬਹੁਤ ਸਾਰੇ ਹਿੱਸਿਆਂ ਵਿੱਚ ਇਸ ਵੇਲੇ ਸੋਕੇ ਦੀ ਮਾਰ ਵੀ ਦੇਖਣ ਨੂੰ ਮਿਲ ਰਹੀ ਹੈ। ਜੇਕਰ ਇਸੇ ਤਰ੍ਹਾਂ ਹੀ ਚਲਦਾ ਰਿਹਾ ਤਾਂ ਆਉਣ ਵਾਲਾ ਸਮਾਂ ਬੇਹੱਦ ਭਿਆਨਕ ਹੋਵੇਗਾ।

ਦੱਸਦੇ ਚੱਲੀਏ ਕਿ ਬੇਸ਼ੱਕ ਰਾਜਸਥਾਨ ਵਰਗੇ ਰੇਤਲੇ ਸੂਬੇ ਅੰਦਰ ਵੱਡੇ ਪੱਧਰ ’ਤੇ ਰੁੱਖ ਲਗਾਉਣਾ ਇੱਕ ਚੁਣੌਤੀ-ਪੂਰਨ ਕੰਮ ਹੈ। ਮੁੱਖ ਰੁਕਾਵਟ ਰੁੱਖਾਂ ਲਈ ਪਾਣੀ ਦੀ ਸਪਲਾਈ ਦਾ ਪ੍ਰਬੰਧ ਕਰਨਾ ਹੈ; ਹਾਲਾਂਕਿ, ਝੁੰਨਝੁਨੂ ਵਿੱਚ ਇੱਕ ਵਿਅਕਤੀ ਨੇ ਪ੍ਰਤੀ ਰੁੱਖ ਸਿਰਫ਼ ਇੱਕ ਲੀਟਰ ਪਾਣੀ ਦੀ ਵਰਤੋਂ ਕਰਕੇ ਅੱਠ ਹੈਕਟੇਅਰ ਜ਼ਮੀਨ ਨੂੰ ਹਰੇ-ਭਰੇ ਵਿਸਤਾਰ ਵਿੱਚ ਬਦਲਣ ਵਿੱਚ ਕਾਮਯਾਬੀ ਹਾਸਲ ਕੀਤੀ। ਇਸ ਸ਼ਾਨਦਾਰ ਵਿਅਕਤੀ ਨੂੰ ਭਾਰਤ ਸਰਕਾਰ ਦੁਆਰਾ ਪਦਮਸ਼੍ਰੀ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ ਹੈ। ਰਾਜਸਥਾਨ ਦੇ ਇਸ ਵਿਅਕਤੀ ਦੀ ਮਿਹਨਤ ਅਤੇ ਮਿਲੀ ਸਫਲਤਾ ਤੋਂ ਬਾਅਦ ਸਾਨੂੰ ਸਮਝ ਜਾਣਾ ਚਾਹੀਦਾ ਹੈ ਕਿ ਪੰਜਾਬ ਕੋਲ ਤਾਂ ਪਾਣੀ ਵੀ ਹੈ, ਵਧੀਆ ਜ਼ਮੀਨ ਵੀ ਹੈ, ਪਰ ਬਾਵਜੂਦ ਇਸ ਦੇ ਅਸੀਂ ਰੁੱਖ ਲਗਾਉਣ ਤੋਂ ਕੰਨੀਂ ਕਤਰਾ ਰਹੇ ਹਾਂ।

ਦੱਸਣਾ ਇਹ ਵੀ ਬਣਦਾ ਹੈ ਕਿ ਪੰਜਾਬ ਵਿੱਚ ਵੱਡੇ ਪੱਧਰ ’ਤੇ ਦਰੱਖਤਾਂ ਦੀ ਕਟਾਈ ਹੋਣ ਦੇ ਕਾਰਨ ਅਤੇ ਦਰਿਆਵਾਂ ਤੋਂ ਇਲਾਵਾ ਹੋਰ ਜਲ ਸਰੋਤਾਂ ਦੀ ਸਾਫ਼-ਸਫ਼ਾਈ ਨਾ ਹੋਣ ਦੇ ਕਾਰਨ ਪੰਜਾਬ ਵਿੱਚ ਪਿਛਲੇ ਪੰਜ-ਛੇ ਸਾਲਾਂ ਤੋਂ ਭਿਆਨਕ ਹੜ੍ਹ ਆ ਰਹੇ ਨੇ। ਪੰਜਾਬ ਵਿੱਚ ਹੜ੍ਹ ਆਉਣੇ ਪੰਜਾਬ ਦੇ ਲਈ ਜਿੱਥੇ ਖ਼ਤਰਾ ਬਣੇ ਹੋਏ ਨੇ, ਉੱਥੇ ਹੀ ਦੂਜੇ ਪਾਸੇ ਇਸ ਦੇ ਕਾਰਨ ਪੰਜਾਬ ਦਾ ਆਰਥਿਕ ਨੁਕਸਾਨ ਹੋ ਰਿਹਾ ਹੈ।

ਪੰਜਾਬ ਵਿੱਚ ਪਿਛਲੇ ਕੁਝ ਸਮੇਂ ਦੇ ਦੌਰਾਨ ਆਏ ਹੜ੍ਹਾਂ ਦਾ ਸਭ ਤੋਂ ਵੱਡਾ ਕਾਰਨ ਇਹ ਵੀ ਮੰਨਿਆ ਜਾ ਰਿਹਾ ਹੈ ਕਿ ਪੰਜਾਬ ਵਿੱਚ ਵੱਡੇ ਪੱਧਰ ’ਤੇ ਰੁੱਖਾਂ ਦੀ ਕਟਾਈ ਹੋ ਰਹੀ ਹੈ, ਦਰਿਆਵਾਂ ਨੂੰ ਨੱਕੇ ਲਾਉਣ ਦੇ ਕਾਰਨ ਦਰਿਆ ਆਪਣੇ ਰਸਤੇ ਵੱਖਰੇ ਕੱਢ ਰਹੇ ਨੇ ਅਤੇ ਮੰਨਿਆ ਇਹ ਵੀ ਜਾਂਦਾ ਹੈ ਕਿ ਦਰਿਆ ਇਹ ਰਸਤੇ ਉਦੋਂ ਹੀ ਕੱਢਦੇ ਨੇ, ਜਦੋਂ ਧਰਤੀ ਉਪਰ ਮਨੁੱਖ ਕੁਦਰਤ ਦੇ ਨਾਲ ਛੇੜਛਾੜ ਕਰਦਾ ਹੈ।

ਮੰਨਿਆ ਜਾ ਰਿਹਾ ਹੈ ਕਿ ਪੰਜਾਬ ਸਰਕਾਰ ਨੇ ਇਸ ਵਾਰ ਹੜ੍ਹਾਂ ਦੀ ਮਾਰ ਠੱਲ੍ਹਣ ਵਾਸਤੇ 500 ਕਰੋੜ ਰੁਪਏ ਦਾ ਪ੍ਰੋਜੈਕਟ ਤਿਆਰ ਕੀਤਾ ਹੈ। ਇਸ ਦੇ ਨਾਲ ਗੈਰ-ਕਾਨੂੰਨੀ ਮਾਈਨਿੰਗ ਨੂੰ ਵੀ ਠੱਲ੍ਹ ਪਵੇਗੀ। ਹਾਲਾਂਕਿ ਹੜ੍ਹਾਂ ਦੇ ਕਾਰਨ ਪੰਜਾਬ ਵਿੱਚ ਹੋਈ ਤਬਾਹੀ ਨੇ ਜਿੱਥੇ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਇਹਨਾਂ ਹੜ੍ਹਾਂ ਲਈ ਖ਼ੁਦ ਜ਼ਿੰਮੇਵਾਰ ਹੈ, ਭਾਵੇਂ ਹੀ ਉਸ ਵਿੱਚ ਸਰਕਾਰਾਂ ਹੀ ਦੋਸ਼ੀ ਕਿਉਂ ਨਾ ਹੋਣ।

ਦੂਜਾ ਇਹ ਵੀ ਕਾਰਨ ਮੰਨਿਆ ਜਾਂਦਾ ਹੈ ਕਿ ਪੰਜਾਬ ਵਿੱਚ ਪਿਛਲੇ 10-12 ਸਾਲਾਂ ਦੌਰਾਨ ਵੱਡੇ ਪੱਧਰ ’ਤੇ ਨਜਾਇਜ਼ ਮਾਈਨਿੰਗ ਹੋਈ। ਇਸ ਨਜਾਇਜ਼ ਮਾਈਨਿੰਗ ਕਾਰਨ ਜਿੱਥੇ ਧਰਤੀ ਹੇਠੋਂ ਖੋਖਲੀ ਹੋ ਗਈ, ਉੱਥੇ ਹੀ ਪਾਣੀ ਸਮਾਉਣ ਦੀ ਸਮਰੱਥਾ ਵੀ ਘਟ ਗਈ। ਇੱਕ ਪਾਸੇ ਰੁੱਖਾਂ ਦੀ ਕਟਾਈ ਅਤੇ ਦੂਜੇ ਪਾਸੇ ਨਜਾਇਜ਼ ਮਾਈਨਿੰਗ ਨੇ ਪੰਜਾਬ ਨੂੰ ਇਸ ਤਰੀਕੇ ਖੋਖਲਾ ਕਰ ਦਿੱਤਾ ਕਿ ਹੁਣ ਪੰਜਾਬ ਹੜ੍ਹਾਂ ਦਾ ਦੂਜਾ ਨਾਂਅ ਬਣ ਗਿਆ ਹੈ, ਕਿਉਂਕਿ ਪਹਿਲਾ ਨਾਂਅ ਉਹ ਪਹਾੜੀ ਸੂਬੇ ਹਨ, ਜਿੱਥੇ ਸਮੇਂ ਦੀਆਂ ਹਕੂਮਤਾਂ ਅਤੇ ਕਾਰਪੋਰੇਟ ਘਰਾਣਿਆਂ ਨੇ ਵਿਕਾਸ ਦੇ ਨਾਂਅ ’ਤੇ ਪਹਾੜਾਂ ਦੀ ਚੀਰ-ਫਾੜ ਕੀਤੀ ਹੈ।

ਪੰਜਾਬ ਵਿੱਚ ਲਗਾਤਾਰ ਹੋ ਰਹੀ ਰੁੱਖਾਂ ਦੀ ਕਟਾਈ, ਨਜਾਇਜ਼ ਮਾਈਨਿੰਗ ਅਤੇ ਪਾਣੀ ਦੀ ਬਰਬਾਦੀ ਦੇ ਕਾਰਨ ਪੰਜਾਬ ਦਿਨ ਪ੍ਰਤੀ ਦਿਨ ਜਿੱਥੇ ਵੈਂਟੀਲੇਟਰ ’ਤੇ ਪਹੁੰਚ ਗਿਆ ਹੈ, ਉੱਥੇ ਪੰਜਾਬ ਵਿੱਚ ਹੋ ਰਹੇ ਅਖੌਤੀ ਵਿਕਾਸ ਨੇ ਪੰਜਾਬ ਨੂੰ ਅੱਗੇ ਵੱਲ ਲਿਜਾਣ ਦੀ ਬਜਾਏ ਪਿੱਛੇ ਵੱਲ ਧੱਕ ਦਿੱਤਾ ਹੈ। ਲਗਾਤਾਰ ਪੰਜਾਬ ਵਿੱਚ ਗੰਦਲੇ ਪਾਣੀ ਕਾਰਨ ਕੈਂਸਰ ਵਰਗੀਆਂ ਬਿਮਾਰੀਆਂ ਨੇ ਮਨੁੱਖ ਨੂੰ ਆਪਣੀ ਲਪੇਟ ਵਿੱਚ ਲਿਆ ਹੈ।

ਪੰਜਾਬ ਵਿੱਚ ਪਿਛਲੇ ਕੁਝ ਸਮੇਂ ਤੋਂ ਕਿਤੇ ਸਟੇਟ ਹਾਈਵੇ ਬਣ ਰਹੇ ਨੇ, ਕਿਤੇ ਨੈਸ਼ਨਲ ਹਾਈਵੇ ਅਤੇ ਕਿਤੇ ਲਿੰਕ ਸੜਕਾਂ। ਮੰਨ ਲਈਏ ਕਿ ਲਿੰਕ ਸੜਕਾਂ ਆਮ ਜਨਤਾ ਦੇ ਵਾਸਤੇ ਸਰਕਾਰ ਦੁਆਰਾ ਬਣਾਈਆਂ ਜਾਂਦੀਆਂ ਨੇ, ਪਰ ਨੈਸ਼ਨਲ ਜਾਂ ਫਿਰ ਸਟੇਟ ਹਾਈਵੇ ਕਾਹਦੇ ਵਾਸਤੇ ਕੱਢੇ ਜਾਂਦੇ ਨੇ, ਕੀ ਲੋਕਾਂ ਦੇ ਸਮੇਂ ਦੀ ਬੱਚਤ ਵਾਸਤੇ ਇਹ ਹਾਈਵੇ ਕੱਢੇ ਜਾ ਰਹੇ ਨੇ ਜਾਂ ਫਿਰ ਇਸ ਦੇ ਪਿੱਛੇ ਦਾ ਕੋਈ ਹੋਰ ਕਾਰਨ ਹੈ?

ਕਾਰਨ ਵੈਸੇ ਕੁਝ ਵੀ ਹੋਣ, ਪਰ ਜਦੋਂ ਪੰਜਾਬ ਦੀ ਉਪਜਾਊ ਧਰਤੀ ’ਤੇ ਇਸ ਤਰ੍ਹਾਂ ਦੇ ਹਾਈਵੇ ਨਿਕਲਦੇ ਨੇ ਤਾਂ ਉਸ ਵਕਤ ਪੰਜਾਬ ਦੀ ਜਿੱਥੇ ਹਜ਼ਾਰਾਂ ਏਕੜ ਜ਼ਮੀਨ ਇਹ ਸੜਕਾਂ ਲੈ ਨਿਕਲਦੀਆਂ ਨੇ, ਉੱਥੇ ਹੀ ਜ਼ਮੀਨਾਂ ਵਿੱਚ ਲਗਾਏ ਗਏ ਪੌਦੇ ਵੀ ਇਹਨਾਂ ਹਾਈਵੇ ਦੇ ਕਾਰਨ ਤਬਾਹ ਹੋ ਜਾਂਦੇ ਨੇ, ਇਸ ਦੇ ਪਿੱਛੇ ਉਸ ਕਾਰਪੋਰੇਟ ਘਰਾਣੇ ਦੀ ਸੋਚ ਹੈ, ਜਿਹੜੀ ਕਿ ਸਾਨੂੰ ਹੁਣ ਤਾਂ ਨਹੀਂ ਦਿਸ ਰਹੀ, ਪਰ ਆਗਾਮੀ ਸਮੇਂ ਵਿੱਚ ਇਸ ਦਾ ਭਿਆਨਕ ਅਸਰ ਜ਼ਰੂਰ ਵੇਖਣ ਨੂੰ ਮਿਲੇਗਾ।


ਖ਼ੈਰ, ਦੇਖਦੇ ਹਾਂ ਕਿ ਸਰਕਾਰ ਅਗਲੇ ਸਮੇਂ ਵਿੱਚ ਕੀ ਫ਼ੈਸਲੇ ਲੈਂਦੀ ਹੈ, ਕੀ ਪੰਜਾਬ ਸਰਕਾਰ ਪੰਜਾਬ ਨੂੰ ਮੁੜ ਤੋਂ ਹਰਿਆ-ਭਰਿਆ ਬਣਾਉਣ ਲਈ ਸੱਚਮੁੱਚ ਜ਼ਮੀਨ ’ਤੇ ਕੰਮ ਕਰੇਗੀ, ਕੀ ਪੰਜਾਬ ਫਿਰ ਤੋਂ ਹਰਿਆਲੀ ਵੱਲ ਵਧੇਗਾ ਜਾਂ ਫਿਰ...!

# ਸੰਪਰਕ : 95698-20314

# ਸੰਵਿਧਾਨ ਦੀ ਰਾਖੀ ਲਈ ਦ੍ਰਿੜ੍ਹ ਇਰਾਦੇ ਤੇ ਮਜ਼ਬੂਤ ਸੰਗਠਨ ਦੀ ਲੋੜ

ਦੇਸ਼ ਜਾਂ ਸਮਾਜ ਵਿੱਚ ਵਿਭਿੰਨਤਾਵਾਂ ਹੁੰਦੀਆਂ ਹਨ, ਵੱਖੋ-ਵੱਖ ਵਿਚਾਰ ਹੁੰਦੇ ਹਨ, ਧਰਮ ਤੇ ਜਾਤੀਗਤ ਵਖਰੇਵੇਂ ਹੁੰਦੇ ਹਨ, ਭਾਸ਼ਾ ਆਦਿ ਦੇ ਵਖਰੇਵੇਂ ਵੀ ਹੁੰਦੇ ਹਨ। ਇਸ ਲਈ ਦੇਸ਼ ਦੇ ਲੋਕਾਂ, ਸਮਾਜ, ਦੇਸ਼ ਦੀ ਏਕਤਾ-ਅਖੰਡਤਾ ਨੂੰ ਇੱਕਮੁੱਠ ਰੱਖਣ ਲਈ ਨਿਯਮ ਬਣਾਏ ਜਾਂਦੇ ਹਨ, ਜਿਨ੍ਹਾਂ ਨੂੰ ਸੰਵਿਧਾਨ ਦਾ ਨਾਂਅ ਦਿੱਤਾ ਗਿਆ ਹੈ। ਇਹ ਨਿਯਮ ਜਥੇਬੰਦੀਆਂ ਅਤੇ ਰਾਜਨੀਤਕ ਪਾਰਟੀਆਂ ’ਤੇ ਇੱਕੋ ਤਰ੍ਹਾਂ ਦਾ ਮਹੱਤਵ ਰੱਖਦੇ ਹਨ ਤੇ ਇੱਕ ਜੋੜਕ ਦਾ ਕੰਮ ਕਰਦੇ ਹਨ ਤਾਂ ਜੋ ਵੱਖ-ਵੱਖ ਵਿਚਾਰਾਂ ਦੇ ਬਾਵਜੂਦ ਜਥੇਬੰਦੀਆਂ, ਪਾਰਟੀਆਂ, ਸਮਾਜ ਅਤੇ ਦੇਸ਼ ਇੱਕ ਮੁੱਠ ਰਹਿਣ। ਇਸ ਲਈ ਸਾਡੇ ਦੇਸ਼ ਵਿੱਚ ਸੰਵਿਧਾਨ ਨੂੰ ਸਰਬ ਉੱਚ ਮੰਨਿਆ ਗਿਆ ਹੈ।

ਸਾਡੇ ਸੰਵਿਧਾਨ ਵਿੱਚ ਵਿਚਾਰਾਂ ਨੂੰ ਪ੍ਰਗਟ ਕਰਨ ਦੀ ਸੁਤੰਤਰਤਾ ਨੂੰ ਬਹੁਤ ਮਹੱਤਵ ਦਿੱਤਾ ਗਿਆ ਹੈ। ਸ਼ਹੀਦ ਭਗਤ ਸਿੰਘ ਤੇ ਹੋਰ ਇਨਕਲਾਬੀਆਂ, ਮਹਾਤਮਾ ਗਾਂਧੀ, ਜਵਾਹਰ ਲਾਲ ਨਹਿਰੂ, ਸੁਭਾਸ਼ ਬੋਸ ਅਤੇ ਕਮਿਊਨਿਸਟ ਪਾਰਟੀ ਦੇ ਵਿਚਾਰਾਂ ਤੋਂ ਪ੍ਰੇਰਿਤ ਭਾਰਤ ਦਾ ਸੰਵਿਧਾਨ ਰਚਿਆ ਗਿਆ ਅਤੇ ਉਸ ਸੰਵਿਧਾਨ ਸਭਾ ਦੀ ਪ੍ਰਧਾਨਗੀ ਡਾਕਟਰ ਭੀਮ ਰਾਓ ਅੰਬੇਦਕਰ ਨੇ ਕੀਤੀ। ਉਨ੍ਹਾਂ ਨੇ ਸਮਾਜ ਦੇ ਸਭ ਤੋਂ ਦੱਬੇ-ਕੁਚਲੇ ਲੋਕਾਂ ਨੂੰ ਉੱਚਾ ਚੁੱਕਣ ਦੀ ਗੱਲ ’ਤੇ ਵਿਸ਼ੇਸ਼ਕਰ ਜ਼ੋਰ ਦਿੱਤਾ ਤੇ ਇਸ ਗੱਲ ਦੀ ਪ੍ਰੋੜ੍ਹਤਾ ਕੀਤੀ ਅਤੇ ਸੰਵਿਧਾਨ ਵਿੱਚ ਦਰਜ ਕੀਤਾ ਕਿ ਦੇਸ਼ ਦੇ ਹਰ ਨਾਗਰਿਕ ਨੂੰ ਬਿਨਾਂ ਕਿਸੇ ਧਰਮ, ਜਾਤੀ, ਖੇਤਰੀ, ਭਾਸ਼ਾਈ ਜਾਂ ਲਿੰਗ ਭੇਦ ਦੇ ਬਰਾਬਰ ਦੇ ਅਧਿਕਾਰ ਹੋਣਗੇ। ਸਮਾਜਿਕ ਤੇ ਆਰਥਿਕ ਤੌਰ ’ਤੇ ਸਦੀਆਂ ਤੋਂ ਪੱਛੜੇ ਤੇ ਲਤਾੜੇ ਹੋਏ ਵਰਗਾਂ ਨੂੰ ਕੁਝ ਵਿਸ਼ੇਸ਼ ਅਧਿਕਾਰ ਦਿੱਤੇ ਜਾਣਗੇ। ਇਹ ਅਧਿਕਾਰ ਕੇਵਲ ਧਰਮ ਜਾਂ ਜਾਤੀ ਨਾਲ ਸੰਬੰਧਤ ਨਹੀਂ ਸਨ, ਬਲਕਿ ਇਹ ਅਧਿਕਾਰ ਜੰਗਲਾਂ ਵਿੱਚ ਰਹਿਣ ਵਾਲੇ ਜਨਜਾਤੀਆਂ ਦੇ ਲੋਕਾਂ, ਦੂਰ-ਦੁਰਾਡੇ ਪਹਾੜਾਂ ਵਿੱਚ ਰਹਿਣ ਵਾਲੇ ਲੋਕਾਂ ਦੇ ਲਈ ਵੀ ਸੰਵਿਧਾਨ ਦੇ ਵਿੱਚ ਦਰਜ ਕੀਤੇ ਗਏ। ਇਸ ਲਈ ਭਾਰਤ ਦਾ ਸੰਵਿਧਾਨ ਨਿਵੇਕਲਾ ਹੈ।



ਡਾ. ਅਰੁਣ ਮਿਤਰਾ

ਕੋਈ ਵਿਅਕਤੀ ਜਾਂ ਰਾਜਨੀਤਕ ਪਾਰਟੀ ਇਸ ਸੰਵਿਧਾਨ ਦੇ ਵਿੱਚ ਨਾਂਹ-ਪੱਖੀ ਗੱਲਾਂ ਜੋੜਨ ਦੀ ਅਤੇ ਤੋੜ-ਮਰੋੜ ਕਰਨ ਦੀ ਜਾਂ ਇਸ ਦੀ ਉਲੰਘਣਾ ਕਰਨ ਦੀ ਗੱਲ ਕਰਦੀ ਹੈ ਤਾਂ ਉਸ ਦੇ ਖਿਲਾਫ ਦੇਸ਼ ਭਰ ਵਿੱਚ ਇੱਕ ਦਮ ਆਵਾਜ਼ ਉਠ ਖੜੀ ਹੁੰਦੀ ਹੈ। ਨਰਿੰਦਰ ਮੋਦੀ ਦੀ ਅਗਵਾਈ ਵਾਲੀ ਆਰ ਐੱਸ ਐੱਸ ਦੀ ਥਾਪੜੀ ਭਾਜਪਾ ਸਰਕਾਰ ਲਗਾਤਾਰ ਸੰਵਿਧਾਨ ਦੀਆਂ ਉਲੰਘਣਾਵਾਂ ਕਰ ਰਹੀ ਹੈ, ਜਿਸ ਢੰਗ ਨਾਲ ਔਰਤਾਂ ਦੇ ਲਈ ਰਾਖਵਾਂਕਰਨ ਦਾ ਬਹਾਨਾ ਲੈ ਕੇ ਹੱਦਬੰਦੀ ਕਾਨੂੰਨ ਲਿਆਉਣ ਲਈ ਸੰਵਿਧਾਨਕ ਧਰਾਵਾਂ ਵਿਚ ਸੋਧ ਕਰਨ ਦੀ ਕੋਸ਼ਿਸ਼ ਕੀਤੀ ਗਈ, ਉਹ ਇਸੇ ਸਾਜ਼ਿਸ਼ੀ ਪਹੁੰਚ ਦਾ ਨਤੀਜਾ ਹੈ, ਪਰ ਦੇਸ਼ ਭਰ ਵਿੱਚ ਇੱਕਦਮ ਆਵਾਜ਼ਾਂ ਉੱਠ ਗਈਆਂ। ਬੁਖਲਾ ਕੇ ਪ੍ਰਧਾਨ ਮੰਤਰੀ ਨੇ ਦੇਸ਼ ਨੂੰ ਸੰਬੋਧਨ ਕਰਨ ਦਾ ਫੈਸਲਾ ਲਿਆ।

ਪ੍ਰਧਾਨ ਮੰਤਰੀ ਦੇ ਤੌਰ ’ਤੇ ਨਰਿੰਦਰ ਮੋਦੀ ਨੂੰ ਦੇਸ਼ ਨੂੰ ਸੰਬੋਧਨ ਕਰਦੇ ਹੋਏ ਦੇਸ਼ ਨਾਲ ਜੁੜੀਆਂ ਗੱਲਾਂ ਦੀ ਵਿਆਖਿਆ ਕਰਨੀ ਚਾਹੀਦੀ ਸੀ, ਪਰ ਪ੍ਰਧਾਨ ਮੰਤਰੀ ਨੇ ਉਹਨਾ 29 ਮਿੰਟਾਂ ਵਿੱਚ ਦੇਸ਼ ਦੀ ਉਪਲੱਬਧੀ ਦੀ ਇਕ ਵੀ ਗੱਲ ਨਾ ਕਰਕੇ ਇੰਝ ਭਾਸ਼ਣ ਦਿੱਤਾ, ਜਿਵੇਂ ਕਿ ਉਹ ਭਾਜਪਾ ਦੀ ਚੋਣ ਰੈਲੀ ਨੂੰ ਸੰਬੋਧਨ ਕਰ ਰਹੇ ਹੋਣ। 29 ਮਿੰਟਾਂ ਦੇ ਭਾਸ਼ਣ ਵਿੱਚ ਉਹਨਾ ਵਾਰ-ਵਾਰ ਕਾਂਗਰਸ ਤੇ ਹੋਰ ਵਿਰੋਧੀ ਦਲਾਂ ਨੂੰ ਗਾਲਾਂ ਹੀ ਕੱਢੀਆਂ। ਇਸ ਬਿਲ ਦਾ ਵਿਰੋਧ ਸਮੁੱਚੀ ਵਿਰੋਧੀ ਧਿਰ ਨੇ ਇੱਕਮੁੱਠ ਹੋ ਕੇ ਕੀਤਾ ਸੀ, ਜਿਸ ਨੇ ਮੋਦੀ ਸਰਕਾਰ ਦੇ ਪਸੀਨੇ ਛੁੜਾ ਦਿੱਤੇ, ਕਿਉਂਕਿ 2023 ਵਿੱਚ ਇਸਤਰੀਆਂ ਦਾ ਰਾਖਵਾਂਕਰਨ ਬਿੱਲ ਤਾਂ ਪਾਸ ਹੋ ਚੁੱਕਿਆ ਸੀ, ਹੁਣ ਉਸ ਦੀ ਦੁਬਾਰਾ ਗੱਲਬਾਤ ਕਰਨਾ ਆਪਣੇ ਆਪ ਵਿਚ ਇਕ ਵੱਡੀ ਸਾਜ਼ਿਸ਼ ਦਾ ਪ੍ਰਗਟਾਅ ਸੀ। ਪਰ ਦੇਸ਼ ਨੇ ਦੱਸ ਦਿੱਤਾ ਕਿ ਭਾਜਪਾ ਦੀਆਂ ਸਾਜ਼ਿਸ਼ਾਂ ਹੁਣ ਚਲਣੀਆਂ ਨਹੀਂ। ਇਸ ਗੱਲ ਤੋਂ ਸਾਵਧਾਨ ਰਹਿਣ ਦੀ ਲੋੜ ਹੈ ਕਿ ਜਦੋਂ ਨਿੱਜੀ ਸਵਾਰਥ ਪ੍ਰਮੁੱਖ ਹੋ ਜਾਣ ਤਾਂ ਇਸ ਕਿਸਮ ਦੀਆਂ ਕੁਚਾਲਾਂ ਵਾਰ-ਵਾਰ ਚੱਲੀਆਂ ਜਾਂਦੀਆਂ ਹਨ।

ਇੱਥੇ ਸਮਝਣ ਦੀ ਗੱਲ ਇਹ ਵੀ ਹੈ ਕਿ ਸਾਡੇ ਦੇਸ਼ ਦੇ ਸੰਵਿਧਾਨ ਤੋਂ ਪ੍ਰੇਰਿਤ ਹੋ ਕੇ ਹੀ ਜਥੇਬੰਦਿਆਂ ਤੇ ਰਾਜਨੀਤਕ ਪਾਰਟੀਆਂ ਨੇ ਆਪਣੇ ਸੰਵਿਧਾਨ ਬਣਾਏ ਤੇ ਉਹਨਾਂ ਸੰਵਿਧਾਨਾਂ ਵਿੱਚ ਵੀ ਸੰਵਿਧਾਨ ਦੀ ਉਲੰਘਣਾ ਨੂੰ ਇੱਕ ਢੰਗ ਦੇ ਨਾਲ ਅਪਰਾਧ ਦੱਸਿਆ ਗਿਆ, ਪਰ ਫੇਰ ਵੀ ਅਨੇਕਾਂ ਥਾਵਾਂ ’ਤੇ ਅਸੀਂ ਦੇਖਦੇ ਹਾਂ ਕਿ ਚੋਣ ਕਮਿਸ਼ਨ ਵੱਲੋਂ ਤੇ ਹੋਰ ਸੰਵਿਧਾਨਕ ਸੰਸਥਾਵਾਂ ਵਿੱਚ ਸੰਵਿਧਾਨ ਦੀ ਉਲੰਘਣਾ ਕੀਤੀ ਜਾਂਦੀ ਹੈ। ਕੋਈ ਵੀ ਰਾਜਨੀਤਕ ਪਾਰਟੀ ਇਸ ਕਿਸਮ ਦੇ ਵਿਹਾਰ ਤੋਂ ਅਛੂਤੀ ਨਹੀਂ ਰਹੀ। ਜਿਹੜੇ ਆਗੂ ਅੱਗੇ ਆ ਜਾਂਦੇ ਹਨ, ਉਹ ਆਪਣੀ ਸੱਤਾ ਨੂੰ, ਆਪਣੀ ਚੌਧਰ ਨੂੰ ਬਰਕਰਾਰ ਰੱਖਣ ਦੇ ਲਈ ਦੂਜਿਆਂ ’ਤੇ ਆਪਣੀ ਗੱਲ ਥੋਪਣ ਦੇ ਲਈ ਅਨੇਕਾਂ ਵਾਰ ਇਸ ਕਿਸਮ ਦੀਆਂ ਗੱਲਾਂ ਕਰਦੇ ਹਨ।

ਇਸ ਲਈ ਇਹ ਕੋਈ ਘਬਰਾਉਣ ਦੀ ਗੱਲ ਨਹੀਂ ਹੁੰਦੀ, ਕਿਉਂਕਿ ਇਸ ਕਿਸਮ ਦੇ ਵਰਤਾਰੇ ਤਾਂ ਹੁੰਦੇ ਹੀ ਆਏ ਹਨ ਤੇ ਅਨੇਕਾਂ ਵਾਰ ਅਤਿ ਮਹੱਤਵਪੂਰਨ ਅਹੁਦਿਆਂ ’ਤੇ ਪ੍ਰਗਤੀਸ਼ੀਲ ਸੋਚ ਵਾਲੇ ਬੰਦੇ ਵੀ ਇਹਨਾਂ ਗੱਲਾਂ ਦਾ ਸ਼ਿਕਾਰ ਹੋ ਜਾਂਦੇ ਹਨ, ਪਰ ਸਮਾਜ ਵਿੱਚ, ਦੇਸ਼ ਵਿੱਚ ਜਥੇਬੰਦੀਆਂ ਦੇ ਅੰਦਰ ਜਾਂ ਪਾਰਟੀਆਂ ਦੇ ਅੰਦਰ ਸੰਘਰਸ਼ ਤਾਂ ਚਲਦੇ ਹੀ ਰਹਿੰਦੇ ਹਨ ਤੇ ਉਹ ਜ਼ਰੂਰੀ ਵੀ ਹੁੰਦੇ ਹਨ।

ਅਜੋਕੇ ਸਮੇਂ ਜਦੋਂ ਦੁਨੀਆ ਦੀ ਸਥਿਤੀ ਬਹੁਤ ਭਿਆਨਕ ਬਣੀ ਹੋਈ ਹੈ। ਦੇਸ਼ ਦੇ ਵਿੱਚ ਫਿਰਕੂ ਸਦਭਾਵਨਾ ਨੂੰ ਤੋੜਨ, ਇਤਿਹਾਸ ਨੂੰ ਤੋੜ-ਮਰੋੜ ਕੇ ਪੇਸ਼ ਕਰਨ ਅਤੇ ਲੋਕਾਂ ਦੀ ਜ਼ੁਬਾਨਬੰਦ ਕਰਨ ਦੀ ਪੂਰੀ ਕੋਸ਼ਿਸ਼ ਲੱਗੀ ਹੋਈ ਹੈ ਤਾਂ ਸੰਘਰਸ਼ ਕਰਨ ਵਾਲੀਆਂ ਜਥੇਬੰਦੀਆਂ ਜਾਂ ਰਾਜਨੀਤਕ ਪਾਰਟੀਆਂ ਦੇ ਅੰਦਰ ਇਸ ਕਿਸਮ ਦੇ ਸੰਘਰਸ਼ ਹੋਰ ਵੀ ਜ਼ਰੂਰੀ ਹੋ ਜਾਂਦੇ ਹਨ। ਅਜੋਕੇ ਸਮੇਂ ਸਮੁੱਚੇ ਸਮਾਜ ਵਿੱਚ ਵਿਚਾਰਧਾਰਕ ਜਾਂ ਜਥੇਬੰਦਕ ਸੰਘਰਸ਼ਾਂ ਤੋਂ ਵੀ ਜ਼ਿਆਦਾ ਹੁਣ ਨਿੱਜੀ ਸੋਚ ਭਾਰੂ ਹੋ ਗਈ ਹੈ। ਇਸ ਲਈ ਉਪਰੋਕਤ ਸੰਘਰਸ਼ ਹੋਰ ਵੀ ਲੋੜੀਂਦੇ ਬਣ ਗਏ ਹਨ।

# ਸੰਪਰਕ : 94170-00360

# ਅਵਾਰਾ ਪਸ਼ੂਆਂ ਦੀ ਸਮੱਸਿਆ ਅਤੇ ਹੱਲ

ਹਰ ਖੇਤਰ ਦੀ ਆਪਣੀ ਇੱਕ ਅਲੱਗ ਧਰਾਤਲ, ਉਪਜਾਊ ਸ਼ਕਤੀ, ਪੌਣ-ਪਾਣੀ ਤੇ ਜਲਵਾਯੂ ਹੁੰਦਾ ਏ। ਉਸੇ ਹਿਸਾਬ ਨਾਲ ਉਸ ਖੇਤਰ ਵਿੱਚ ਜੀਵਨ ਪ੍ਰਫੁੱਲਤ ਹੁੰਦਾ ਏ, ਵਸੋਂ ਵਸਦੀ ਹੈ ਤੇ ਉਸੇ ਮੁਤਾਬਕ ਲੋਕਾਂ ਦੀ ਪਹਿਚਾਣ ਅਤੇ ਰਹਿਣ-ਸਹਿਣ ਹੁੰਦਾ ਏ।

ਪੰਜਾਬ ਦੇ ਦੁਆਬੇ ਦੇ ਉਪਰਲੇ ਇਲਾਕੇ ਨਾਲ ਲਗਦੇ ਕੰਡੀ, ਦੂਣੀ ਤੇ ਬੀਤ ਦੇ ਖੇਤਰ (ਸ਼ਿਵਾਲਿਕ ਦੀਆਂ ਪਹਾੜੀਆਂ ਦੇ ਪੈਰਾਂ ਵਿਚਲੀ ਥਾਂ, ਜਿਸ ਵਿੱਚ ਹੁਸ਼ਿਆਰਪੁਰ, ਨਵਾਂਸ਼ਹਿਰ ਅਤੇ ਰੋਪੜ ਜ਼ਿਲ੍ਹਿਆਂ ਤੋਂ ਇਲਾਵਾ ਹਿਮਾਚਲ ਦਾ ਵੀ ਕੁਝ ਹਿੱਸਾ ਪੈਂਦਾ ਏ) ਦੀ ਗੱਲ ਕਰੀਏ ਤਾਂ ਮਾਰੂ, ਖ਼ੁਸ਼ਕ ਜੰਗਲੀ ਤੇ ਨੀਮ ਪਹਾੜੀ ਇਲਾਕਾ ਹੋਣ ਕਾਰਨ ਇੱਥੇ ਕੁਦਰਤੀ ਤੌਰ ’ਤੇ ਬਣੀਆਂ ਵੱਡੀਆਂ ਵੱਡੀਆਂ ਚਾਰਾਗਾਹਾਂ ਆਮ ਹੀ ਹੁੰਦੀਆਂ ਸਨ ਅਤੇ ਇੱਥੋਂ ਦੇ ਵਸਨੀਕ ਮੱਝਾਂ, ਊਠ, ਬੱਕਰੀਆਂ ਤੇ ਭੇਡਾਂ ਦੇ ਇੱਜੜ ਪਾਲਦੇ ਸਨ ਅਤੇ ਉਨ੍ਹਾਂ ਨੂੰ ਖੁੱਲ੍ਹਿਆਂ ਹੀ ਚਾਰਨ ਲਈ ਲੈ ਜਾਂਦੇ ਸਨ। ਮੱਝਾਂ ਨੂੰ ਚਰਾਂਦਾਂ ਵਿੱਚ ਚਰਨ ਲਈ ਛੱਡ ਦੇਣਾ ਅਤੇ ਵਾਪਸੀ ਉੱਤੇ ਛੱਪੜਾਂ-ਟੋਭਿਆਂ ’ਚ ਨਹਾ ਕੇ ਵਾਪਸ ਲੈ ਆਣਾ ਲੋਕਾਂ ਦਾ ਨਿੱਤ ਦਾ ਕਿੱਤਾ ਸੀ। ਮੱਝਾਂ ਤਾਂ ਤਕਰੀਬਨ ਸਾਰੇ ਹੀ ਰੱਖਦੇ ਸਨ, ਪਰ ਗਾਵਾਂ ਕੋਈ ਨਹੀਂ ਸੀ ਰੱਖਦਾ। ਕਾਰਨ ਇੱਕ ਤਾਂ ਪੰਜਾਬੀ ਵੈਸੇ ਹੀ ਗਾਵਾਂ ਦਾ ਦੁੱਧ ਪੀਣਾ ਪਸੰਦ ਨਹੀਂ ਕਰਦੇ (ਬਹੁਤੇ ਤਾਂ ਗਾਂ ਦੇ ਦੁੱਧ ਦੀ ਚਾਹ ਤੱਕ ਨ੍ਹੀਂ ਪੀਂਦੇ)। ਦੂਜਾ ਸਰਹੱਦੀ ਇਲਾਕਾ ਹੋਣ ਕਾਰਨ ਪੰਜਾਬੀਆਂ ਦਾ ਵਾਹ ਦਿਮਾਗੀ ਕੰਮਾਂ ਨਾਲੋਂ ਸਰੀਰਕ ਕੰਮਾਂ ਨਾਲ ਜ਼ਿਆਦਾ ਪੈਂਦਾ ਰਿਹਾ ਹੈ ਤੇ ਤਾਕਤ ਪੱਖੋਂ ਮੱਝ ਦਾ ਦੁੱਧ ਗਾਂ ਤੋਂ ਕਿਤੇ ਜ਼ਿਆਦਾ ਬਿਹਤਰ ਅਤੇ ਤਾਕਤਵਰ ਮੰਨਿਆ ਜਾਂਦਾ ਏ। ਜਿੱਥੇ ਅੱਜ ਤੋਂ ਪੰਦਰਾਂ-ਵੀਹ ਸਾਲ ਪਹਿਲਾਂ ਤੱਕ ਗਾਵਾਂ ਦੇਖਣ ਨੂੰ ਵੀ ਮੁਸ਼ਕਲ ਨਾਲ ਮਿਲਦੀਆਂ ਸਨ, ਅੱਜ ਇਹ ਇਲਾਕਾ ਵੱਡੇ-ਵੱਡੇ ਸਿੰਗਾਂ ਵਾਲੀਆਂ ਦੇਸੀ ਜੰਗਲੀ ਗਊਆਂ, ਵਲਾਇਤੀ ਗਾਵਾਂ ਤੇ ਢੱਠਿਆਂ (ਸਾਨ੍ਹਾਂ) ਨਾਲ ਭਰ ਚੁੱਕਾ ਏ। ਅਜਿਹੇ ਵਿੱਚ ਸਵਾਲ ਉੱਠਣਾ ਲਾਜ਼ਮੀ ਏ ਕਿ ਕਿੱਥੋਂ ਆ ਗਈਆਂ ਐਨੀਆਂ ਗਾਵਾਂ? ਥੋੜ੍ਹੇ ਹੀ ਸਮੇਂ ਵਿੱਚ ਇਨ੍ਹਾਂ ਦੀ ਐਨੀ ਭਰਮਾਰ ਕਿਵੇਂ ਹੋ ਗਈ? ਜਵਾਬ ਏ ਕਾਲੇ ਜਾਂ ਡੱਬੇ ਰੰਗ ਦੀਆਂ ਦੋਗਲੀਆਂ/ਵਲਾਇਤੀ ਗਾਵਾਂ ਅਤੇ ਢੱਠੇ ਤਾਂ ਨੇੜੇ-ਤੇੜੇ ਦੇ ਪਿੰਡਾਂ, ਸ਼ਹਿਰਾਂ ਵਾਲਿਆਂ ਦੇ ਛੱਡੇ ਹੋਏ ਨੇ। ਇਨ੍ਹਾਂ ਦੀ ਗਿਣਤੀ ਵੀ ਸੀਮਤ ਹੈ ਤੇ ਇਹ ਨੁਕਸਾਨ ਵੀ ਐਨਾ ਜ਼ਿਆਦਾ ਨਹੀਂ ਕਰਦੇ, ਪਰ ਆ ਜਿਹੜੇ ਜੰਗਲੀ ਗਾਵਾਂ ਤੇ ਸਾਨ੍ਹਾਂ ਦੇ ਝੁੰਡ ਨੇ, ਉਹ ਇਸ ਇਲਾਕੇ ਵਿੱਚ ਪਹਿਲਾਂ ਬਿਲਕੁਲ ਵੀ ਨਹੀਂ ਸਨ ਹੁੰਦੇ। ਇਹ ਪੰਜਾਬ ਦੇ ਦੱਖਣ ਵੱਲ ਦੇ ਰਾਜਾਂ ਤੋਂ ਇੱਕ ਬਹੁਤ ਵੱਡੀ ਸਕੀਮ ਤੇ ਸਾਜ਼ਿਸ਼ ਦੇ ਤਹਿਤ ਲਿਆਂਦੇ ਗਏ, ਜਿਸ ਬਾਰੇ ਅੱਗੇ ਗੱਲ ਕਰਾਂਗੇ। ਇਨ੍ਹਾਂ ਬਾਹਰਲੇ ਪਸ਼ੂਆਂ ਨੇ ਆਉਣ ਸਾਰ ਕਿਸਾਨਾਂ ਦੀਆਂ ਫਸਲਾਂ ਦੀ ਬਰਬਾਦੀ ਸ਼ੁਰੂ ਕਰ ਦਿੱਤੀ ਹੈ। ਜੰਗਲ ਪਹਾੜੀ ਤੇ ਖੇਤਰਫਲ ਵਿੱਚ ਛੋਟਾ ਹੋਣ ਕਾਰਨ ਖਾਣ ਨੂੰ ਐਨਾ ਜ਼ਿਆਦਾ ਨਹੀਂ ਮਿਲਦਾ। ਸਿੱਟੇ ਵਜੋਂ ਰਾਤ ਨੂੰ ਪੱਧਰੇ ਇਲਾਕਿਆਂ ਵਿੱਚ ਆ ਕੇ ਇਹ ਜਾਨਵਰ ਪੂਰਾ ਆਤੰਕ ਮਚਾਉਂਦੇ ਨੇ ਤੇ ਦਿਨ ਚੜ੍ਹਦੇ ਨੂੰ ਜਾਂ ਤਾਂ ਵਾਪਸ ਚਲੇ ਜਾਂਦੇ ਨੇ ਜਾਂ ਫਿਰ ਨੇੜੇ-ਤੇੜੇ ਦੇ ਝਾੜ-ਝੁੰਡਾਂ ਵਿੱਚ ਲੁਕ ਜਾਂਦੇ ਨੇ।



ਗੁਰਜਿੰਦਰ ਸਿੰਘ ਸਾਹਦੜਾ

ਯਾਦ ਹੋਵੇਗਾ ਤਕਰੀਬਨ ਦਸ ਕੁ ਸਾਲ ਪਹਿਲਾਂ ਰੌਲ਼ਾ ਪਿਆ ਸੀ ਕਿ ਨੰਗਲ ਨਹਿਰ ਕੰਢੇ ਇੱਕ ਸਾਧ ਦੀਆਂ ਚੱਪਲਾਂ ਮਿਲੀਆਂ ਸਨ, ਪਰ ਉਸ ਸਾਧ ਬਾਰੇ ਪਤਾ ਨਹੀਂ ਸੀ ਲੱਗ ਰਿਹਾ, ਸ਼ੱਕ ਸੀ ਕਿ ਕਿਤੇ ਨਹਿਰ ਵਿੱਚ ਛਾਲ ਨਾ ਮਾਰ ਦਿੱਤੀ ਹੋਵੇ (ਕਾਫੀ ਦੇਰ ਬਾਅਦ ਪਤਾ ਲੱਗਾ ਸੀ ਕਿ ਜਿਉਂਦਾ ਹੈ)। ਇਹ ਉਹੀ ਸਾਧ ਸੀ, ਜਿਸ ਨੇ ਰਾਤਾਂ ਨੂੰ ਟਰੱਕਾਂ ਦੇ ਟਰੱਕ ਭਰ ਕੇ ਰਾਜਸਥਾਨ, ਯੂ ਪੀ ਤੋਂ ਇਹ ਦੇਸੀ ਗਾਵਾਂ ਮੰਗਵਾਈਆਂ ਸਨ ਤੇ ਇੱਥੇ ਜੰਗਲ ਵਿੱਚ ਛੱਡੀਆਂ ਸਨ। ਬਾਅਦ ਵਿੱਚ ਭੇਦ ਖੁੱਲ੍ਹ ਜਾਣ ਅਤੇ ਰੌਲਾ ਪੈਣ ਦੇ ਡਰ ਕਾਰਨ ਨਾਟਕੀ ਢੰਗ ਨਾਲ ਫਰਾਰ ਹੋ ਗਿਆ ਸੀ।

ਚੱਤੋ-ਪਹਿਰ ਦੀ ਰਾਖੀ ਤੇ ਹੋਰ ਝਮੇਲਿਆਂ ਤੋਂ ਦੁਖੀ ਹੋ ਕੇ ਕਿਸਾਨਾਂ ਨੇ ਖੇਤਾਂ ਦੁਆਲੇ ਖੰਭੇ ਲਗਾ ਕੇ ਕੰਡਿਆਲੀਆਂ ਤਾਰਾਂ ਦੀਆਂ ਵਾੜਾਂ ਕਰਨੀਆਂ ਸ਼ੁਰੂ ਕਰ ਦਿੱਤੀਆਂ। ਇਸ ਨਾਲ ਪਾਲਤੂ ਛੱਡੇ ਗਾਵਾਂ ਤੇ ਢੱਠਿਆਂ ਤੋਂ ਤਾਂ ਬਚਾਅ ਹੋਣ ਲੱਗਾ, ਪਰ ਰਾਤ ਨੂੰ ਆਉਣ ਵਾਲੇ ਜੰਗਲੀ ਗਾਵਾਂ ਦੇ ਝੁੰਡ ਇਹਨਾਂ ਖੰਭਿਆਂ ਤੇ ਤਾਰਾਂ ਨੂੰ ਵੀ ਤੋੜ ਕੇ ਨੁਕਸਾਨ ਕਰਨ ਲੱਗੇ। ਫਲਸਰੂਪ ਕਿਸਾਨਾਂ ਨੂੰ ਹਲਕੇ ਕਰੰਟ ਦਾ ਝਟਕਾ ਲਗਾਉਣ ਲਈ ਮਜਬੂਰ ਹੋਣਾ ਪਿਆ, ਜਿਸ ਨਾਲ ਇਹਨਾਂ ਪਸ਼ੂਆਂ ਤੋਂ ਇਲਾਵਾ ਹੋਰ ਜਾਨਵਰਾਂ ਤੇ ਆਮ ਲੋਕਾਂ ਲਈ ਵੀ ਖਤਰਾ ਪੈਦਾ ਹੋ ਗਿਆ।

ਹਾਲਾਂਕਿ ਕਹਿਣ ਨੂੰ ਤਾਂ ਸਰਕਾਰ ਜਾਲ ਲਾਉਣ ਲਈ ਸਬਸਿਡੀ ਦਿੰਦੀ ਹੈ, ਪਰ ਅਸਲ ਵਿੱਚ ਇਸ ਸਬਸਿਡੀ ਦੀ ਆੜ ਵਿੱਚ ਕਰੋੜਾਂ-ਅਰਬਾਂ ਰੁਪਏ ਦਾ ਲੁੱਟ ਦਾ ਵਪਾਰ, ਘਪਲਾ ਤੇ ਕਿਸਾਨਾਂ ਦੀ ਬੇਤਹਾਸ਼ਾ ਲੁੱਟ ਹੋ ਰਹੀ ਹੈ, ਜਦਕਿ ਸਬਸਿਡੀ ਤੋਂ ਕਿਤੇ ਸਸਤੀ ਚੀਜ਼ ਤਾਂ ਬਾਹਰੋਂ ਮਿਲ ਜਾਂਦੀ ਹੈ। ਫਿਰ ਸਬਸਿਡੀ ਤਾਂ ਇੱਕ ਭਰਮ ਜਾਲ ਹੀ ਹੋਇਆ। ਸਿੱਧਾ-ਸਿੱਧਾ ਮਕਸਦ ਹੈ ਕਿ ਸਰਮਾਏਦਾਰਾਂ ਦਾ ਲਾਭ ਹੋਵੇ, ਜ਼ਿਮੀਂਦਾਰ ਰਾਜਨੀਤਕ ਗੁਲਾਮੀ ਤੋਂ ਬਾਹਰ ਨਾ ਜਾਵੇ, ਸਰਕਾਰਾਂ ਦੇ ਅਹਿਸਾਨ ਹੇਠ ਦੱਬਿਆ ਰਹੇ ਤੇ ਅੰਤ ਦੁਖੀ ਤੇ ਲਾਚਾਰ ਹੋ ਕੇ ਜ਼ਮੀਨ ਵੇਚਣ ਲਈ ਮਜਬੂਰ ਹੋ ਜਾਵੇ।

ਆਖਰ ਵਿੱਚ ਸਵਾਲ ਉਠਦਾ ਹੈ ਕੀਤਾ ਕੀ ਜਾਵੇ? ਇਸ ਮਸਲੇ ਦਾ ਹੱਲ ਕਿਵੇਂ ਤੇ ਕੀ ਨਿਕਲੇ? ਧਰਤੀ ਤਾਂ ਸਭ ਦੀ ਸਾਂਝੀ ਹੈ ਤੇ ਸਭ ਨੂੰ ਹੀ ਇੱਥੇ ਰਹਿਣ ਦਾ ਇੱਕ ਸਮਾਨ ਅਧਿਕਾਰ ਹੈ। ਫਿਰ ਇਹ ਬੇਜ਼ੁਬਾਨ ਜਾਨਵਰ ਜਾਣ ਵੀ ਤਾਂ ਕਿੱਥੇ ਜਾਣ? ਫਿਰ ਵੀ ਇਸ ਦਾ ਇੱਕ ਵਧੀਆ ਤੇ ਢੁਕਵਾਂ ਹੱਲ ਇਹ ਨਿਕਲਦਾ ਹੈ ਕਿ ਆਵਾਰਾ ਘੁੰਮਦੀਆਂ ਦੇਸੀ ਤੇ ਵਲਾਇਤੀ ਗਾਵਾਂ ਨੂੰ ਸਾਂਭਣ ਦੀ ਜ਼ੁੰਮੇਵਾਰੀ ਤਾਂ ਸਾਡੀਆਂ ਸਰਕਾਰਾਂ ਤੇ ਉਨ੍ਹਾਂ ਸਥਾਨਕ ਗਊਸ਼ਾਲਾਵਾਂ ਦੀ ਬਣਦੀ ਹੈ, ਜੋ ‘ਕਾਓ ਸੈੱਸ’ ਦੇ ਨਾਂਅ ’ਤੇ ਲੋਕਾਂ ਤੋਂ ਕਰੋੜਾਂ ਰੁਪਏ ਇਕੱਠੇ ਕਰਦੀਆਂ ਨੇ। ਰਹੀ ਗੱਲ ਜੰਗਲੀ ਪਸ਼ੂਆਂ ਅਤੇ ਵਣ ਤੋਂ ਆਉਂਦੇ ਜਾਨਵਰਾਂ ਦੀ, ਇਹ ਨਾ ਤਾਂ ਪਾਲਤੂ ਬਣਾਏ ਜਾ ਸਕਦੇ ਨੇ ਅਤੇ ਨਾ ਹੀ ਇਨ੍ਹਾਂ ਨੂੰ ਮੈਦਾਨੀ ਇਲਾਕਿਆਂ ’ਚ ਰਹਿਣ ਦੀ ਜਾਚ ਆ ਸਕਦੀ ਹੈ। ਇਨ੍ਹਾਂ ਦੇ ਰਹਿਣ ਦੀ ਸਹੀ ਥਾਂ ਜੰਗਲ ਹੀ ਹੈ ਅਤੇ ਇਨ੍ਹਾਂ ਨੂੰ ਸਾਂਭਣ ਦੀ ਜ਼ੁੰਮੇਵਾਰੀ ਵਣ-ਵਿਭਾਗ ਦੀ ਬਣਦੀ ਹੈ। ਇਹਦੇ ਲਈ ਵਣ-ਵਿਭਾਗ ਨੂੰ ਚਾਹੀਦਾ ਹੈ ਕਿ ਵਣ ਦੀ ਹੱਦ ਦੇ ਨਾਲ ਉੱਚੀ ਵਾੜ ਕਰ ਕੇ ਇਨ੍ਹਾਂ ਨੂੰ ਵਣ ਦੇ ਅੰਦਰ ਹੀ ਸਮੇਟਿਆ ਅਤੇ ਡੱਕਿਆ ਜਾਵੇ ਅਤੇ ਉੱਥੇ ਹੀ ਖੁੱਲ੍ਹੇ ਤੌਰ ’ਤੇ ਵਿਚਰਨ ਦਿੱਤਾ ਜਾਵੇ।

ਲਗਦੇ ਹੱਥ ਰਾਜਨੀਤਕ ਲੀਡਰਾਂ ਦੀ ਗੱਲ ਵੀ ਕਰ ਲਈਏ ਤਾਂ ਉਹ ਇਸ ਮਾਮਲੇ ’ਤੇ ਮੌਨ ਨੇ, ਨਿਰੋਲ ਚੁੱਪੀ ਧਾਰ ਕੇ ਬੈਠੇ ਨੇ। ਸੰਸਦ ਜਾਂ ਵਿਧਾਨ ਸਭਾ ਦੇ ਵਿੱਚ ਵੀ ਇਸ ਬਾਬਤ ਕੋਈ ਮੈਂਬਰ ਚੂੰ ਤੱਕ ਨਹੀਂ ਕਰ ਰਿਹਾ। ਨਾਲ ਹੀ ਦੁਆਬੇ ਵਿੱਚ ਕਿਸੇ ਮਜ਼ਬੂਤ ਕਿਸਾਨ ਯੂਨੀਅਨ ਦੀ ਅਣਹੋਂਦ ਕਾਰਨ ਵੀ ਇਸ ਮੁੱਖ ਮੁੱਦੇ ਨੂੰ ਉਠਾਇਆ ਨਹੀਂ ਜਾ ਰਿਹਾ। ਅਜਿਹੇ ਵਿੱਚ ਮਾਝੇ-ਮਾਲਵੇ ਦੀਆਂ ਯੂਨੀਅਨਾਂ ਦਾ ਫਰਜ਼ ਅਤੇ ਨੈਤਿਕ ਜ਼ਿੰਮੇਵਾਰੀ ਬਣਦੀ ਏ ਕਿ ਇਸ ਗੰਭੀਰ ਮੁੱਦੇ ਨੂੰ ਆਪਣੀਆਂ ਮੁੱਖ ਮੰਗਾਂ ਵਿੱਚ ਸ਼ਾਮਲ ਕਰਿਆ ਜਾਵੇ।

# ਸੰਪਰਕ : 98153-01241

# ਇਫਟੂ ਨੇ ਮੋਦੀ ਤੇ ਯੋਗੀ ਦੇ ਪੁਤਲੇ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ



**ਮੋਰਿੰਡਾ (ਨਿਹਾਲ ਸਿੰਘ ਕਲਸੀ)**
ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਰਜਿ. ਸਬੰਧਤ ਇਫਟੂ ਵੱਲੋਂ ਲੇਬਰ ਚੌਂਕ ਮੋਰਿੰਡਾ ਵਿਖੇ ਪ੍ਰਧਾਨ ਮੰਤਰੀ ਤੇ ਯੂ ਪੀ ਦੇ ਮੁੱਖ ਮੰਤਰੀ ਦੇ ਪੁਤਲੇ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਯੂਨੀਅਨ ਦੇ ਪ੍ਰਧਾਨ ਜਸਪਾਲ ਸਿੰਘ ਤੇ ਜਨਰਲ ਸਕੱਤਰ ਰੁਪਿੰਦਰ ਸਿੰਘ ਬਮਨਾੜਾ ਨੇ ਦੱਸਿਆ ਕਿ ਕੇਂਦਰ ਸਰਕਾਰ ਦੇ ਇਸ਼ਾਰੇ ਤੇ ਦਿੱਲੀ ਤੇ ਯੂਪੀ ਦੇ ਦੀਆਂ ਸਰਕਾਰਾਂ ਵੱਲੋਂ ਫੈਕਟਰੀ ਮਜ਼ਦੂਰ, ਜੋ ਆਪਣੀਆਂ ਉਜਰਤਾਂ ਵਿੱਚ ਵਾਧੇ ਕਰਨ, ਅੱਠ ਘੰਟੇ ਦੀ ਦਿਹਾੜੀ ਦਾ ਨਿਯਮ ਲਾਗੂ ਕਰਨ ਅਤੇ 30 ਹਜ਼ਾਰ ਰੁ ਮਾਸਿਕ ਤਨਖਾਹ ਲਾਗੂ ਕਰਨ ਆਦਿ ਮੰਗਾਂ ਲਈ ਸੰਘਰਸ਼ ਕਰ ਰਹੇ ਸਨ। ਇਹਨਾਂ ਸਰਕਾਰਾਂ ਨੇ ਮਜ਼ਦੂਰਾਂ ਦੀਆਂ ਮੰਗਾਂ ਮਸਲਿਆਂ ਤੇ ਗੱਲਬਾਤ ਕਰਨ ਦੀ ਬਜਾਏ , ਵੈਹਸ਼ੀ ਢੰਗ ਨਾਲ ਲਾਠੀਚਾਰਜ ਕਰਕੇ ਸੈਂਕੜੇ ਮਜ਼ਦੂਰਾਂ ਨੂੰ ਜ਼ਖ਼ਮੀ ਕਰਕੇ ਜੇਲਾਂ ਵਿੱਚ ਸੁੱਟ ਦਿੱਤਾ ਗਿਆ। ਇਸ ਦੇ ਵਿਰੋਧ ਵਿੱਚ ਅਤੇ ਇਹਨਾਂ ਸੰਘਰਸ਼ਸ਼ੀਲ ਮਜ਼ਦੂਰਾਂ ਦੀ ਹਮਾਇਤ ਵਿੱਚ ਅਰਥੀ ਫੂਕ ਮੁਜ਼ਾਹਰੇ ਕੀਤੇ ਗਏ।ਆਗੂਆਂ ਨੇ ਮੰਗ ਕੀਤੀ ਕਿ ਦੇਸ਼ ਦੇ ਸਮੁੱਚੇ ਫੈਕਟਰੀ ਅਤੇ ਉਸਾਰੀ ਨਾਲ ਸੰਬੰਧਿਤ ਮਜ਼ਦੂਰਾਂ ਦੀਆਂ ਤਨਖਾਹਾਂ ਵਿੱਚ ਵਾਧਾ ਕੀਤਾ ਜਾਵੇ , ਲੇਬਰ ਵੈਲਫੇਅਰ ਬੋਰਡਾਂ ਨੂੰ ਮਜਬੂਤ ਕਰਦੇ ਹੋਏ ਇਹਨਾਂ ਵਿੱਚ ਮਜ਼ਦੂਰਾਂ ਨੂੰ ਨੁਮਾਇੰਦਗੀ ਦਿੱਤੀ ਜਾਵੇ। ਮਜ਼ਦੂਰਾਂ ਨੂੰ ਘੱਟੋ ਘੱਟ 30 ਹਜ਼ਾਰ ਰੁਪਏ ਮਾਸਿਕ ਉਜਰਤ ਤਹਿ ਕੀਤੀ ਜਾਵੇ। ਹਰੇਕ ਮਜ਼ਦੂਰ ਨੂੰ ਘੱਟੋ ਘੱਟ 10 ਹਜਾਰ ਰੁ ਪੈਨਸ਼ਨ, ਫਰੀ ਮੈਡੀਕਲ ਤੇ ਸਿੱਖਿਆ ਦਾ ਪ੍ਰਬੰਧ ਕੀਤਾ ਜਾਵੇ। ਆਗੂਆਂ ਨੇ ਸਮੁੱਚੇ ਮਜ਼ਦੂਰਾਂ ਨੂੰ ਸੱਦਾ ਦਿੱਤਾ ਕਿ ਆਪਣੀਆਂ ਹੱਕੀ ਮੰਗਾਂ ਲਈ 1 ਮਈ ਨੂੰ ਮਜ਼ਦੂਰ ਦਿਵਸ ਮੌਕੇ ਸੰਘਰਸ਼ਾਂ ਦੇ ਅਹਿਦ ਕਰਨ ਤਾਂ ਜੋ ਮਜ਼ਦੂਰਾਂ ਦੀ ਜ਼ਿੰਦਗੀ ਵਧੀਆ ਬਣ ਸਕੇ । ਇਸ ਮੌਕੇ ਪ੍ਰਕਾਸ਼ ਸਿੰਘ ਫੌਜੀ, ਸਤਵੀਰ ਸਿੰਘ, ਮਨਜੀਤ ਸਿੰਘ, ਨਿਰਮਲ ਸਿੰਘ, ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।

# ਮੁੱਖ ਮੰਤਰੀ ਸਿਹਤ ਯੋਜਨਾ ਹੇਠ ਹਰ ਪਰਵਾਰ ਨੂੰ 10 ਲੱਖ ਤੱਕ ਦਾ ਕਵਰ ਮਿਲ ਰਿਹੈ : ਡਾ. ਬਲਬੀਰ ਸਿੰਘ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦਾ ਸਿਹਤ ਖੇਤਰ ਇੱਕ ਕ੍ਰਾਂਤੀਕਾਰੀ ਬਦਲਾਅ ਦੇ ਦੌਰ ਵਿੱਚੋਂ ਲੰਘ ਰਿਹਾ ਹੈ। ਪੰਜਾਬ ਸਰਕਾਰ ਦੇ ਵਾਅਦੇ ਅਨੁਸਾਰ ਹਰ ਪਰਵਾਰ ਨੂੰ ਸੁਖਾਲੀਆਂ, ਕਿਫਾਇਤੀ ਅਤੇ ਸਨਮਾਨਜਕਨ ਸਿਹਤ ਸੇਵਾਵਾਂ ਮਿਲ ਰਹੀਆਂ ਹਨ। ਕਈ ਸਾਲਾਂ ਤੋਂ ਉੱਚ ਇਲਾਜ ਦਰਾਂ ਕਾਰਨ ਮਰੀਜ਼ ਇਲਾਜ ਵਿੱਚ ਦੇਰੀ ਲਈ ਮਜਬੂਰ ਹੁੰਦੇ ਰਹੇ, ਮੈਡੀਕਲ ਟੈਸਟਾਂ ਨੂੰ ਟਾਲਦੇ ਰਹੇ ਜਾਂ ਦਵਾਈਆਂ ਅੱਧ-ਵਿਚਕਾਰ ਹੀ ਛੱਡ ਦਿੰਦੇ ਸਨ, ਜਿਸ ਨਾਲ ਪਰਵਾਰ ਕਰਜ਼ੇ ਹੇਠ ਆ ਜਾਂਦੇ ਸਨ ਤੇ ਸਿਹਤ ਨਤੀਜੇ ਵੀ ਪ੍ਰਭਾਵਿਤ ਹੁੰਦੇ ਸਨ। ਇਸ ਬਦਲਾਅ ਦੇ ਕੇਂਦਰ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਹੈ, ਜੋ ਭਗਵੰਤ ਮਾਨ ਸਰਕਾਰ ਦੀ ਪ੍ਰਮੁੱਖ ਪਹਿਲ ਹੈ ਅਤੇ ਤੇਜ਼ੀ ਨਾਲ ਲੋਕਾਂ ਦੀ ਸਿਹਤ ਸੇਵਾਵਾਂ ਤੱਕ ਪਹੁੰਚ ਨੂੰ ਵਧਾ ਰਹੀ ਹੈ। ਸਿਰਫ਼ ਤਿੰਨ ਮਹੀਨਿਆਂ ਵਿੱਚ 40 ਲੱਖ ਤੋਂ ਵੱਧ ਹੈਲਥ -ਕਾਰਡ ਜਾਰੀ ਕੀਤੇ ਜਾ ਚੁੱਕੇ ਹਨ, ਜੋ ਹਰ ਪਰਵਾਰ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਕਵਰ ਦਿੰਦੇ ਹਨ। ਇਸ ਯੋਜਨਾ ਨੂੰ ਵੱਡੀ ਪੱਧਰ 'ਤੇ ਅਪਣਾਉਣ ਤੋਂ ਇਸਦੀ ਲੋੜ ਅਤੇ ਇਸ਼ ਵਿੱਚ ਲੋਕਾਂ ਦੇ ਭਰੋਸੇ ਦਾ ਪਤਾ ਚੱਲਦਾ ਹੈ। 21 ਅਪ੍ਰੈਲ ਨੂੰ 28,766 ਰਜਿਸਟ੍ਰੇਸ਼ਨ ਹੋਏ, ਜੋ ਇਹ ਸੰਕੇਤ ਦਿੰਦੇ ਹਨ ਕਿ ਸਿਹਤ ਪ੍ਰਣਾਲੀ ਹੁਣ ਹੋਰ ਜ਼ਿਆਦਾ ਜਵਾਬਦੇਹ, ਸਮਾਵੇਸ਼ੀ ਅਤੇ ਲੋਕ-ਕੇਂਦ੍ਰਿਤ ਬਣ ਰਹੀ ਹੈ।

# ਪ੍ਰਸ਼ਾਸਨ ਨੇ ਉਦਯੋਗਿਕ ਨੀਤੀ ਤਹਿਤ 1.85 ਕਰੋੜ ਦੇ ਇੰਸੈਂਟਿਵ ਨੂੰ ਦਿੱਤੀ ਪ੍ਰਵਾਨਗੀ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਸਥਾਨਕ ਉਦਯੋਗ ਨੂੰ ਹੁਲਾਰਾ ਦੇਣ ਲਈ ਇਕ ਅਹਿਮ ਕਦਮ ਚੁੱਕਦਿਆਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ ਤਹਿਤ 12 ਉਦਯੋਗਾਂ ਲਈ 1.85 ਕਰੋੜ ਰੁਪਏ ਦੇ ਇੰਸੈਂਟਿਵ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜਿਸ ਨਾਲ ਖੇਤਰ ਦੇ ਉਦਯੋਗਾਂ ਨੂੰ ਮਹੱਤਵਪੂਰਣ ਵਿੱਤੀ ਰਾਹਤ ਮਿਲੇਗੀ।ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਜ਼ਿਲ੍ਹਾ ਪੱਧਰੀ ਇੰਡਸਟਰੀਅਲ ਐਂਡ ਬਿਜ਼ਨੈਸ ਡਿਵੈਲਪਮੈਂਟ ਪਾਲਿਸੀ (ਆਈ ਬੀ ਡੀ ਪੀ) ਦੀ ਮੀਟਿੰਗ ਦੌਰਾਨ ਇਹ ਪ੍ਰਵਾਨਗੀਆਂ ਦਿੱਤੀਆਂ।ਇੰਸੈਂਟਿਵ ਵਿੱਚ ਜੀ ਐੱਸ ਟੀ ਰੀ-ਇੰਬਰਸਮੈਂਟ, ਈ ਡੀ ਸੀ ਛੋਟ, ਸੀ ਜੀ ਟੀ ਐੱਮ ਐੱਸ ਈ ਫੀਸ ਰੀ-ਇੰਬਰਸਮੈਂਟ, ਸਟੈਂਪ ਡਿਊਟੀ ਰੀ-ਇੰਬਰਸਮੈਂਟ, ਮਾਲ ਢੁਆਈ ਸਹਾਇਤਾ ਅਤੇ ਕੈਪੀਟਲ ਸਬਸਿਡੀ ਵਰਗੇ ਲਾਭ ਸ਼ਾਮਲ ਹਨ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਉਦਯੋਗਿਕ ਵਿਕਾਸ ਨੂੰ ਮਜ਼ਬੂਤ ਕਰਨ ਅਤੇ ਕਾਰੋਬਾਰਾਂ ਲਈ ਸਾਜ਼ਗਾਰ ਮਾਹੌਲ ਸਿਰਜਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਮੀਟਿੰਗ ਦੌਰਾਨ ਪ੍ਰਮੁੱਖ ਉਦਯੋਗਿਕ ਮੁੱਦਿਆਂ ਦੀ ਸਮੀਖਿਆ ਕਰਦਿਆਂ ਵਾਲੀਆ ਨੇ ਅਧਿਕਾਰੀਆਂ ਨੂੰ ਵੱਖ-ਵੱਖ ਉਦਯੋਗਿਕ ਖੇਤਰਾਂ ਦੇ ਦੌਰੇ ਕਰਨ ਅਤੇ ਇੰਡਸਟਰੀ ਦੇ ਨੁਮਾਇੰਦਿਆਂ ਦੇ ਤਾਲਮੇਲ ਨਾਲ ਮੁੱਦਿਆਂ ਨੂੰ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਜ਼ਿਲ੍ਹੇ ਵਿੱਚ ਬੁਨਿਆਦੀ ਢਾਂਚੇ ਵਿੱਚ ਹੋਰ ਸੁਧਾਰ ਹੋਵੇਗਾ ਅਤੇ ਕਾਰੋਬਾਰ ਕਰਨ ਵਿੱਚ ਆਸਾਨੀ ਵਧੇਗੀ।ਆਰਥਿਕ ਵਿਕਾਸ ਵਿੱਚ ਉਦਯੋਗਾਂ ਦੀ ਭੂਮਿਕਾ 'ਤੇ ਚਾਨਣਾ ਪਾਉਂਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਈ ਇਕਾਈਆਂ ਨੇ ਪਹਿਲਾਂ ਹੀ ਜਲੰਧਰ ਵਿੱਚ ਮੈਨੂਫੈਕਚਰਿੰਗ ਪਲਾਂਟ ਸਥਾਪਤ ਕਰਕੇ ਕਾਫ਼ੀ ਨਿਵੇਸ਼ ਕੀਤਾ ਹੈ।



# ਵੈਟਰਨਰੀ ਇੰਸਪੈਕਟਰ 26 ਨੂੰ ਮੁੱਖ ਮੰਤਰੀ ਨਿਵਾਸ ਵੱਲ ਕਰਨਗੇ ਮਾਰਚ

**ਹੁਸ਼ਿਆਰਪੁਰ (ਬਲਵੀਰ ਸੈਣੀ)**
ਪਸ਼ੂ ਪਾਲਣ ਵਿਭਾਗ ਵਿੱਚ ਕੰਮ ਕਰਦੇ ਵੈਟਰਨਰੀ ਇੰਸਪੈਕਟਰ ਆਪਣੀਆਂ ਮੰਗਾਂ ਨੂੰ ਲੈ ਕੇ ਪਿਛਲੇ ਲੰਬੇ ਸਮੇਂ ਤੋਂ ਜਦੋ ਜਹਿਦ ਕਰ ਰਹੇ ਹਨ। ਇਸ ਸਬੰਧੀ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਪੰਜਾਬ ਦੇ ਨੁਮਾਇੰਦਿਆਂ ਦੀਆਂ ਕਈ ਮੀਟਿੰਗਾਂ ਵਿਭਾਗ ਦੇ ਮੰਤਰੀ ਗੁਰਮੀਤ ਸਿੰਘ ਖੁਡੀਆਂ ਤੇ ਵਿਭਾਗ ਦੇ ਪ੍ਰਮੁੱਖ ਸਕੱਤਰ ਸਮੇਤ ਡਾਇਰੈਕਟਰੇਟ ਦੀ ਅਫਸਰਸ਼ਾਹੀ ਨਾਲ ਹੋ ਚੁੱਕੀਆਂ ਹਨ, ਵੈਟਰਨਰੀ ਇੰਸਪੈਕਟਰਾਂ ਦੀਆਂ ਮੰਗਾਂ ਜਿਵੇਂ ਕਿ 18 ਮਹੀਨਿਆਂ ਦੀ ਸਰਵਿਸ ਨੂੰ ਕਾਊਂਟ ਕਰਨਾ , ਵੈਟਨਰੀ ਇੰਸਪੈਕਟਰ ਕੌਂਸਲ ਦਾ ਨਿਰਮਾਣ ਕਰਨਾ, ਜ਼ਿਲ੍ਹਾ ਪਠਾਨਕੋਟ ਵਿੱਚ ਕੰਮ ਕਰਦੇ 14 ਵੈਟਨਰੀ ਇੰਸਪੈਕਟਰਾਂ ਦੀ ਚਾਰਜ ਸ਼ੀਟ ਨੂੰ ਕਲੀਅਰ ਕਰਨਾ, ਸੀਨੀਅਰ ਵੈਟਰਨਰੀ ਇੰਸਪੈਕਟਰਾਂ ਦੀ ਡਿਊਟੀ ਲਿਸਟ ਵਿੱਚ ਸੋਧ ਕਰਨਾ, ਸਕੇਲ ਵਿਚਲੀਆਂ ਤਰੁਟੀਆਂ ਨੂੰ ਦੂਰ ਕਰਨਾ, ਜ਼ਿਲ੍ਹਾ ਵੈਟਨਰੀ ਇੰਸਪੈਕਟਰਾਂ ਨੂੰ ਬਣਦਾ ਮਾਣ ਸਨਮਾਨ ਦੇਣਾ ਤੇ ਉਹਨਾਂ ਕੋਲੋਂ ਢੋਆ ਢੁਆਈ ਦਾ ਕੰਮ ਨਾ ਲੈਣਾ ਆਦਿ ਸ਼ਾਮਿਲ ਹਨ, ਪਰ ਅਫਸਰ ਸ਼ਾਹੀ ਦੇ ਦਬਾਅ ਹੇਠਾਂ ਉਨ੍ਹਾਂ ਦੀਆ ਮੰਗਾਂ ਨੂੰ ਨਜ਼ਰ ਅੰਦਾਜ਼ ਕੀਤਾ ਜਾ ਰਿਹਾ ਹੈ। ਇਸ ਸਬੰਧੀ ਐਸੋਸੀਏਸ਼ਨ ਦੇ ਪ੍ਰਧਾਨ ਗੁਰਦੀਪ ਸਿੰਘ ਬਾਸੀ ਤੇ ਜਨਰਲ ਸਕੱਤਰ ਵਿਪਨ ਗੋਇਲ ਵੱਲੋਂ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆ ਕਿਹਾ ਕਿ ਵੈਟਰਨਰੀ ਇੰਸਪੈਕਟਰ ਕੇਡਰ ਮੁੱਖ ਮੰਤਰੀ ਪੰਜਾਬ ਤੋਂ ਉੱਚ ਪੱਧਰੀ ਵਿਭਾਗੀ ਮੀਟਿੰਗ ਦੀ ਮੰਗ ਕਰ ਰਿਹਾ ਹੈ। ਉਹਨਾਂ ਕਿਹਾ ਕਿ ਜੇਕਰ ਮੁੱਖ ਮੰਤਰੀ ਪੰਜਾਬ ਵੱਲੋਂ ਵੈਟਨਰੀ ਇੰਸਪੈਕਟਰ ਕੇਡਰ ਨੂੰ ਵਿਭਾਗੀ ਮੀਟਿੰਗ ਲਈ ਸਮਾਂ ਨਹੀਂ ਦਿੱਤਾ ਜਾਂਦਾ ਤਾ, ਉਹ 26 ਅਪ੍ਰੈਲ ਦਿਨ ਐਤਵਾਰ ਨੂੰ ਗੁਰਦੁਆਰਾ ਅੰਬ ਸਾਹਿਬ ਮੁਹਾਲੀ ਵਿਖੇ ਇੱਕ ਰੋਸ ਪ੍ਰਦਰਸ਼ਨ ਕਰਨਗੇ ਤੇ ਦੁਪਹਿਰ ਤੋਂ ਬਾਅਦ ਮੁੱਖ ਮੰਤਰੀ ਪੰਜਾਬ ਦੀ ਰਿਹਾਇਸ਼ ਵੱਲ ਮਾਰਚ ਕਰਨਗੇ। ਇਸ ਮੌਕੇ ਤੇ ਗੁਰਦੀਪ ਸਿੰਘ ਛੰਨਾ, ਰਜੀਵ ਮਲਹੋਤਰਾ, ਦਲਜੀਤ ਸਿੰਘ ਚਾਹਲ, ਪਰਮਜੀਤ ਸਿੰਘ ਸੋਹੀ,ਹਰਜੋਧ ਸਿੰਘ, ਹਰਦੀਪ ਸਿੰਘ ਗਿਆਨਾ, ਧਰਮਵੀਰ ਸਰਾਂ, ਸਤਨਾਮ ਸਿੰਘ ਚਾਹਲ, ਪ੍ਰਵੀਨ ਕੁਮਾਰ, ਗੁਰਮੀਤ ਮਹਿਤਾ, ਦਲਜੀਤ ਸਿੰਘ ਦੁੱਲਾਠ, ਰਜਿੰਦਰ ਕੰਬੋਜ, ਹਰਦੀਪ ਸਿੰਘ, ਰਕੇਸ਼ ਸੈਣੀ, ਦਮਨਦੀਪ ਸਿੰਘ ਗਿੱਲ, ਗੁਰਿੰਦਰ ਪਾਲ ਸਿੰਘ, ਸ਼ਾਮਨਾਥ ਫਤਿਹਗੜ ਸਾਹਿਬ, ਅੰਮ੍ਰਿਤਪਾਲ ਸਿੰਘ,ਜਤਿੰਦਰ ਸਿੰਘ ਕਪੂਰਥਲਾ ਹੋਰ ਮੌਜੂਦ ਸਨ ।

# ਵਿਸ਼ਵ ਧਰਤੀ ਦਿਵਸ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**
ਟਾਂਡਾ ਸ਼ਹਿਰ ਦੀ ਮਹਾਨ ਵਿਦਿਅਕ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ (ਰਜਿ.) ਵੱਲੋਂ ਚਲਾਏ ਜਾ ਰਹੇ ਜੀ ਆਰ ਡੀ ਇੰਟਰਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਤੇ ਜੀ ਆਰ ਡੀ ਇੰਟਰਨੈਸ਼ਨਲ ਸਕੂਲ ਵਿਖੇ ਵਿਦਿਆਰਥੀਆਂ ਵੱਲੋਂ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਸੰਸਥਾ ਦੇ ਚੇਅਰਪਰਸਨ ਪ੍ਰਦੀਪ ਕੌਰ ਤੇ ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਦਿਅਕ ਸੰਸਥਾਵਾਂ ਤੇ ਮੈਨੇਜਰ ਸਰਬਜੀਤ ਸਿੰਘ ਮੋਮੀ ਦੀ ਅਗਵਾਈ ਹੇਠ ਮਨਾਏ ਗਏ ਵਿਸ਼ਵ ਧਰਤੀ ਦਿਵਸ ਵਿੱਚ ਸਕੂਲੀ ਵਿਦਿਆਰਥੀਆਂ ਤੇ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਜਿੱਥੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਉੱਥੇ ਗਰਾਊਂਡ ਵਿੱਚ ਪੌਦੇ ਲਗਾ ਕੇ ਆਪਣੇ ਚੁਗਿਰਦੇ ਨੂੰ ਹਰਿਆ ਭਰਿਆ ਰੱਖਣ ਲਈ ਵੀ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਦੱਸਿਆ ਕਿ ਹਰ ਸਾਲ ਹੀ ਧਰਤੀ ਦੀ ਸੁਰੱਖਿਆ ਤੇ ਵਾਤਾਵਰਨ ਦੀ ਸ਼ੁੱਧਤਾ ਨੂੰ ਮੁੱਖ ਰੱਖਦੇ ਹੋਏ ਵਿਸ਼ਵ ਧਰਤੀ ਦਿਵਸ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾਂਦਾ ਹੈ ਤਾਂ ਜੋ ਸਾਡੀ ਧਰਤੀ ਸੁਰੱਖਿਤ ਰਹਿ ਸਕੇ।ਇਸ ਮੌਕੇ ਉਨਾਂ ਨੇ ਵਿਦਿਆਰਥੀਆਂ ਨੂੰ ਧਰਤੀ ਅਤੇ ਵਾਤਾਵਰਨ ਪ੍ਰਤੀ ਜਾਗਰੂਕ ਕੀਤਾ ਅਤੇ ਕਿਹਾ ਕਿ ਜੇਕਰ ਅਸੀਂ ਹੁਣ ਤੋਂ ਹੀ ਸੁਚੇਤ ਨਾ ਹੋਏ ਤਾਂ ਆਉਣ ਵਾਲਾ ਸਮਾਂ ਸਾਡੇ ਲਈ ਬਹੁਤ ਹੀ ਖਤਰਨਾਕ ਹੋਵੇਗਾ।ਇਸ ਕਰਵਾਏ ਗਏ ਪੋਸਟਰ ਮੇਕਿੰਗ ਮੁਕਾਬਲੇ ਅਤੇ ਭਾਸ਼ਣ ਪ੍ਰਤੀ ਯੋਗਤਾ ਚੋਂ ਜੇਤੂ ਰਹੇ ਵਿਦਿਆਰਥੀਆਂ ਦਾ ਸੰਸਥਾ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਦਲਜਿੰਦਰ ਕੌਰ, ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ, ਮਨਪ੍ਰੀਤ ਕੌਰ, ਪ੍ਰਿਯੰਕਾ, ਤੇਜਿੰਦਰ ਕੌਰ, ਸੀਮਾ ਜਾਜਾ, ਹਰਿੰਦਰ ਕੌਰ, ਬਲਜੀਤ ਕੌਰ, ਹਰਦੀਪ ਕੌਰ, ਮਨਜੀਤ ਕੌਰ, ਆਰਤੀ ਟਾਂਡਾ ਵੀ ਹਾਜ਼ਰ ਸਨ।



# ਕਣਕ ਦੀ ਖੜ੍ਹੀ ਫ਼ਸਲ ਨੂੰ ਲੱਗੀ ਅੱਗ

**ਮੋਰਿੰਡਾ (ਨਿਹਾਲ ਸਿੰਘ ਕਲਸੀ)**
ਨਜ਼ਦੀਕੀ ਪਿੰਡ ਢੋਲਣ ਮਾਜਰਾ ਵਿਖੇ ਕਣਕ ਦੀ ਖੜ੍ਹੀ ਫ਼ਸਲ ਨੂੰ ਅਚਾਨਕ ਅੱਗ ਲੱਗਣ ਕਾਰਨ ਫ਼ਸਲ ਸੜ ਕੇ ਸੁਆਹ ਹੋ ਗਈ ਹੈ ਅਤੇ ਲੱਖਾਂ ਰੁਪਏ ਦਾ ਨੁਕਸਾਨ ਹੋਣ ਦਾ ਅਨੁਮਾਨ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਸਾਨ ਆਗੂ ਪਰਮਿੰਦਰ ਸਿੰਘ ਢੋਲਣ ਮਾਜਰਾ ਨੇ ਦੱਸਿਆ ਕਿ ਸਾਡੇ ਖੇਤਾਂ ਉਪਰੋਂ ਬਿਜਲੀ ਵਿਭਾਗ ਦੀ ਮੇਨ ਲਾਈਨ ਜਾ ਰਹੀ ਹੈ। ਤਾਰਾਂ ਬਹੁਤ ਢਿਲੀਆਂ ਹਨ। ਬਿਜਲੀ ਦੀ ਤਾਰ ਤੇ ਕਿਸੇ ਜਾਨਵਰ ਦੇ ਬੈਠਣ ਕਾਰਨ ਬਿਜਲੀ ਦੀਆਂ ਦੋਵੇਂ ਤਾਰਾਂ ਆਪਸ ਵਿੱਚ ਟਕਰਾ ਗਈਆਂ ਜਿਸ ਕਾਰਨ ਅਕਾਲੀ ਆਗੂ ਹਰਜੀਤ ਸਿੰਘ ਢੋਲਣ ਮਾਜਰਾ ਦੀ ਕਣਕ ਦੀ ਖੜ੍ਹੀ ਫ਼ਸਲ ਨੂੰ ਅੱਗ ਲੱਗ ਗਈ। ਅੱਗ ਲੱਗਣ ਕਾਰਨ ਕਿਸਾਨ ਹਰਜੀਤ ਸਿੰਘ ਦੀ ਇਕ ਏਕੜ ਕਣਕ ਸੜ ਕੇ ਸੁਆਹ ਹੋ ਗਈ। ਜਦੋਂ ਕਿ ਪਰਮਿੰਦਰ ਸਿੰਘ ਦੀ ਵੱਡੀ ਹੋਈ ਕਣਕ ਦਾ ਨਾੜ ਸੜ ਕੇ ਸੁਆਹ ਹੋ ਗਿਆ। ਜਦੋਂ ਕਣਕ ਨੂੰ ਅੱਗ ਲੱਗਣ ਦੀ ਘਟਨਾ ਵਾਪਰੀ ਉਸ ਮੌਕੇ ਨਜ਼ਦੀਕ ਹੀ ਕੰਬਾਇਨ ਕਣਕ ਦੀ ਕਟਾਈ ਕਰ ਰਹੀ ਸੀ। ਉਸ ਸਮੇਂ ਹਾਜ਼ਰ ਸਾਰੇ ਵਿਅਕਤੀ ਅੱਗ ਤੇ ਕਾਬੂ ਪਾਉਣ ਲਈ ਯਤਨ ਕਰਨ ਲੱਗੇ। ਨਜ਼ਦੀਕੀ ਖੇਤ ਵਿੱਚ ਕਣਕ ਦੀ ਕਟਾਈ ਵਿਚ ਰੁਝੇ ਕਿਸਾਨਾ ਦੇ ਟ੍ਰੈਕਟਰ ਤੇ ਕੰਬਾਇਨਾਂ ਆਦਿ ਅੱਗ ਦੀ ਲਪੇਟ ਵਿੱਚ ਆਉਣ ਤੋਂ ਬੱਚ ਗਏ। ਇਸੇ ਮੌਕੇ ਮੋਰਿੰਡਾ ਤੋਂ ਫਾਇਰ ਬ੍ਰਿਗੇਡ ਦੀ ਗੱਡੀ ਮੌਕੇ ਤੇ ਪਹੁੰਚੀ ਤੇ ਅੱਗ ਤੇ ਕਾਬੂ ਪਾਇਆ ਗਿਆ। ਇਸ ਸਬੰਧੀ ਪਿੰਡ ਦੇ ਸਰਪੰਚ ਅਭੀਜੀਤ ਸਿੰਘ ਸੋਨੂੰ, ਸ਼੍ਰੋਮਣੀ ਅਕਾਲੀ ਦਲ ਸ੍ਰੀ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਸੰਤੋਖਗੜ੍ਹ, ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਜ਼ਿਲ੍ਹਾ ਰੂਪਨਗਰ ਦੇ ਸਰਪ੍ਰਸਤ ਪ੍ਰਗਟ ਸਿੰਘ ਰੌਲੂ ਮਾਜਰਾ, ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਸਿੰਘ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੀਨੀਅਰ ਆਗੂ ਗੁਰਚਰਨ ਸਿੰਘ ਢੋਲਣ ਮਾਜਰਾ ਨੇ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਪੀੜਤ ਕਿਸਾਨਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ।ਹੋਰਨਾਂ ਤੋਂ ਇਲਾਵਾ ਪੀੜਤ ਕਿਸਾਨ ਹਰਜੀਤ ਸਿੰਘ, ਪਰਮਿੰਦਰ ਸਿੰਘ, ਹਰਪ੍ਰੀਤ ਸਿੰਘ, ਗੁਰਜੀਤ ਸਿੰਘ ਦੀਪਾ, ਰਣਯੋਧ ਸਿੰਘ, ਹਰਪਾਲ ਸਿੰਘ, ਅਵਤਾਰ ਸਿੰਘ, ਮੇਹਰ ਸਿੰਘ, ਹਰਪ੍ਰੀਤ ਸਿੰਘ, ਵਰਿੰਦਰ ਸਿੰਘ,ਪਾਲ ਸਿੰਘ ਕਲਾਰਾਂ ਆਦਿ ਕਿਸਾਨ ਆਗੂ ਹਾਜ਼ਰ ਸਨ।



# ਹਰਜੀ ਮਾਨ ਨੇ ਪੰਚਾਇਤਾਂ ਨੂੰ ਵੰਡੇ ਗ੍ਰਾਂਟਾਂ ਦੇ ਚੈੱਕ

**ਫਗਵਾੜਾ (ਡਾ. ਰਮਨ)**
ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਫਗਵਾੜਾ ਵਿਖੇ ਇਕ ਸਮਾਗਮ ਦਾ ਆਯੋਜਨ ਬੀ ਡੀ ਪੀ ਓ ਲਖਵਿੰਦਰ ਕਲੇਰ ਦੀ ਅਗਵਾਈ ਹੇਠ ਆਯੋਜਿਤ ਹੋਇਆ ਜਿਸ ਵਿੱਚ ਆਮ ਆਦਮੀ ਪਾਰਟੀ ਦੇ ਸੂਬਾ ਸਪੋਕਸਪਰਸਨ ਅਤੇ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਹਰਨੂਰ ਸਿੰਘ (ਹਰਜੀ) ਮਾਨ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਫਗਵਾੜਾ ਹਲਕੇ ਦੀਆਂ ਪੰਚਾਇਤਾਂ ਨੂੰ ਪੰਜਾਬ ਸਰਕਾਰ ਦੀ 'ਰੰਗਲਾ ਪੰਜਾਬ' ਵਿਕਾਸ ਸਕੀਮ ਤਹਿਤ ਗ੍ਰਾਂਟਾਂ ਦੇ ਚੈੱਕ ਵੰਡੇ ਗਏ। ਜਾਣਕਾਰੀ ਦਿੰਦੇ ਹੋਏ ਬੀ ਡੀ ਪੀ ਓ ਲਖਵਿੰਦਰ ਕਲੇਰ ਨੇ ਦੱਸਿਆ ਕਿ ਇਲਾਕੇ ਦੇ 14 ਪਿੰਡਾਂ ਦੀਆਂ ਪੰਚਾਇਤਾਂ ਨੂੰ ਕਰੀਬ 42 ਲੱਖ ਰੁਪਏ ਦੀ ਗ੍ਰਾਂਟ ਦੇ ਚੈੱਕ ਵੰਡਣ ਲਈ ਇਸ ਸਮਾਗਮ ਦਾ ਆਯੋਜਨ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਇਸ ਰਾਸ਼ੀ ਨਾਲ ਪਿੰਡਾਂ ਦਾ ਬਹੁਪੱਖੀ ਵਿਕਾਸ ਕਰਵਾਇਆ ਜਾ ਸਕੇਗਾ। ਸਮਾਗਮ ਦੌਰਾਨ ਹਾਜ਼ਰ ਸਰਪੰਚਾਂ ਤੇ ਪੰਚਾਂ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਹਰਜੀ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਵਿਕਾਸ ਦੀ ਨਵੀਂ ਲਹਿਰ ਚੱਲ ਰਹੀ ਹੈ ਅਤੇ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਸਰਕਾਰ ਵੱਲੋਂ ਇਤਿਹਾਸਕ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਪਿੰਡਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਸੀ, ਪਰ ਮੌਜੂਦਾ ਸਰਕਾਰ ਪਿੰਡਾਂ ਦੇ ਵਿਕਾਸ ਨੂੰ ਸਭ ਤੋਂ ਵੱਧ ਤਰਜੀਹ ਦੇ ਰਹੀ ਹੈ। ਸਮਾਗਮ ਨੂੰ ਸੀਨੀਅਰ ਆਗੂ ਗੁਰਦੀਪ ਸਿੰਘ ਦੀਪਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਿਰਨਾ ਖੇੜਾ, ਅਮਰਿੰਦਰ ਸਿੰਘ ਬਲਾਕ ਪ੍ਰਧਾਨ ਅਤੇ ਰਵੀ ਕੁਮਾਰ ਮੰਤਰੀ ਨੇ ਵੀ ਸੰਬੋਧਨ ਕੀਤਾ ਅਤੇ ਭਗਵੰਤ ਮਾਨ ਸਰਕਾਰ ਵਲੋਂ ਚਲਾਈਆਂ ਲੋਕ ਭਲਾਈ ਸਕੀਮਾਂ ਬਾਰੇ ਚਾਨਣਾ ਪਾਇਆ। ਇਸ ਮੌਕੇ ਕੁਲਦੀਪ ਕੁਮਾਰ ਸਰਪੰਚ ਜਗਤਪੁਰ ਜੱਟਾਂ, ਸੁਰਜੀਤ ਕੁਮਾਰ ਸਰਪੰਚ ਠੱਕਰਕੀ, ਮੀਨਾ ਕੁਮਾਰੀ ਸਰਪੰਚ ਭਾਖੜੀਆਣਾ, ਨਰਿੰਦਰ ਸਿੰਘ ਸਰਪੰਚ ਮਾਧੋਪੁਰ, ਆਗਿਆਪਾਲ ਸਿੰਘ ਸਰਪੰਚ ਖਲਵਾੜਾ, ਸੁਰਿੰਦਰ ਸਿੰਘ ਸਰਪੰਚ ਖਲਵਾੜਾ ਕਲੋਨੀ, ਸਰਬਜੀਤ ਸਿੰਘ ਸਰਪੰਚ ਖੁਰਮਪੁਰ ਆਦਿ ਹਾਜ਼ਰ ਸਨ।



# ਮਾਰਕੀਟ ਕਮੇਟੀ ਦੇ ਚੇਅਰਮੈਨ ਨੇ ਕਣਕ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ

**ਕਪੂਰਥਲਾ (ਮਨਜੀਤ ਮਾਨ)**-ਕਣਕ ਦੀ ਖਰੀਦ ਸਬੰਧੀ ਮਾਰਕੀਟ ਕਮੇਟੀ ਢਿਲਵਾਂ ਦੇ ਚੇਅਰਮੈਨ ਕੁਲਦੀਪ ਪਾਠਕ ਨੇ ਆਪਣੇ ਦਫਤਰੀ ਸਟਾਫ ਨਾਲ ਧਾਲੀਵਾਲ ਬੇਟ ਦੀ ਅਨਾਜ ਮੰਡੀ ਤੇ ਭੰਡਾਲ ਬੇਟ ਦੀ ਅਨਾਜ ਮੰਡੀ ਵਿੱਚ ਕਿਸਾਨਾਂ ਦੀ ਕਣਕ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਤੇ ਵੱਖ-ਵੱਖ ਅਨਾਜ ਮੰਡੀਆਂ ਵਿੱਚ ਆਏ ਕਿਸਾਨਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ। ਪਿੰਡ ਧਾਲੀਵਾਲ ਬੇਟ ਅਨਾਜ ਮੰਡੀ ਵਿੱਚ ਕਣਕ ਵੇਚਣ ਆਏ ਕਿਸਾਨਾਂ ਨੇ ਮੰਗ ਕੀਤੀ ਕਿ ਮੰਡੀ ਵਿੱਚ ਕਣਕ ਦੀ ਤੁਲਾਈ ਲਈ ਨਵੇਂ ਆਧੁਨਿਕ ਇਲੈਕਟਰੋਨਿਕ ਕੰਡੇ ਲਗਾਉਣੇ ਚਾਹੀਦੇ ਹਨ ਤਾਂ ਕਿ ਕਿਸਾਨਾਂ ਨੂੰ ਤਲਾਈ ਕਰਨ ਕੋਈ ਮੁਸ਼ਕਿਲ ਨਾ ਆਵੇ। ਕਸਬਾ ਭੰਡਾਲ ਬੇਟ ਅਨਾਜ ਮੰਡੀ ਵਿੱਚ ਪੰਜਾਬ ਟਰੇਡ ਆੜਤੀ ਬਲਵਿੰਦਰ ਸਿੰਘ ਭੰਡਾਲ ਦੇ ਫੜ ਤੇ ਕਣਕ ਵੇਚਣ ਆਏ ਕਿਸਾਨ ਸ਼ਿੰਗਾਰਾ ਸਿੰਘ ਭੰਡਾਲ ਬੇਟ, ਕਿਸਾਨ ਜੋਗਿੰਦਰ ਸਿੰਘ ਹੋਠੀਆਂ ਆਦਿ ਕਿਸਾਨਾਂ ਨੇ ਮੰਡੀ ਵਿੱਚ ਲੇਬਰ ਦੀ ਕਮੀ ਸੰਬੰਧੀ ਦੱਸਿਆ ਤੇ ਮੰਡੀ 'ਚ ਬਣਾਏ ਨਵੇਂ ਫੰਡ ਨੂੰ ਜਲਦੀ ਮੁਕੰਮਲ ਕਰਾਉਣ ਲਈ ਚੇਅਰਮੈਨ ਕੁਲਦੀਪ ਪਾਠਕ ਦੇ ਧਿਆਨ ਵਿੱਚ ਲਿਆਂਦਾ। ਧਾਲੀਵਾਲ ਬੇਟ ਅਨਾਜ ਮੰਡੀ ਵਿੱਚ ਕਿਸਾਨ ਕਣਕ ਵੇਚਣ ਆਏ ਸ਼ਰਨਜੀਤ ਸਿੰਘ ਭੁੱਲਰ ਬੇਟ, ਨਛੱਤਰ ਸਿੰਘ ਭੰਡਾਲ ਤੇ ਗੁਰਮੁਖ ਸਿੰਘ ਪੱਡੇ ਬੇਟ ਦੇ ਕਿਸਾਨਾਂ ਦੇ ਚੰਗੇ ਖਰੀਦ ਪ੍ਰਬੰਧਾਂ ਲਈ ਸਰਕਾਰ ਦੇ ਕਦਮਾਂ ਦੀ ਸ਼ਲਾਘਾ ਕੀਤੀ ਤੇ ਮੰਡੀਆਂ 'ਚ ਕਿਸਾਨਾਂ ਨੂੰ ਕੋਈ ਸਮੱਸਿਆ ਨਹੀਂ ਆ ਰਹੀ। ਇਸ ਮੌਕੇ ਹਰਜੀਤ ਸਿੰਘ ਗੁਡਾਣਾ, ਪਰਮਿੰਦਰ ਸਿੰਘ ਰਿੰਕੂ ਗਡਾਣਾ, ਹਰਜਿੰਦਰ ਸਿੰਘ ਗਿੱਲ, ਇਕਬਾਲ ਸਿੰਘ ਕਲਰਕ ਮਾਰਕੀਟ ਕਮੇਟੀ ਢਿਲਵਾਂ,ਰਾਮ ਲਾਲ ਸ਼ਾਮਿਲ ਸਨ।



# ਕਿਸਾਨ ਸਿਖਲਾਈ ਕੈਂਪ 30 ਨੂੰ

**ਮੁਹਾਲੀ (ਗੁਰਜੀਤ ਬਿੱਲਾ)**-
ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਮੁੱਖ ਖੇਤੀਬਾੜੀ ਅਫਸਰ ਸੁਖਜਿੰਦਰ ਸਿੰਘ ਬਾਜਵਾ ਪਾਸੋਂ ਪ੍ਰਾਪਤ ਜਾਣਕਾਰੀ ਅਨੁਸਾਰ ਸਾਲ 2026 ਦੀਆਂ ਸਾਉਣੀ ਦੀਆਂ ਫਸਲਾਂ ਸੰਬੰਧੀ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਹ ਕੈਂਪ 30 ਅਪ੍ਰੈਲ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ, ਬਲਾਕ-ਸੀ, ਏਅਰਪੋਰਟ ਚੌਂਕ, ਮੋਹਾਲੀ ਵਿਖੇ ਸਵੇਰੇ 9:00 ਵਜੇ ਸ਼ੁਰੂ ਹੋਵੇਗਾ। ਇਸ ਕੈਂਪ ਦਾ ਉਦਘਾਟਨ ਡਿਪਟੀ ਕਮਿਸ਼ਨਰ, ਐੱਸ ਏ ਐੱਸ ਨਗਰ ਵੱਲੋਂ ਕੀਤਾ ਜਾਵੇਗਾ ਅਤੇ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਕੈਂਪ ਦੀ ਪ੍ਰਧਾਨਗੀ ਕਰਨਗੇ। ਇਸ ਕੈਂਪ ਵਿਚ ਉਚੇਚੇ ਤੌਰ ਤੇ ਮੁੱਖ ਮਹਿਮਾਨ ਵਜੋਂ ਕੁਲਵੰਤ ਸਿੰਘ ਐਮ.ਐਲ.ਏ. ਹਲਕਾ ਮੋਹਾਲੀ ਤੇ ਕੁਲਜੀਤ ਸਿੰਘ ਰੰਧਾਵਾ ਐੱਮ ਐੱਲ ਏ ਹਲਕਾ ਡੇਰਾਬਸੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਣਗੇ।

# ਮਨਿੰਦਰਜੀਤ ਸਿੰਘ ਵਿੱਕੀ ਵੱਲੋਂ ਸਰਕਾਰੀ ਹਸਪਤਾਲ ਦਾ ਅਚਨਚੇਤ ਦੌਰਾ



**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਿਹਤ ਮੰਤਰੀ ਡਾ.ਬਲਵੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਮਨਿੰਦਰਜੀਤ ਸਿੰਘ ਵਿੱਕੀ ਵੱਲੋਂ ਇੱਥੋਂ ਦੇ ਸਰਕਾਰੀ ਹਸਪਤਾਲ ਦਾ ਅਚਨਚੇਤ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਜਿੱਥੇ ਹਸਪਤਾਲ ਦੇ ਪ੍ਰਬੰਧਾਂ ਦਾ ਮੁਆਇਨਾ ਕੀਤਾ, ਉੱਥੇ ਹੀ ਪੰਜਾਬ ਸਰਕਾਰ ਦੀਆਂ ਨਵੀਆਂ ਸਿਹਤ ਸਕੀਮਾਂ ਬਾਰੇ ਵੀ ਅਹਿਮ ਜਾਣਕਾਰੀ ਸਾਂਝੀ ਕੀਤੀ।ਵਾਈਸ ਚੇਅਰਮੈਨ ਨੇ ਹਸਪਤਾਲ ਦੀ ਨਵੀਂ ਬਿਲਡਿੰਗ ਅਤੇ ਸਹੂਲਤਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅਜਿਹੇ ਅਤਿ ਆਧੁਨਿਕ ਹਸਪਤਾਲ ਤਿਆਰ ਕੀਤੇ ਗਏ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਸੂਬੇ ਵਿੱਚ ਡਾਕਟਰਾਂ ਦੀ ਰਹਿੰਦੀ ਕਮੀ ਨੂੰ ਵੀ ਜਲਦ ਪੂਰਾ ਕੀਤਾ ਜਾਵੇਗਾ।ਵਿੱਕੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਦੀ ਸ਼ੁਰੂਆਤ ਕੀਤੀ ਹੈ, ਜਿਸ ਤਹਿਤ ਹੁਣ ਪੰਜਾਬ ਦਾ ਨਾਗਰਿਕ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦਾ ਲਾਭ ਲੈ ਸਕੇਗਾ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਸੂਬੇ ਦੇ 65 ਲੱਖ ਪਰਵਾਰਾਂ ਨੂੰ ਸਿੱਧਾ ਫਾਇਦਾ ਪਹੁੰਚੇਗਾ। ਹੁਣ ਤੱਕ 40 ਲੱਖ ਤੋਂ ਵੱਧ ਲੋਕ ਇਸ ਯੋਜਨਾ ਤਹਿਤ ਆਪਣੇ ਕਾਰਡ ਬਣਵਾ ਚੁੱਕੇ ਹਨ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਭ ਲੈਣਾ ਸ਼ੁਰੂ ਵੀ ਕਰ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ 'ਆਮ ਆਦਮੀ ਕਲੀਨਿਕਾਂ' ਦੇ ਖੁੱਲ੍ਹਣ ਨਾਲ ਜਿੱਥੇ ਲੋਕਾਂ ਨੂੰ ਮੁਫ਼ਤ ਟੈਸਟ ਅਤੇ ਦਵਾਈਆਂ ਘਰਾਂ ਦੇ ਨੇੜੇ ਮਿਲ ਰਹੀਆਂ ਹਨ, ਉੱਥੇ ਹੀ ਵੱਡੇ ਸਰਕਾਰੀ ਹਸਪਤਾਲਾਂ ਦੀ ਓ.ਪੀ.ਡੀ ਵਿਖੇ ਵੀ ਮਿਆਰੀ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਨਾਲ ਹਸਪਤਾਲਾਂ ਦਾ ਪ੍ਰਬੰਧ ਸੁਧਰਿਆ ਹੈ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ ਗੋਬਿੰਦ ਟੰਡਨ, ਮਾਰਕੀਟ ਕਮੇਟੀ ਦੇ ਚੇਅਰਮੈਨ ਸਕਿੰਦਰ ਸਿੰਘ ਸਹੇੜੀ, ਕੌਂਸਲਰ ਭੁਪਿੰਦਰ ਸਿੰਘ ਭੂਰਾ, ਸੇਠ ਵਿਸ਼ਾਲ ਕੁਮਾਰ ਅਤੇ ਸਰਪੰਚ ਹਰਿੰਦਰ ਸਿੰਘ ਕਾਕਾ ਆਦਿ ਹਾਜ਼ਰ ਸਨ।

# ਵਾਈਸ ਚੇਅਰਮੈਨ ਨੇ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



**ਬੰਗਾ (ਅਵਤਾਰ ਕਲੇਰ)**
ਦਾਣਾ ਮੰਡੀ ਬਹਿਰਾਮ ਵਿੱਚ ਕਣਕ ਦੀ ਸਰਕਾਰੀ ਖਰੀਦ ਦੀ ਸ਼ੁਰੂਆਤ ਸੀਨੀਅਰ ਆਪ ਆਗੂ ਕੁਲਜੀਤ ਸਿੰਘ ਸਰਹਾਲ ਵਾਈਸ ਚੇਅਰਮੈਨ ਜਲ ਸਰੋਤ ਪ੍ਰਬੰਧਨ ਪੰਜਾਬ ਨੇ ਆੜ੍ਹਤੀਆ ਅਤੇ ਕਿਸਾਨਾਂ ਦਾ ਮੂੰਹ ਮਿੱਠਾ ਕਰਵਾਕੇ ਕਰਵਾਈ । ਉਪਰੰਤ ਉਨ੍ਹਾ ਖਰੀਦ ਪ੍ਰਬੰਧਾਂ ਦਾ ਜਾਇਜਾ ਲੈਂਦਿਆਂ ਕਿਹਾ ਕਿ ਉਕਤ ਮੰਡੀ ਵਿੱਚ ਤਿੰਨ ਖਰੀਦ ਏਜੰਸੀਆਂ ਕਣਕ ਦੀ ਖਰੀਦ ਕਰ ਰਹੀਆਂ ਹਨ ਜਿਨ੍ਹਾ ਵਿੱਚ ਮਾਰਕਫੈਡ, ਪਨਸਪ ਅਤੇ ਵੇਅਰਹਾਊਸ ਹਨ। ਹੁਣ ਤੱਕ 33949 ਕੁਇੰਟਲ ਤੋਂ ਵੱਧ ਕਣਕ ਦੀ ਖਰੀਦ ਹੋ ਚੁੱਕੀ ਹੈ ।ਕਿਸਾਨਾਂ ਨੂੰ ਹੁਣ ਮੰਡੀਆਂ ਵਿੱਚ ਬੈਠਣਾ ਨਹੀਂ ਪਵੇਗਾ।ਮਜ਼ਦੂਰਾਂ, ਕਿਸਾਨਾਂ ਅਤੇ ਆੜ੍ਹਤੀਆ ਨੂੰ ਕੋਈ ਵੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ।ਫਸਲ ਦਾ ਭੁਗਤਾਨ ਵੀ ਨਾਲ ਹੀ ਕੀਤਾ ਜਾਵੇਗਾ ।ਇਸ ਮੌਕੇ ਬਲਵੀਰ ਕਰਨਾਨਾ ਚੇਅਰਮੈਨ ਮਾਰਕਿਟ ਕਮੇਟੀ ਬੰਗਾ, ਗੁਰਮਿੰਦਰ ਸਿੰਘ ਕੱਟ, ਜਗਜੀਤ ਸਿੰਘ ਬਲਾਕੀਪੁਰ, ਦਲਜੀਤ ਸਿੰਘ ਖਟਕੜ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਕਿਸਾਨ ਵਿੰਗ, ਗੁਰਮਿੰਦਰ ਸਿੰਘ ਡਿੰਪਲ ਸਰਪੰਚ ਮੱਲ੍ਹਾ ਸੋਢੀਆ, ਸੁਰਿੰਦਰ ਕੁਮਾਰ ਪਿੰਕੀ, ਸੁਰਿੰਦਰ ਕੁਮਾਰ ਚੱਢਾ ਸਰਹਾਲ ਕਾਜ਼ੀਆਂ, ਬਲਦੇਵ ਸਿੰਘ ਜੱਸੋਮਜਾਰਾ, ਮੋਹਣ ਲਾਲ ਸਰਪੰਚ ਬਹਿਰਾਮ, ਹਰਜੀਤ ਸਿੰਘ ਅਟਵਾਲ ਫਰਾਲਾ, ਬਲਵੀਰ ਰਾਮ ਪੰਚ, ਸੁਦਾਗਰ ਰਾਮ ਸਾਬਕਾ ਸਰਪੰਚ ਭਰੋਮਜਾਰਾ, ਗੁਰਪਾਲ ਸਿੰਘ ਪੰਚ, ਹੁਸਨ ਲਾਲ, ਮੁਕੇਸ਼ ਕੁਮਾਰ, ਬਿੱਟੂ ਬਹਿਰਾਮ ਆਦਿ ਹਾਜ਼ਰ ਸਨ।

# ਮੁਫਤ ਚੈੱਕਅੱਪ ਤੇ ਖੂਨਦਾਨ ਕੈਂਪ ਲਗਾਇਆ



**ਮੋਰਿੰਡਾ (ਨਿਹਾਲ ਸਿੰਘ ਕਲਸੀ)**
ਬੈਂਸ ਹਸਪਤਾਲ ਵੱਲੋਂ ਮੁਫਤ ਜਨਰਲ ਓ ਪੀ ਡੀ, ਚੈੱਕਅਪ ਤੇ ਖੂਨਦਾਨ ਕੈਂਪ ਲਗਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਦੀ ਐੱਮ ਡੀ ਹਰਵਿੰਦਰ ਕੌਰ ਬੈਂਸ ਤੇ ਗੁਰਕਮਲ ਸਿੰਘ ਅਰਨੌਲੀ ਨੇ ਦੱਸਿਆ ਕਿ ਇਸ ਕੈਂਪ ਦਾ ਉਦਘਾਟਨ ਸਾਬਕਾ ਵਿਧਾਇਕ ਅਮਰਜੀਤ ਸਿੰਘ ਸੰਦੋਆ ਤੇ ਕ੍ਰਿਕਟ ਐਸੋਸੀਏਸ਼ਨ ਦੇ ਮੈਂਬਰ ਬੀਰ ਦਵਿੰਦਰ ਸਿੰਘ ਬੱਲਾ ਵੱਲੋਂ ਕੀਤਾ ਗਿਆ। ਜਦਕਿ ਮੁੱਖ ਮਹਿਮਾਨ ਵਜੋਂ ਇੱਸ਼ਰਪ੍ਰੀਤ ਸਿੰਘ ਸਿੱਧੂ ਪ੍ਰਧਾਨ ਐੱਨ ਐੱਸ ਯੂ ਆਈ ਪੰਜਾਬ ਪਹੁੰਚੇ ।ਜਦੋਂ ਕਿ ਵਿਸ਼ੇਸ਼ ਮਹਿਮਾਨ ਵਜੋਂ ਉਘੇ ਸਮਾਜ ਸੇਵੀ ਦੀਪੂ ਕੁਰਾਲੀ ਨੇ ਸ਼ਮੂਲੀਅਤ ਕੀਤੀ । ਇਸ ਮੌਕੇ ਸੰਤ ਗੁਰਮੇਲ ਸਿੰ ਬਲੱਡ ਸੈਂਟਰ ਦੀ ਟੀਮ ਵੱਲੋਂ 98 ਯੂਨਿਟ ਖੂਨ ਇਕੱਤਰ ਕੀਤਾ ਗਿਆ। ਇਸ ਮੌਕੇ 170 ਤੋਂ ਵੱਧ ਮਰੀਜ਼ਾਂ ਦੇ ਜਰਨਲ ਓਪੀਡੀ ਚੈੱਕਅਪ ਫਿਜੀਓਥਰਾਪੀ, ਗਾਇਨੀਕੋਲੋਜੀ ਦਾ ਮੁਫਤ ਚੈੱਕਅਪ ਕੀਤਾ ਗਿਆ। ਇਸ ਦੌਰਾਨ ਹਸਪਤਾਲ ਦੇ ਐਮ ਡੀ ਹਰਵਿੰਦਰ ਕੌਰ ਬੈਂਸ ਅਤੇ ਮੁੱਖ ਮਹਿਮਾਨ ਇਸ਼ਰਪ੍ਰੀਤ ਸਿੰਘ ਵਲੋਂ ਖੂਨਦਾਨੀਆਂ ਅਤੇ ਬਲੱਡ ਬੈਂਕ ਦੀ ਟੀਮ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਮਾਜ ਸੇਵੀ ਗੁਰਮੀਤ ਸਿੰਘ ਚੋਪੜਾ, ਗੁਰਜੰਟ ਸਿੰਘ ਅਰਨੌਲੀ , ਸੀਨਾ ਅਰਨੌਲੀ, ਹਰਜਿੰਦਰ ਸਿੰਘ ਸ਼ਿੰਦਾ, ਅਵਤਾਰ ਸਿੰਘ, ਸਾਬਕਾ ਸਰਪੰਚ ਸੁਰਜੀਤ ਸਿੰਘ ਸਮੇਤ ਅਨੇਕਾਂ ਪਤਵੰਤੇ ਸੱਜਣ ਹਾਜ਼ਰ ਸਨ ।

# ਖੇਤ ਮਜ਼ਦੂਰ ਸਭਾ ਦੇ ਜੁਝਾਰੂ ਆਗੂ ਮੰਗਲ ਸਿੰਘ ਕਬੀਰਪੁਰ ਦਾ ਦੇਹਾਂਤ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਖੇਤ ਮਜ਼ਦੂਰ ਸਭਾ ਅਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਜੁਝਾਰੂ ਤੇ ਸੰਘਰਸ਼ਸ਼ੀਲ ਸਾਥੀ ਮੰਗਲ ਸਿੰਘ ਕਬੀਰਪੁਰ ਸੰਗਰਾਮੀ ਕਾਫਲੇ ਨੂੰ ਅਲਵਿਦਾ ਕਹਿ ਗਏ। ਉਨ੍ਹਾਂ ਦੇ ਦੇਹਾਂਤ ਨਾਲ ਇਲਾਕੇ ਵਿੱਚ ਗਹਿਰਾ ਦੁੱਖ ਅਤੇ ਸੋਗ ਦੀ ਲਹਿਰ ਦੌੜ ਗਈ ਹੈ।ਮਿਲੀ ਜਾਣਕਾਰੀ ਅਨੁਸਾਰ, ਉਨ੍ਹਾਂ ਦਾ ਅੰਤਿਮ ਸੰਸਕਾਰ 21 ਅਪ੍ਰੈਲ, ਮੰਗਲਵਾਰ ਨੂੰ ਉਨ੍ਹਾਂ ਦੇ ਜੱਦੀ ਪਿੰਡ ਕਬੀਰਪੁਰ ਵਿਖੇ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸਾਥੀਆਂ, ਪਿੰਡ ਵਾਸੀਆਂ ਅਤੇ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੇ ਹਾਜ਼ਰੀ ਭਰਕੇ ਸ਼ਰਧਾਂਜਲੀ ਭੇਟ ਕੀਤੀ।ਇਸ ਦੁੱਖ ਦੀ ਘੜੀ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਕਪੂਰਥਲਾ ਨੇ ਡੂੰਘਾ ਦੁੱਖ ਪ੍ਰਗਟਾਉਂਦੇ ਹੋਏ ਕਿਹਾ ਕਿ ਮੰਗਲ ਸਿੰਘ ਇੱਕ ਨਿਡਰ ਅਤੇ ਲੜਾਕੂ ਆਗੂ ਸਨ, ਜਿਨ੍ਹਾਂ ਨੇ ਮਜ਼ਦੂਰ ਵਰਗ ਦੇ ਹੱਕਾਂ ਲਈ ਆਪਣੀ ਪੂਰੀ ਜ਼ਿੰਦਗੀ ਸੰਘਰਸ਼ ਨੂੰ ਸਮਰਪਿਤ ਕੀਤੀ। ਪਾਰਟੀ ਵੱਲੋਂ ਉਨ੍ਹਾਂ ਨੂੰ ਲਾਲ ਸਲਾਮ ਪੇਸ਼ ਕਰਦਿਆਂ ਪਰਵਾਰ ਨਾਲ ਸੰਵੇਦਨਾ ਜਤਾਈ ਗਈ।ਇਸ ਮੌਕੇ ਵੱਖ-ਵੱਖ ਆਗੂਆਂ ਵੱਲੋਂ ਵੀ ਡੂੰਘਾ ਦੁੱਖ ਪ੍ਰਗਟਾਇਆ ਗਿਆ, ਜਿਨ੍ਹਾਂ ਵਿੱਚ ਐਡਵੋਕੇਟ ਰਜਿੰਦਰ ਸਿੰਘ ਰਾਣਾ, ਨਰਿੰਦਰ ਸਿੰਘ ਸੋਨੀਆ, ਮਾਸਟਰ ਚਰਨ ਸਿੰਘ, ਮਾਸਟਰ ਸੁੱਚਾ ਸਿੰਘ, ਮੁਕੰਦ ਸਿੰਘ, ਕਾਮਰੇਡ ਗਿਆਨ ਚੰਦ (ਸ਼ਤਾਬਗੜ੍ਹ), ਕਾਮਰੇਡ ਬਿਸ਼ਨ (ਸੁਲਤਾਨਪੁਰ ਲੋਧੀ), ਕਾਮਰੇਡ ਸੁਰਜੀਤ ਸਿੰਘ (ਠੱਠਾ), ਕਾਮਰੇਡ ਮਹਿੰਗਾ ਸਿੰਘ (ਕਿਸਾਨ ਆਗੂ), ਕਾਮਰੇਡ ਸੁਖਜਿੰਦਰ ਸਿੰਘ (ਚੱਕ ਕੋਟਲਾ), ਬਲਦੇਵ ਸਿੰਘ (ਕਬੀਰਪੁਰ) ਆਦਿ ਸ਼ਾਮਲ ਸਨ। ਇਨ੍ਹਾਂ ਸਭ ਨੇ ਮੰਗਲ ਸਿੰਘ ਦੇ ਸੰਘਰਸ਼ਮਈ ਜੀਵਨ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਯੋਗਦਾਨ ਨੂੰ ਸਲਾਮ ਕੀਤਾ।ਉਨ੍ਹਾਂ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ 29 ਅਪ੍ਰੈਲ ਨੂੰ ਉਨ੍ਹਾਂ ਦੇ ਜੱਦੀ ਪਿੰਡ ਕਬੀਰਪੁਰ ਵਿਖੇ, ਉਨ੍ਹਾਂ ਦੇ ਗ੍ਰਹਿ 'ਚ ਆਯੋਜਿਤ ਕੀਤਾ ਜਾਵੇਗਾ। ਇਸ ਮੌਕੇ ਵੱਖ-ਵੱਖ ਰਾਜਨੀਤਿਕ ਅਤੇ ਸਮਾਜਿਕ ਆਗੂ ਸ਼ਰਧਾਂਜਲੀਆਂ ਭੇਟ ਕਰਨਗੇ ਅਤੇ ਦੁਖੀ ਪਰਿਵਾਰ ਨਾਲ ਦੁੱਖ ਸਾਂਝਾ ਕਰਨਗੇ।



# ਪ੍ਰਭੂ ਕ੍ਰਿਪਾ ਨਾਲ ਹੀ ਗਿਆਨ ਦੀ ਪ੍ਰਾਪਤੀ ਹੁੰਦੀ : ਸੰਤ ਬਲਵੀਰ ਦਾਸ ਸਾਹਰੀ



**ਹੁਸ਼ਿਆਰਪੁਰ (ਓ ਪੀ ਰਾਣਾ)**
ਡੇਰਾ ਸੱਚਖੰਡ ਮਹਾਨ ਪੁਰੀ ਸਾਹਰੀ ਵਿਖੇ ਵਿਸਾਖੀ ਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਨੂੰ ਸਮਰਪਿਤ ਸਮਾਗਮ ਮੌਜੂਦਾ ਗੱਦੀ ਨਸ਼ੀਨ ਸੰਤ ਬਲਵੀਰ ਦਾਸ ਦੀ ਰਹਿਨੁਮਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਸ਼ਰਧਾ ਪੂਰਵਕ ਮਨਾਏ ਗਏ।ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ, ਢਾਡੀ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਰਾਹੀਂ ਨਿਹਾਲ ਕੀਤਾ।ਇਸ ਮੌਕੇ ਸੰਤ ਬਲਵੀਰ ਦਾਸ ਵੱਲੋਂ ਕੀਰਤਨ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਸਤਿਗੁਰਾਂ ਦੀ ਬਾਣੀ ਸਮਝਾਉਣਾ ਕਰਦੀ ਹੈ 'ਪੜੀਏ ਗੁਣੀਏ ਨਾਮ ਸਭ ਸੁਣਿਐ ਅੰਨਭਉ ਭਾਉ ਨਾ ਦਰਸੈ' ਪਰਮੇਸ਼ਰ ਦਾ ਨਾਮ ਪੜੀਦਾ ਹੈ, ਸੁਣੀਦਾ ਹੈ ਜਿਸ ਨਾਲ ਜੀਵਨ ਅੰਦਰ ਸਾਰੇ ਡਰ, ਬੰਧਨ ਖਤਮ ਹੋ ਜਾਂਦੇ ਹਨ ਤੇ ਮਨੁੱਖ ਨੂੰ ਪ੍ਰਭੂ ਕ੍ਰਿਪਾ ਨਾਲ ਗਿਆਨ ਦੀ ਪ੍ਰਾਪਤੀ ਹੋ ਜਾਂਦੀ ਹੈ। ਸੰਤ ਬਲਵੀਰ ਦਾਸ ਨੇ ਸੰਗਤਾਂ ਨੂੰ ਡਾ. ਅੰਬੇਡਕਰ ਦੇ ਜੀਵਨ ਤੋਂ ਸੇਧ ਲੈ ਕੇ ਕ੍ਰਾਂਤੀਕਾਰੀ ਮਿਸ਼ਨ ਤੇ ਸਰਬੱਤ ਦੇ ਭਲੇ ਦੀ ਵਿਚਾਰਧਾਰਾ ਨਾਲ ਜੁੜਨ ਦਾ ਸੁਨੇਹਾ ਦਿੱਤਾ। ਉਨ੍ਹਾਂ ਕਿਹਾ 'ਸਤਿਸੰਗਤ ਮਿਲਿ ਰਹੀਏ ਮਾਧੋ ਜੈਸੇ ਮਧਪੁ ਮਖੀਰਾ' ਦੀ ਪਵਿੱਤਰ ਬਾਣੀ ਸਾਨੂੰ ਜੀਵਨ ਦੀ ਸਫਲਤਾ ਲਈ ਪੜ੍ਹੋ,ਜੁੜੋ ਤੇ ਸੰਘਰਸ਼ ਕਰੋ ਵੱਲ ਪ੍ਰੇਰਿਤ ਕਰਦੀ ਹੈ। ਇਸ ਮੌਕੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਸੰਗਤਾਂ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।

# ਲੂ ਬਾਰੇ ਸਿਹਤ ਵਿਭਾਗ ਵੱਲੋਂ ਅਲਰਟ



ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)-ਮੌਸਮ ਵਿਭਾਗ ਵੱਲੋਂ ਆਉਣ ਵਾਲੇ ਦਿਨਾਂ ਦੌਰਾਨ ਤਾਪਮਾਨ ਵਿੱਚ ਲਗਾਤਾਰ ਵਾਧੇ ਦੀ ਸੰਭਾਵਨਾ ਨੂੰ ਦੇਖਦੇ ਹੋਏ ਜ਼ਿਲ੍ਹਾ ਸਿਹਤ ਵਿਭਾਗ ਹੁਸ਼ਿਆਰਪੁਰ ਵੱਲੋਂ ਹੀਟ ਵੇਵ (ਲੂ) ਅਤੇ ਗਰਮੀ ਤੋਂ ਬਚਾਅ ਲਈ ਵਿਸਥਾਰਪੂਰਵਕ ਐਡਵਾਇਜ਼ਰੀ ਜਾਰੀ ਕੀਤੀ ਗਈ ਹੈ। ਇਸ ਵਾਰ ਗਰਮੀ ਦੇ ਸ਼ੁਰੂਆਤੀ ਮੌਸਮ ਵਿੱਚ ਹੀ ਤਾਪਮਾਨ ਵਿੱਚ ਤੇਜ਼ ਵਾਧਾ ਦੇਖਣ ਨੂੰ ਮਿਲ ਰਿਹਾ ਹੈ, ਜਿਸ ਕਾਰਨ ਲੋਕਾਂ ਨੂੰ ਪਹਿਲਾਂ ਤੋਂ ਹੀ ਚੌਕਸ ਰਹਿਣ ਦੀ ਲੋੜ ਹੈ।ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਦੋਂ ਤਾਪਮਾਨ 40 ਡਿਗਰੀ ਸੈਲਸੀਅਸ ਜਾਂ ਇਸ ਤੋਂ ਵੱਧ ਹੋ ਜਾਂਦਾ ਹੈ, ਤਾਂ ਇਸ ਨੂੰ ਹੀਟ ਵੇਵ ਦੀ ਸਥਿਤੀ ਮੰਨਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਉੱਚ ਤਾਪਮਾਨ ਸਰੀਰ ਦੇ ਤਾਪਮਾਨ ਨਿਯੰਤਰਣ ਤੰਤਰ ਨੂੰ ਪ੍ਰਭਾਵਿਤ ਕਰਦਾ ਹੈ ਅਤੇ ਗਰਮੀ ਨਾਲ ਸੰਬੰਧਿਤ ਗੰਭੀਰ ਬਿਮਾਰੀਆਂ ਦਾ ਕਾਰਨ ਬਣ ਸਕਦਾ ਹੈ। ਉਨ੍ਹਾਂ ਕਿਹਾ ਕਿ ਅਪ੍ਰੈਲ, ਮਈ ਅਤੇ ਜੂਨ ਦੇ ਮਹੀਨਿਆਂ ਵਿੱਚ ਲੂ ਚਲਣ ਦੀ ਸੰਭਾਵਨਾ ਵੱਧ ਰਹਿੰਦੀ ਹੈ, ਇਸ ਲਈ ਆਮ ਲੋਕਾਂ ਦੇ ਨਾਲ-ਨਾਲ ਸੰਵੇਦਨਸ਼ੀਲ ਵਰਗਾਂ ਨੂੰ ਵਿਸ਼ੇਸ਼ ਸਾਵਧਾਨੀ ਵਰਤਣ ਦੀ ਲੋੜ ਹੈ।ਸਿਵਲ ਸਰਜਨ ਨੇ ਕਿਹਾ ਕਿ ਗਰਮੀ ਦੇ ਮੌਸਮ ਵਿੱਚ ਪਾਣੀ ਉਚਿਤ ਮਾਤਰਾ ਵਿੱਚ ਪੀਓ ਅਤੇ ਪਿਆਸ ਨਾ ਲੱਗਣ 'ਤੇ ਵੀ ਹਰ ਅੱਧੇ ਘੰਟੇ ਬਾਅਦ ਪਾਣੀ ਪੀਂਦੇ ਰਹੋ। ਮਿੱਠੇ ਅਤੇ ਨਮਕ ਸਮੇਤ ਨਿੰਬੂ ਪਾਣੀ, ਲੱਸੀ, ਓ ਆਰ ਐੱਸ, ਨਾਰੀਅਲ ਪਾਣੀ ਤੇ ਹੋਰ ਤਰਲ ਪਦਾਰਥ ਸਰੀਰ ਵਿੱਚ ਪਾਣੀ ਦੀ ਸਹੀ ਮਾਤਰਾ ਬਣਾਈ ਰੱਖਣ ਵਿੱਚ ਮਦਦਗਾਰ ਹਨ।

# ਖੂਨਦਾਨ ਕੈਂਪ ਲਗਾਇਆ

**ਬੰਗਾ (ਅਵਤਾਰ ਕਲੇਰ)**
ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਬਾਨੀ ਪ੍ਰਧਾਨ ਬਾਬਾ ਬੁੱਧ ਸਿੰਘ ਢਾਹਾਂ ਦੀ ਯਾਦ ਵਿਚ ਉਹਨਾਂ ਦੀ ਅੱਠਵੀਂ ਬਰਸੀ ਨੂੰ ਸਮਰਪਿਤ ਸਵੈ ਇਛੁੱਕ ਖੂਨਦਾਨ ਕੈਂਪ ਬਲੱਡ ਸੈਂਟਰ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਆਯੋਜਿਤ ਕੀਤਾ ਗਿਆ । ਇਸ ਦਾ ਉਦਘਾਟਨ ਸੀਤਲ ਸਿੰਘ ਸਿੱਧੂ ਸੀਨੀਅਰ ਟਰੱਸਟ ਮੈਂਬਰ ਅਤੇ ਹਰਿੰਦਰ ਕੌਰ ਢਾਹਾਂ (ਸਪੁੱਤਰੀ ਬਾਬਾ ਬੁੱਧ ਸਿੰਘ ਢਾਹਾਂ) ਨੇ ਕੀਤਾ । ਇਸ ਮੌਕੇ 51 ਖੂਨਦਾਨੀ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋ ਖੂਨਦਾਨ ਕੀਤਾ।ਇਸ ਤੋਂ ਪਹਿਲਾਂ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਹੋਏ ਅਤੇ ਮਾਨਵਤਾ ਦੇ ਭਲੇ ਦੀ ਅਰਦਾਸ ਕੀਤੀ ਗਈ ।ਇਸ ਮੌਕੇ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਨੇ ਸ਼ਰਧਾ ਦੇ ਫੁੱਲ ਭੇਟ ਕਰਦੇ ਕਿਹਾ ਕਿ ਬਾਬਾ ਜੀ ਨੇ ਢਾਹਾਂ ਕਲੇਰਾਂ ਵਿਖੇ ਮੈਡੀਕਲ ਤੇ ਵਿਦਿਅਕ ਸੰਸਥਾਵਾਂ ਦੀ ਸਥਾਪਨਾ ਕਰਕੇ ਜਨਤਕ ਸੇਵਾਵਾਂ ਦੇ ਖੇਤਰ ਵਿੱਚ ਇੱਕ ਨਵਾਂ ਇਤਿਹਾਸ ਰਚਿਆ। ਉਹਨਾਂ ਦੱਸਿਆ ਕਿ ਬਾਬਾ ਜੀ ਦੀ ਅਗਵਾਈ ਵਿਚ ਦਾਨੀ ਸੰਗਤਾਂ ਦੇ ਸਹਿਯੋਗ ਨਾਲ ਢਾਹਾਂ ਕਲੇਰਾਂ ਵਿਖੇ ਗੁਰੂ ਨਾਨਕ ਮਿਸ਼ਨ ਹਸਪਤਾਲ, ਟਰੌਮਾ ਸੈਂਟਰ, ਬਲੱਡ ਸੈਂਟਰ, ਨਰਸਿੰਗ ਕਾਲਜ, ਪੈਰਾ ਮੈਡੀਕਲ ਕਾਲਜ ਅਤੇ ਸੀਨੀਅਰ ਸੈਕੰਡਰੀ ਸਕੂਲ ਸਥਾਪਿਤ ਕੀਤੇ ਗਏ, ਜੋ ਇਲਾਕਾ ਨਿਵਾਸੀਆਂ ਨੂੰ ਪਿਛਲੇ 42 ਸਾਲਾਂ ਤੋਂ ਉੱਤਮ ਵਿਦਿਆ ਅਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾ ਰਹੇ ਹਨ।ਇਸ ਖੂਨਦਾਨ ਕੈਂਪ ਮੌਕੇ ਟਰੱਸਟ ਮੈਂਬਰਾਂ, ਇਲਾਕੇ ਦੇ ਪਤਵੰਤੇ ਸੱਜਣਾਂ, ਟਰੱਸਟ ਅਧੀਨ ਚੱਲਦੇ ਮੈਡੀਕਲ ਅਤੇ ਵਿਦਿਅਕ ਅਦਾਰਿਆਂ ਦੇ ਮੁਖੀਆਂ, ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਬਾਬਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਖੂਨਦਾਨ ਕਰਨ ਵਾਲੇ ਸਟਾਫ ਅਤੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਅਤੇ ਸਰਟੀਫਿਕੇਟ ਭੇਟ ਕਰਕੇ ਸਨਮਾਨ ਕੀਤਾ ਗਿਆ।ਇਸ ਮੌਕੇ ਬੀਬੀ ਹਰਿੰਦਰ ਕੌਰ ਢਾਹਾਂ ਕੈਨੇਡਾ (ਸਪੁੱਤਰੀ ਬਾਬਾ ਬੁੱਧ ਸਿੰਘ ਢਾਹਾਂ), ਜਗਜੀਤ ਸਿੰਘ ਸੋਢੀ, ਸੀਤਲ ਸਿੰਘ ਸਿੱਧੂ ਯੂ ਕੇ, ਮਲਕੀਅਤ ਸਿੰਘ ਬਾਹੜੋਵਾਲ, ਦਵਿੰਦਰ ਸਿੰਘ ਢਿੱਲੋਂ (ਸਾਰੇ ਟਰੱਸਟ ਮੈਂਬਰ), ਹੁਨਰਦੀਪ ਸਿੰਘ ਬਰਾੜ ਐਚ ਆਰ, ਮਹਿੰਦਰਪਾਲ ਸਿੰਘ, ਡਾ. ਜਸਦੀਪ ਸਿੰਘ ਸੈਣੀ, ਡਾ. ਬਲਵਿੰਦਰ ਸਿੰਘ, ਡਾ ਰਾਹੁਲ ਗੋਇਲ ਬੀ ਟੀ ਉ, ਪ੍ਰਿੰਸੀਪਲ ਰਮਨਦੀਪ ਕੌਰ ਗੁਰੂ ਨਾਨਕ ਕਾਲਜ ਆਫ ਨਰਸਿੰਗ, ਰਾਜਦੀਪ ਥਿਦਵਾਰ ਵਾਈਸ ਪ੍ਰਿੰਸੀਪਲ ਗੁਰੂ ਨਾਨਕ ਪੈਰਾ ਮੈਡੀਕਲ ਕਾਲਜ, ਦਵਿੰਦਰ ਕੌਰ ਨਰਸਿੰਗ ਸੁਪਰਡੈਂਟ, ਹਰਪ੍ਰੀਤ ਸਿੰਘ ਆਸਟਰੇਲੀਆ, ਸਮੂਹ ਡਾਕਟਰ ਸਾਹਿਬਾਨ, ਵਿਭਾਗਾਂ ਦੇ ਇੰਚਾਰਜ, ਸਟਾਫ ਅਤੇ ਗੁਰੂ ਨਾਨਕ ਕਾਲਜ ਆਫ਼ ਨਰਸਿੰਗ, ਗੁਰੂ ਨਾਨਕ ਪੈਰਾ ਮੈਡੀਕਲ ਕਾਲਜ ਦੇ ਵਿਦਿਆਰਥੀ ਵੀ ਹਾਜ਼ਰ ਸਨ।



# ਸੈਣੀ ਵੱਲੋਂ ਉਦਯੋਗਪਤੀਆਂ ਨਾਲ ਮੀਟਿੰਗ


**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬਾ ਸਰਕਾਰ ਨਵੀਂ ਉਦਯੋਗਿਕ ਨੀਤੀ ਨੂੰ ਅੰਤਮ ਰੂਪ ਦੇਣ ਤੋਂ ਪਹਿਲਾਂ ਉਦਯੋਗਪਤੀਆਂ ਨਾਲ ਸਿੱਧਾ ਸੰਵਾਦ ਕਰ ਰਹੀ ਹੈ ਇਸ ਦਾ ਉਦੇਸ਼ ਉਨ੍ਹਾਂ ਦੀ ਜ਼ਰੂਰਤਾਂ ਅਤੇ ਸੁਝਾਆਂ ਨੂੰ ਨੀਤੀ ਵਿੱਚ ਸ਼ਾਮਿਲ ਕੀਤਾ ਜਾ ਸਕੇ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਹਰਿਆਣਾ ਭਵਨ ਨਵੀਂ ਦਿੱਲੀ ਵਿੱਚ ਹਰਿਆਣਾ ਉਦਯੋਗਿਕ ਨੀਤੀ 2026 (ਡਰਾਫਟ) ਅਤੇ ਸੇਕਟੋਰਲ ਨੀਤੀਆਂ 'ਤੇ ਉਦਯੋਗ ਪ੍ਰਤੀਨਿਧੀਆਂ ਦੇ ਨਾਲ ਕੰਸਲਟੇਸ਼ਨ ਵਿਸ਼ਾ 'ਤੇ ਆਯੋਜਿਤ ਮੀਟਿੰਗ ਵਿੱਚ ਸੰਬੋਧਿਤ ਕਰ ਰਹੇ ਸਨ। ਮੀਟਿੰਗ ਵਿੱਚ ਉਨ੍ਹਾਂ ਨੇ ਦੇਸ਼ ਤੇ ਦੁਨੀਆ ਦੇ ਪ੍ਰਮੁੱਖ ਉਦਯੋਗਪਤੀਆਂ ਦੇ ਨਾਲ ਹਰਿਆਣਾ ਉਦਯੋਗਿਕ ਨੀਤੀ 2026 'ਤੇ ਸਿੱਧਾ ਸੰਵਾਦ ਕੀਤਾ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਸ ਮੀਟਿੰਗ ਦਾ ਉਦੇਸ਼ ਪ੍ਰਸਤਾਵਿਤ ਹਰਿਆਣਾ ਇੰਡਸਟ੍ਰਿਅਲ ਪੋਲਿਸੀ 2026 ਤੇ ਡਰਾਫਟ ਸੇਕਟੋਰਲ ਪੋਲਿਸੀਜ਼ 'ਤੇ ਉਦਯੋਗ ਜਗਤ ਤੋਂ ਸੁਝਾਅ ਲੈਣਾ ਅਤੇ ਨਿਵੇਸ਼ ਨੂੰ ਪ੍ਰੋਤਸਾਹਨ ਦੇਣਾ ਹੈ।ਉਨ੍ਹਾਂ ਨੇ ਦੱਸਿਆ ਕਿ ਹਰਿਆਣਾ ਦੀ ਨਵੀਂ ਉਦਯੋਗਿਕ ਨੀਤੀ ਦੇਸ਼ ਦੀ ਸਰਵੋਤਮ ਨੀਤੀਆਂ ਦਾ ਅਧਿਐਨ ਕਰ ਤਿਆਰ ਕੀਤਾ ਗਿਆ ਹੈ ਤੇ ਇਸ ਦਾ ਉਦੇਸ਼ ਨਿਵੇਸ਼ਕਾਂ ਨੂੰ ਸਰਲ, ਪਾਰਦਰਸ਼ੀ ਅਤੇ ਸਹੂਲਤਜਨਕ ਵਾਤਾਵਰਣ ਪ੍ਰਦਾਨ ਕਰਨਾ ਹੈ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਜੋ ਕੰਪਨੀਆਂ ਹਰਿਆਣਾ ਵਿੱਚ ਨਿਵੇਸ਼ ਦੀ ਯੋਜਨਾ ਬਣਾ ਰਹੀ ਹੈ, ਉਨ੍ਹਾਂ ਦੇ ਨਾਲ ਸਰਕਾਰ ਸਰਗਰਮ ਰੂਪ ਨਾਲ ਸੰਵਾਦ ਕਰ ਰਹੀ ਹੈ। ਉਦਯੋਗਪਤੀਆਂ ਵੱਲੋਂ ਦੱਸੀ ਗਈ ਸਮਸਿਆਵਾਂ ਅਤੇ ਸੁਝਾਆਂ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ, ਤਾਂ ਜੋ ਨੀਤੀ ਨੂੰ ਹੋਰ ਵੱਧ ਪ੍ਰਭਾਵੀ ਬਣਾਇਆ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਦਾ ਉਦਯੋਗਿਕ ਵਾਤਾਵਰਣ ਪਹਿਲਾਂ ਤੋਂ ਹੀ ਅਨੁਕੂਲ ਹੈ ਅਤੇ ਨਵੀਂ ਨੀਤੀ ਦੇ ਤਹਿਤ ਇਸ ਨੂੰ ਹੋਰ ਬਿਹਤਰ ਕੀਤਾ ਜਾਵੇਗਾ।

# ਸੰਤ ਕ੍ਰਿਪਾਲ ਦਾਸ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ ਵੱਲੋਂ ਸੰਤ ਕ੍ਰਿਪਾਲ ਦਾਸ ਦੇ ਬੀਤੇ ਦਿਨੀ ਅਚਾਨਕ ਹੋਏ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਅਤੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਗਿਆ । ਸੁਸਾਇਟੀ ਦੇ ਪ੍ਰਧਾਨ ਸੰਤ ਨਿਰਮਲ ਦਾਸ ਜੀ ਨੇ ਇਸ ਨੂੰ ਅਧਿਆਤਮਕ ਜਗਤ ਅਤੇ ਸਮਾਜ ਲਈ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ । ਉਹਨਾ ਕਿਹਾ ਕਿ ਸੰਤ ਕ੍ਰਿਪਾਲ ਦਾਸ ਨੇ ਆਪਣਾ ਸਾਰਾ ਜੀਵਨ ਮਨੁੱਖਤਾ ਦੀ ਸੇਵਾ ਹਿੱਤ ਅਰਪਿਤ ਕਰ ਦਿੱਤਾ ਸੀ। ਉਹਨਾਂ ਕਿਹਾ ਕਿ ਉਨ੍ਹਾਂ ਦੀਆਂ ਸਿੱਖਿਆਵਾਂ ਹਮੇਸ਼ਾ ਸੰਗਤਾਂ ਦਾ ਮਾਰਗ ਦਰਸ਼ਨ ਕਰਦੀਆਂ ਰਹਿਣਗੀਆਂ।ਉਹਨਾਂ ਦੱਸਿਆ ਕਿ ਵਿਛੜੀ ਹੋਈ ਰੱਬੀ ਰੂਹ ਨਿਮਿੱਤ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਰੋਹ 4 ਮਈ ਨੂੰ ਡੇਰਾ ਸੱਚਖੰਡ ਭਾਰਟਾ ਗਣੇਸ਼ਪੁਰ ਵਿਖੇ ਬੜੀ ਸ਼ਰਧਾ ਅਤੇ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਉਹਨਾਂ ਸੁਸਾਇਟੀ ਵੱਲੋਂ ਸਮੂਹ ਦੇਸ਼-ਵਿਦੇਸ਼ ਦੀਆਂ ਸੰਗਤਾਂ, ਧਾਰਮਿਕ ਜਥੇਬੰਦੀਆਂ ਅਤੇ ਸਭਾ-ਸੁਸਾਇਟੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਇਸ ਮੌਕੇ ਡੇਰਾ ਸੱਚਖੰਡ ਭਾਰਟਾ ਗਣੇਸ਼ਪੁਰ ਵਿਖੇ ਪਹੁੰਚ ਕੇ ਮਹਾਂਪੁਰਖਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਨ।ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ. ਪੰਜਾਬ ਦੇ ਮੈਂਬਰਾਂ ਨੇ ਪਰਵਾਰ ਅਤੇ ਡੇਰੇ ਨਾਲ ਜੁੜੀਆਂ ਸੰਗਤਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ।



# ਸਾਂਝ ਕੇਂਦਰ ਨੇ ਸੈਮੀਨਾਰ ਕਰਵਾਇਆ



**ਕਰਤਾਰਪੁਰ (ਹਰਮੇਸ਼ ਦੱਤ)**- ਸਪੈਸ਼ਲ ਡਾਇਰੈਕਟਰ ਜਨਰਲ ਪੁਲਿਸ ਕਮਿਉਨਿਟੀ ਅਫੇਅਰ ਡਵੀਜ਼ਨ ਪੰਜਾਬ , ਐੱਸ ਐੱਸ ਪੀ ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਤੇ ਮਨਜੀਤ ਕੌਰ ਜ਼ਿਲ੍ਹਾ ਕਮਿਉਨਿਟੀ ਪੁਲਿਸ ਅਫ਼ਸਰ ਜਲੰਧਰ ਦਿਹਾਤੀ ਦੇ ਦਿਸ਼ਾ ਨਿਰਦੇਸ਼ਾ ਤਹਿਤ ਤੇ ਐੱਸ ਆਈ ਦਲਵਿੰਦਰ ਸਿੰਘ ਇੰਚਾਰਜ ਜ਼ਿਲਾ ਸਾਂਝ ਕੇਂਦਰ ਜਲੰਧਰ ਦਿਹਾਤੀ ਤੇ ਏ ਐਸ ਆਈ ਨਰਿੰਦਰ ਸਿੰਘ ਜ਼ਿਲ੍ਹਾ ਸਾਂਝ ਐਸ ਪੀ ਸੀ ਟਰੇਨਰ ਦੀ ਯੋਗ ਅਗਵਾਈ ਹੇਠ ਗੌਰਮਿੰਟ ਸੀਨੀਅਰ ਸੈਕੈਂਡਰੀ ਸਕੂਲ ਪਿੰਡ ਪੱਤੜ ਕਲਾਂ ਦੇ 8 ਵੀ ਅਤੇ 9 ਵੀ ਕਲਾਸ ਦੇ ਐੱਸ ਪੀ ਸੀ ਵਿਦਿਆਰਥੀਆਂ ਦਾ ਸੈਮੀਨਾਰ ਲਗਾਇਆ ਗਿਆ । ਇਸ ਮੌਕੇ ਐੱਸ ਸੀ ਟੀ ਗੁਰਵਿੰਦਰ ਸਿੰਘ ਵੱਲੋਂ ਬੱਚਿਆਂ ਨੂੰ ਟਰੈਫਿਕ ਨਿਯਮਾਂ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ, ਸਿਹਤ ਸੰਭਾਲ ਅਤੇ ਸਾਫ ਸਫਾਈ ਸਬੰਧੀ ਜਾਗਰੂਕ ਕੀਤਾ ਅਤੇ 9 ਵੀ ਕਲਾਸ ਬੱਚਿਆਂ ਨੂੰ ਸੈਲਫ ਡਿਫੈਂਸ ਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਅਤੇ ਸਾਈਬਰ ਕਰਾਇਮ ਸੰਬੰਧੀ ਜਾਣਕਾਰੀ ਦਿੱਤੀ ਗਈ ਤੇ ਸਾਂਝ ਕੇਂਦਰ ਵੱਲੋਂ ਦਿੱਤੀਆਂ ਸੇਵਾਵਾਂ ਸਬੰਧੀ ਜਾਗਰੂਕ ਕੀਤਾ ਗਿਆ। ਐੱਸ ਪੀ ਸੀ ਟੀਚਰ ਮਨੋਜ ਕੁਮਾਰ ਤੇ ਸਕੂਲ ਦਾ ਹੋਰ ਸਟਾਫ ਹਾਜ਼ਰ ਸੀ ।

